ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,

Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਚੰਡੀਗੜ੍ਹ ਸੰਸਕਰਣ
CHANDIGARH EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes

ਤਪ, ਸੰਜਮ ਤੇ ਸਵੈ-ਅਨੁਸ਼ਾਸਨ ਹੀ ਮਨੁੱਖੀ ਜੀਵਨ ਦੀ ਸਭ ਤੋਂ ਵੱਡੀ ਪੂੰਜੀ : ਸੀਐਮ ਸੈਣੀ 03

ਸਾਲ 1, ਅੰਕ 362 Ph (Mohali Office) : 0160-2990739; (M) : +91-98156-16078 ਐਤਵਾਰ, 27 ਸਤੰਬਰ 2026 (11 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 8 ਮੁੱਲ :₹2

ਯੂਪੀ ਚੋਣਾਂ ਤੋਂ ਪਹਿਲਾਂ ਸਰਗਰਮੀਆਂ ਤੇਜ਼: ਸੀਐਮ ਯੋਗੀ ਨੇ ਪ੍ਰਧਾਨ ਮੰਤਰੀ ਮੋਦੀ ਨਾਲ ਮੁਲਾਕਾਤ ਕੀਤੀ

ਦੇਸ਼ ਪ੍ਰਦੇਸ਼ ਦਿੱਲੀ, 26 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ): ਅਗਲੇ ਸਾਲ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਉੱਤਰ ਪ੍ਰਦੇਸ਼ ਵਿੱਚ ਸਿਆਸੀ ਸਰਗਰਮੀਆਂ ਤੇਜ਼ ਹੋ ਗਈਆਂ ਹਨ। ਇਸ ਦੌਰਾਨ, ਯੂਪੀ ਦੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਸ਼ਨੀਵਾਰ ਨੂੰ ਦਿੱਲੀ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਉਨ੍ਹਾਂ ਦੀ ਸਰਕਾਰੀ ਰਿਹਾਇਸ਼ 'ਤੇ ਮੁਲਾਕਾਤ ਕੀਤੀ। ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਯੋਗੀ ਆਦਿਤਿਆਨਾਥ ਦਾ ਦਿੱਲੀ ਦੌਰਾ ਅਤੇ ਉੱਚ ਲੀਡਰਸ਼ਿਪ ਨਾਲ ਉਨ੍ਹਾਂ ਦੀ ਮੁਲਾਕਾਤ ਨੂੰ ਸਿਆਸੀ ਤੌਰ 'ਤੇ ਅਹਿਮ ਮੰਨਿਆ ਜਾ ਰਿਹਾ ਹੈ। ਆਪਣੇ ਦੌਰੇ ਦੌਰਾਨ, ਮੁੱਖ ਮੰਤਰੀ ਯੋਗੀ ਅੱਜ ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਵੀਨ ਨਾਲ ਵੀ ਮੁਲਾਕਾਤ ਕਰਨਗੇ।

ਸਿਆਸੀ ਹਲਕਿਆਂ ਵਿੱਚ, ਪ੍ਰਧਾਨ ਮੰਤਰੀ ਮੋਦੀ ਅਤੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਵਿਚਕਾਰ ਹੋਈ ਮੁਲਾਕਾਤ ਨੂੰ ਆਗਾਮੀ ਚੋਣਾਂ ਦੀਆਂ ਤਿਆਰੀਆਂ ਅਤੇ ਪਾਰਟੀ ਦੀ ਰਣਨੀਤੀ ਦੇ ਨਜ਼ਰੀਏ ਤੋਂ ਦੇਖਿਆ ਜਾ ਰਿਹਾ ਹੈ। ਯੋਗੀ ਆਦਿਤਿਆਨਾਥ ਦੇ ਦਿੱਲੀ ਦੌਰੇ ਨੇ ਉੱਤਰ ਪ੍ਰਦੇਸ਼ ਦੀ ਸਿਆਸਤ ਵਿੱਚ ਕਈ ਤਰ੍ਹਾਂ ਦੀਆਂ ਚਰਚਾਵਾਂ ਨੂੰ ਵੀ ਜਨਮ ਦਿੱਤਾ ਹੈ। ਉੱਚ ਲੀਡਰਸ਼ਿਪ ਨਾਲ ਉਨ੍ਹਾਂ ਦੀ ਮੁਲਾਕਾਤ ਨੂੰ ਲੈ ਕੇ ਵੱਖ-ਵੱਖ ਸਿਆਸੀ ਕਿਆਸਅਰਾਈਆਂ ਲਗਾਈਆਂ ਜਾ ਰਹੀਆਂ ਹਨ, ਹਾਲਾਂਕਿ ਮੁਲਾਕਾਤ ਦੇ ਏਜੰਡੇ ਬਾਰੇ ਕੋਈ ਵਿਸਤ੍ਰਿਤ ਜਾਣਕਾਰੀ ਜਨਤਕ ਨਹੀਂ ਕੀਤੀ ਗਈ ਹੈ।

ਚੋਣ ਤਿਆਰੀਆਂ 'ਤੇ ਚਰਚਾ: ਮੁੱਖ ਮੰਤਰੀ ਯੋਗੀ ਆਦਿਤਿਆਨਾਥ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਚਕਾਰ ਹੋਈ ਮੁਲਾਕਾਤ ਵਿੱਚ ਸੰਭਾਵਤ ਤੌਰ 'ਤੇ 2027 ਦੀਆਂ ਉੱਤਰ ਪ੍ਰਦੇਸ਼ ਵਿਧਾਨ ਸਭਾ ਚੋਣਾਂ ਲਈ ਮੁੱਢਲੀ ਰਣਨੀਤੀ ਤਿਆਰ ਕਰਨ ਅਤੇ ਸੂਬੇ ਵਿੱਚ ਚੱਲ ਰਹੀਆਂ ਜਨ-ਭਲਾਈ ਸਕੀਮਾਂ ਦੀ ਸਮੀਖਿਆ ਕਰਨ 'ਤੇ ਧਿਆਨ ਕੇਂਦਰਿਤ ਕੀਤਾ ਗਿਆ।

ਲੀਡਰਸ਼ਿਪ ਦੀ ਸਥਿਤੀ: ਹਾਲ ਹੀ ਵਿੱਚ, ਯੂਪੀ ਦੇ ਉਪ ਮੁੱਖ ਮੰਤਰੀ ਕੇਸ਼ਵ ਪ੍ਰਸਾਦ ਮੌਰਿਆ ਨੇ ਸੂਬੇ ਦਾ ਮੁੱਖ ਮੰਤਰੀ ਬਣਨ ਦੀ ਆਪਣੀ ਇੱਛਾ ਬਾਰੇ ਬਿਆਨ ਦਿੱਤਾ ਸੀ। ਮੌਰਿਆ ਨੇ ਕਿਹਾ ਕਿ ਹਾਲਾਂਕਿ ਹਰ ਕਿਸੇ ਦੀਆਂ ਨਿੱਜੀ ਇੱਛਾਵਾਂ ਹੁੰਦੀਆਂ ਹਨ, ਪਰ ਉਹ ਇੱਕ ਪਾਰਟੀ ਵਰਕਰ ਹਨ ਅਤੇ ਉੱਚ ਲੀਡਰਸ਼ਿਪ ਵੱਲੋਂ ਜਾਰੀ ਕੀਤੇ ਗਏ ਨਿਰਦੇਸ਼ਾਂ ਅਨੁਸਾਰ ਹੀ ਕੰਮ ਕਰਨਗੇ। ਹਾਲਾਂਕਿ, ਸਿਆਸੀ ਹਲਕਿਆਂ ਵਿੱਚ ਇਹ ਚਰਚਾ ਜ਼ੋਰਾਂ 'ਤੇ ਹੈ ਕਿ ਆਗਾਮੀ 2027 ਦੀਆਂ ਵਿਧਾਨ ਸਭਾ ਚੋਣਾਂ ਯੋਗੀ ਆਦਿਤਿਆਨਾਥ ਦੀ ਅਗਵਾਈ ਹੇਠ ਲੜੀਆਂ ਜਾਣਗੀਆਂ।

ਸੰਗਠਨਾਤਮਕ ਮੀਟਿੰਗਾਂ: ਪ੍ਰਧਾਨ ਮੰਤਰੀ ਨਾਲ ਮੁਲਾਕਾਤ ਤੋਂ ਬਾਅਦ, ਮੁੱਖ ਮੰਤਰੀ ਆਦਿਤਿਆਨਾਥ ਵੱਲੋਂ ਜ਼ਮੀਨੀ ਪੱਧਰ 'ਤੇ ਚੋਣ ਪ੍ਰਚਾਰ ਬਾਕੀ ਸਫ਼ਾ 7 'ਤੇ

ਗਿਆਨੇਸ਼ ਕੁਮਾਰ ਵਿਰੁੱਧ ਰੈਲੀ ਦੀਆਂ ਤਿਆਰੀਆਂ

'ਇੰਡੀਆ' ਗਠਜੋੜ ਦੀ ਮੀਟਿੰਗ 30 ਸਤੰਬਰ ਨੂੰ ਹੋਣ ਦੀ ਸੰਭਾਵਨਾ

ਦੇਸ਼ ਪ੍ਰਦੇਸ਼ ਦਿੱਲੀ, 26 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ): ਵਿਰੋਧੀ ਧਿਰ ਦੇ 'ਇੰਡੀਆ' ਗਠਜੋੜ ਨਾਲ ਸਬੰਧਤ ਕਈ ਪਾਰਟੀਆਂ ਦੀ 30 ਸਤੰਬਰ ਨੂੰ ਨਵੀਂ ਦਿੱਲੀ ਵਿੱਚ ਮੀਟਿੰਗ ਹੋਣ ਦੀ ਸੰਭਾਵਨਾ ਹੈ। ਸੂਤਰਾਂ ਅਨੁਸਾਰ, ਇਸ ਮੀਟਿੰਗ ਵਿੱਚ ਚੋਣ ਕਮਿਸ਼ਨ ਅਤੇ ਵੋਟਰ ਸੂਚੀਆਂ ਦੀ 'ਵਿਸ਼ੇਸ਼ ਸਘਨ ਸੋਧ' ਪ੍ਰਕਿਰਿਆ ਨਾਲ ਜੁੜੇ ਮੁੱਦਿਆਂ ਸਮੇਤ ਕਈ ਵਿਸ਼ਿਆਂ 'ਤੇ ਚਰਚਾ ਹੋਣ ਦੀ ਉਮੀਦ ਹੈ। ਇਹ ਪ੍ਰਸਤਾਵਿਤ ਮੀਟਿੰਗ ਵਿਰੋਧੀ ਪਾਰਟੀਆਂ ਵਿਚਕਾਰ ਵਧੇ ਹੋਏ ਤਾਲਮੇਲ ਦੇ ਨਤੀਜੇ ਵਜੋਂ ਹੋ ਰਹੀ ਹੈ, ਖਾਸਕਰ ਉਦੋਂ ਜਦੋਂ ਚੋਣ ਕਮਿਸ਼ਨ ਦੇ ਅੰਦਰ ਐਸਆਈਆਰ ਪ੍ਰਕਿਰਿਆ ਦੇ ਕੁਝ ਪਹਿਲੂਆਂ ਨੂੰ ਲੈ ਕੇ ਅੰਦਰੂਨੀ ਮਤਭੇਦਾਂ ਦੀਆਂ ਖਬਰਾਂ ਸਾਹਮਣੇ ਆਈਆਂ ਹਨ। ਸੂਤਰਾਂ ਦਾ ਕਹਿਣਾ ਹੈ ਕਿ ਪਾਰਟੀਆਂ ਆਪਸ ਵਿੱਚ ਸੰਪਰਕ ਵਿੱਚ ਹਨ ਅਤੇ ਇਸ ਮਾਮਲੇ 'ਤੇ ਸਾਂਝੀ ਪ੍ਰਤੀਕਿਰਿਆ ਤਿਆਰ ਕਰਨ ਬਾਰੇ ਵਿਚਾਰ-ਵਟਾਂਦਰਾ ਕਰ ਰਹੀਆਂ ਹਨ। ਸੀਪੀਆਈ(ਐਮ), ਸੀਪੀਆਈ ਅਤੇ ਸੀਪੀਆਈ(ਐਮਐਲ) ਲਿਬਰੇਸ਼ਨ ਨੇ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਹਟਾਉਣ ਅਤੇ ਐਸਆਈਆਰ ਪ੍ਰਕਿਰਿਆ ਨੂੰ ਤੁਰੰਤ ਰੋਕਣ ਦੀ ਮੰਗ ਕੀਤੀ ਹੈ। ਕਾਂਗਰਸ ਨੇ ਵੀ ਗਿਆਨੇਸ਼ ਕੁਮਾਰ ਦੀ ਆਲੋਚਨਾ ਤੇਜ਼ ਕਰ ਦਿੱਤੀ ਹੈ; ਇਸ ਮੁੱਦੇ 'ਤੇ ਪਾਰਟੀ ਦੀ ਰਣਨੀਤੀ ਬਾਰੇ ਚਰਚਾ ਕਰਨ ਲਈ 29 ਸਤੰਬਰ ਨੂੰ ਕਾਂਗਰਸ ਵਰਕਿੰਗ ਕਮੇਟੀ ਦੀ ਮੀਟਿੰਗ ਬੁਲਾਈ ਗਈ ਹੈ। ਇਨ੍ਹਾਂ ਘਟਨਾਕ੍ਰਮਾਂ ਦੌਰਾਨ, ਪੱਛਮੀ ਬੰਗਾਲ ਦੀ ਰਾਜਨੀਤੀ ਵਿੱਚ ਵਿਰੋਧੀ ਧਿਰਾਂ ਰਹੀਆਂ ਤ੍ਰਿਣਮੂਲ ਕਾਂਗਰਸ ਅਤੇ ਸੀਪੀਆਈ(ਐਮ) ਚੋਣ ਕਮਿਸ਼ਨ ਨਾਲ ਜੁੜੇ ਮੁੱਦੇ 'ਤੇ ਇੱਕੋ ਪੱਖ 'ਤੇ ਖੜ੍ਹੀਆਂ ਨਜ਼ਰ ਆ ਰਹੀਆਂ ਹਨ। ਸੀਪੀਆਈ(ਐਮ) ਦੇ ਜਨਰਲ ਸਕੱਤਰ ਐਮ.ਏ. ਬੇਬੀ ਨੇ 'ਇੰਡੀਆ' ਗਠਜੋੜ ਅਤੇ ਹੋਰ ਵਿਰੋਧੀ ਪਾਰਟੀਆਂ ਦੇ ਨੇਤਾਵਾਂ ਨੂੰ ਪੱਤਰ ਲਿਖ ਕੇ ਮੌਜੂਦਾ ਸਥਿਤੀ 'ਤੇ ਚਰਚਾ ਕਰਨ ਲਈ ਮੀਟਿੰਗ ਦੀ ਮੰਗ ਕੀਤੀ ਸੀ। ਇਸ ਤੋਂ ਬਾਅਦ ਉਨ੍ਹਾਂ ਨੇ ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨਾਲ ਗੱਲਬਾਤ ਕੀਤੀ, ਜਿਨ੍ਹਾਂ ਨੇ ਸਾਂਝੇ ਤੌਰ 'ਤੇ ਕਾਰਵਾਈ ਕਰਨ ਦੀ ਲੋੜ ਨੂੰ ਸਵੀਕਾਰ ਕੀਤਾ। ਵਿਰੋਧੀ ਪਾਰਟੀਆਂ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਹਟਾਉਣ ਲਈ ਇੱਕ ਨਵਾਂ ਪ੍ਰਸਤਾਵ ਤਿਆਰ ਕਰਨ 'ਤੇ ਵੀ ਕੰਮ ਕਰ ਰਹੀਆਂ ਹਨ। ਕਾਨੂੰਨੀ ਮਾਹਰਾਂ ਦੁਆਰਾ ਜਾਂਚ-ਪੜਤਾਲ ਤੋਂ ਬਾਅਦ ਇਸ ਪ੍ਰਸਤਾਵ ਨੂੰ ਸੰਸਦ ਦੇ ਦੋਵਾਂ ਸਦਨਾਂ ਵਿੱਚ ਪੇਸ਼ ਕੀਤੇ ਜਾਣ ਦੀ ਸੰਭਾਵਨਾ ਹੈ। ਇਹ ਵਿਰੋਧੀ ਧਿਰ ਵੱਲੋਂ ਅਜਿਹੀ ਤੀਜੀ ਕੋਸ਼ਿਸ਼ ਹੋਵੇਗੀ। ਵਿਰੋਧੀ ਪਾਰਟੀਆਂ ਦੀ ਇਹ ਸਰਗਰਮੀ 'ਦਿ ਇੰਡੀਅਨ ਐਕਸਪ੍ਰੈਸ' ਦੀ ਇੱਕ ਰਿਪੋਰਟ ਤੋਂ ਬਾਅਦ ਤੇਜ਼ ਹੋਈ ਹੈ, ਜਿਸ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਚੋਣ ਕਮਿਸ਼ਨਰ ਸੁਖਬੀਰ ਸਿੰਘ ਸੰਧੂ ਅਤੇ ਵਿਵੇਕ ਜੋਸ਼ੀ ਨੇ ਐਸਆਈਆਰ ਨਾਲ ਸਬੰਧਤ ਫੈਸਲਿਆਂ ਅਤੇ ਹੁਕਮਾਂ 'ਤੇ ਕਈ ਵਾਰ ਇਤਰਾਜ਼ ਜਤਾਏ ਸਨ। ਚੋਣ ਕਮਿਸ਼ਨ ਨੇ ਕਿਹਾ ਹੈ ਕਿ ਬਹੁ-ਮੈਂਬਰੀ ਸੰਸਥਾ ਦੇ ਅੰਦਰ ਵੱਖੋ-ਵੱਖਰੇ ਵਿਚਾਰਾਂ ਅਤੇ ਟਿੱਪਣੀਆਂ ਦਾ ਸਾਹਮਣਾ ਆਉਣਾ ਇੱਕ ਆਮ ਸੰਸਥਾਗਤ ਪ੍ਰਕਿਰਿਆ ਦਾ ਹਿੱਸਾ ਹੈ। ਕਮਿਸ਼ਨ ਨੇ ਇਹ ਵੀ ਜ਼ੋਰ ਇਸ ਤੋਂ ਪਹਿਲਾਂ, 23 ਸਿਆਸੀ ਪਾਰਟੀਆਂ ਅਤੇ ਇੱਕ ਆਜ਼ਾਦ ਸੰਸਦ ਮੈਂਬਰ ਨੇ ਐਸਆਈਆਰ ਪ੍ਰਕਿਰਿਆ ਅਤੇ ਚੋਣਾਂ ਨਾਲ ਸਬੰਧਤ ਹੋਰ ਮੁੱਦਿਆਂ ਬਾਰੇ ਭਾਰਤ ਦੇ ਚੀਫ਼ ਜਸਟਿਸ ਨਾਲ ਸਮੂਹਿਕ ਤੌਰ 'ਤੇ ਸੰਪਰਕ ਕੀਤਾ ਸੀ।

ਛਪਾਰ ਦੇ ਇਤਿਹਾਸਕ ਮੇਲੇ 'ਚ 'ਵਾਰਿਸ ਪੰਜਾਬ ਦੇ ਅਕਾਲੀ ਦਲ' ਦੀ ਪਹਿਲੀ ਵਿਸ਼ਾਲ ਕਾਨਫਰੰਸ

ਹਲਕਾ ਅਮਰਗੜ੍ਹ ਤੋਂ ਇਕਬਾਲ ਸਿੰਘ ਝੂੰਦਾਂ ਦੀ ਅਗਵਾਈ ਹੇਠ ਉੱਠਿਆ ਜਨ-ਸੈਲਾਬ

ਦੇਸ਼ ਪ੍ਰਦੇਸ਼ ਅਹਿਮਦਗੜ੍ਹ / ਛਪਾਰ, 26 ਸਤੰਬਰ (ਕਮਲ ਅਰੋੜਾ): ਮਾਲਵਾ ਖਿੱਤੇ ਦੇ ਪ੍ਰਸਿੱਧ ਅਤੇ ਇਤਿਹਾਸਕ ਮੇਲੇ ਛਪਾਰ ਵਿਖੇ ਪੰਜਾਬ ਦੀ ਰਾਜਨੀਤੀ ਵਿੱਚ ਤੇਜ਼ੀ ਨਾਲ ਉੱਭਰ ਕੇ ਸਾਹਮਣੇ ਆ ਰਹੀ ਨਵੀਂ ਰਾਜਸੀ ਧਿਰ 'ਵਾਰਿਸ ਪੰਜਾਬ ਦੇ ਅਕਾਲੀ ਦਲ' ਵੱਲੋਂ ਇੱਕ ਵਿਸ਼ਾਲ ਅਤੇ ਇਤਿਹਾਸਕ ਪਲੇਠੀ ਕਾਨਫਰੰਸ ਦਾ ਆਯੋਜਨ ਕੀਤਾ ਗਿਆ। ਇਸ ਕਾਨਫਰੰਸ ਨੂੰ ਸਫ਼ਲ ਬਣਾਉਣ ਲਈ ਹਲਕਾ ਅਮਰਗੜ੍ਹ ਦੇ ਇੰਚਾਰਜ ਅਤੇ ਸਾਬਕਾ ਵਿਧਾਇਕ ਸ੍ਰ. ਇਕਬਾਲ ਸਿੰਘ ਝੂੰਦਾਂ ਦੀ ਯੋਗ ਤੇ ਪ੍ਰਭਾਵਸ਼ਾਲੀ ਅਗਵਾਈ ਹੇਠ ਅਹਿਮਦਗੜ੍ਹ ਦੀ ਦਾਣਾ ਮੰਡੀ ਤੋਂ ਕਾਫ਼ਲਿਆਂ ਦੇ ਰੂਪ ਵਿੱਚ ਇੱਕ ਵਿਸ਼ਾਲ ਜੱਥਾ ਛਪਾਰ ਲਈ ਰਵਾਨਾ ਹੋਇਆ। ਇਸ ਰਵਾਨਗੀ ਸਮੇਂ ਇਲਾਕੇ ਭਰ ਦੇ ਲੋਕਾਂ, ਖ਼ਾਸ ਕਰਕੇ ਨੌਜਵਾਨਾਂ ਵਿੱਚ ਅਭੂਤਪੂਰਵ ਉਤਸ਼ਾਹ ਦੇਖਣ ਨੂੰ ਮਿਲਿਆ। ਹਲਕਾ ਅਮਰਗੜ੍ਹ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਵਰਕਰਾਂ ਨੇ ਸ਼ਮੂਲੀਅਤ ਕਰਕੇ 'ਵਾਰਿਸ ਪੰਜਾਬ ਦੇ ਅਕਾਲੀ ਦਲ' ਦੀਆਂ ਨੀਤੀਆਂ ਵਿੱਚ ਆਪਣਾ ਪੂਰਨ ਵਿਸ਼ਵਾਸ ਪ੍ਰਗਟਾਇਆ। ਰਵਾਨਗੀ ਸਮੇਂ ਪੱਤਰਕਾਰਾਂ ਨਾਲ ਰੂ-ਬ-ਰੂ ਹੁੰਦਿਆਂ ਸ੍ਰ. ਇਕਬਾਲ ਸਿੰਘ ਝੂੰਦਾਂ ਨੇ ਮੌਜੂਦਾ ਰਾਜਨੀਤਿਕ ਹਾਲਾਤਾਂ 'ਤੇ ਤਿੱਖੇ ਹਮਲੇ ਕੀਤੇ। ਉਨ੍ਹਾਂ ਕਿਹਾ, 'ਹੁਣ ਤੱਕ ਪੰਜਾਬ ਵਿੱਚ ਰਾਜ ਕਰਨ ਵਾਲੀਆਂ ਸਾਰੀਆਂ ਹੀ ਪਰੰਪਰਾਗਤ ਪਾਰਟੀਆਂ ਨੇ ਪੰਜਾਬ ਦੇ ਸਰਮਾਏ ਅਤੇ ਹੱਕਾਂ ਨੂੰ ਬਾਕੀ ਸਫ਼ਾ 7 'ਤੇ

ਪੰਥਕ ਕਾਨਫਰੰਸ ਦੇ ਨਾਮ ਰਿਹਾ ਛਪਾਰ ਮੇਲਾ, ਮਾਲਵੇ ਦੀ ਧਰਤੀ ਤੇ ਉਮੜਿਆ ਜਨ ਸੈਲਾਬ

ਨਾ ਗੁਜਰਾਤ, ਨਾ ਦਿੱਲੀ ਮਾਡਲ, ਅਸੀ ਦੇਵਾਂਗੇ ਮਹਾਰਾਜਾ ਰਣਜੀਤ ਸਿੰਘ ਵਾਲਾ ਪੰਜਾਬ ਮਾਡਲ : ਮਨਪ੍ਰੀਤ ਸਿੰਘ ਇਆਲੀ

ਦੇਸ਼ ਪ੍ਰਦੇਸ਼ ਜਗਰਾਉਂ, 26 ਸਤੰਬਰ (ਜਗਦੀਪ ਸਿੰਘ): ਛਪਾਰ ਦੇ ਇਤਿਹਾਸਿਕ ਮੇਲੇ ਮੌਕੇ ਅਕਾਲੀ ਦਲ 'ਵਾਰਿਸ ਪੰਜਾਬ ਦੇ' ਵਲੋਂ ਕੀਤੀ ਗਈ ਪੰਥਕ ਕਾਨਫਰੰਸ ਦੌਰਾਨ ਹੋਏ ਬੇਮਿਸਾਲ ਠਾਠਾਂ ਮਾਰਦੇ ਇਕੱਠ ਨੇ ਪੰਥ ਅਤੇ ਪੰਜਾਬ ਦੀ ਰਾਜਨੀਤੀ ਨੂੰ ਨਵੇਂ ਸਿਰੇ ਤੇ ਖੜ੍ਹਾ ਕਰ ਦਿੱਤਾ ਹੈ। ਪਹਿਲੀ ਵਾਰ ਮਾਲਵੇ ਦੀ ਧਰਤੀ ਤੇ ਹੋਏ ਵੱਡੇ ਪੰਥਕ ਇਕੱਠ ਨੇ ਸਾਬਿਤ ਕਰ ਦਿੱਤਾ ਹੈ ਕਿ ਪੰਜਾਬ ਦੀ ਸੰਗਤ ਭਰੋਸੇਮੰਦ, ਜਵਾਬਦੇਹ ਲੀਡਰਸ਼ਿਪ ਤੇ ਵਿਸ਼ਵਾਸ ਪ੍ਰਗਟ ਕਰਦੀ ਹੈ। ਪੰਥਕ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਅਕਾਲੀ ਦਲ 'ਵਾਰਿਸ ਪੰਜਾਬ ਦੇ' ਦੇ ਕਾਰਜਕਾਰੀ ਪ੍ਰਧਾਨ ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਪੰਜਾਬ ਨੂੰ ਅਜਿਹੀ ਸਿਆਸਤ ਦੀ ਲੋੜ ਹੈ ਜੋ ਸਿਰਫ਼ ਸੱਤਾ ਹਾਸਲ ਕਰਨ ਤੱਕ ਸੀਮਤ ਨਾ ਹੋਵੇ, ਸਗੋਂ ਪੰਜਾਬ, ਪੰਜਾਬੀਆਂ ਅਤੇ ਸੰਗਤ ਦੇ ਹਿੱਤਾਂ ਨੂੰ ਆਪਣੀ ਸਿਆਸਤ ਦਾ ਕੇਂਦਰ ਬਣਾਏ। ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਗੁਰੂ ਸਾਹਿਬਾਨ ਦੇ ਫਲਸਫੇ ਤੋਂ ਸੇਧ ਲੈਂਦਿਆਂ ਅਜਿਹੀ ਲੋਕ-ਕੇਂਦਰਿਤ ਸਿਆਸਤ ਖੜ੍ਹੀ ਕਰਨ ਦੀ ਲੋੜ ਹੈ, ਜਿਸ ਵਿੱਚ ਬਰਾਬਰੀ, ਇਨਸਾਫ਼, ਸੇਵਾ ਅਤੇ ਲੋਕ-ਭਲਾਈ ਨੂੰ ਪਹਿਲ ਦਿੱਤੀ ਜਾਵੇ। "ਨਾ ਗੁਜਰਾਤ ਮਾਡਲ, ਨਾ ਦਿੱਲੀ ਮਾਡਲ, ਪੰਜਾਬ ਦਾ ਆਪਣਾ ਮਾਡਲ ਮਹਾਰਾਜਾ ਰਣਜੀਤ ਸਿੰਘ ਵਾਲਾ ਮਾਡਲ ਹੈ।"ਇਹ ਪ੍ਰਗਟਾਵਾ ਅਕਾਲੀ ਦਲ 'ਵਾਰਿਸ ਪੰਜਾਬ ਦੇ' ਦੇ ਸੀਨੀਅਰ ਆਗੂ ਅਤੇ ਦਾਖਾ ਤੋਂ ਵਿਧਾਇਕ ਮਨਪ੍ਰੀਤ ਸਿੰਘ ਇਆਲੀ ਨੇ ਇਤਿਹਾਸਕ ਛਪਾਰ ਮੇਲੇ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਵੱਲੋਂ ਕਰਵਾਈ ਪੰਥਕ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੀਤਾ। ਇਯਾਲੀ ਨੇ ਕਿਹਾ ਕਿ ਪੰਜਾਬ ਦੇ ਵਿਕਾਸ ਲਈ ਦਿੱਲੀ ਜਾਂ ਗੁਜਰਾਤ ਦੇ ਮਾਡਲਾਂ ਦੀ ਨਹੀਂ, ਸਗੋਂ ਪੰਜਾਬ ਕੋਲ ਆਪਣੀ ਇਤਿਹਾਸਕ, ਸਮਾਜਿਕ ਅਤੇ ਆਰਥਿਕ ਹਕੀਕਤ ਦੇ ਅਨੁਕੂਲ ਵਿਕਾਸ ਮਾਡਲ ਤਿਆਰ ਕਰਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਮਹਾਰਾਜਾ ਰਣਜੀਤ ਸਿੰਘ ਦੇ ਰਾਜ ਤੋਂ ਸੇਧ ਲੈਂਦਿਆਂ ਅਜਿਹਾ ਮਾਡਲ ਤਿਆਰ ਕੀਤਾ ਜਾਣਾ ਚਾਹੀਦਾ ਹੈ, ਜਿਸ ਵਿੱਚ ਇਨਸਾਫ਼, ਲੋਕ- ਬਾਕੀ ਸਫ਼ਾ 7 'ਤੇ

ਵਾਰਿਸ ਪੰਜਾਬ ਦੇ ਅਕਾਲੀ ਦਲ ਦੀ ਸਰਕਾਰ ਵਿੱਚ ਹਿੰਦੂ ਚੇਹਰਾ ਹੋਵੇਗਾ ਉਪ ਸੀਐਮ

ਮੇਲੇ ਛਪਾਰ ਵਿੱਖੇ ਵਾਰਿਸ ਪੰਜਾਬ ਦੀ ਕਾਨਫਰੰਸ ਤੇ ਬਾਪੂ ਤਰਸੇਮ ਸਿੰਘ ਨੇ ਕੀਤਾ ਵੱਡਾ ਐਲਾਨ

ਅਹਿਮਦਗੜ੍ਹ / ਛਪਾਰ, 26 ਸਤੰਬਰ (ਕਮਲ ਅਰੋੜਾ): ਮਾਲਵਾ ਦੇ ਪ੍ਰਸਿੱਧ ਅਤੇ ਇਤਿਹਾਸਕ ਮੇਲੇ ਛਪਾਰ ਵਿਖੇ ਪੰਜਾਬ ਦੀ ਰਾਜਨੀਤੀ ਵਿੱਚ ਤੇਜ਼ੀ ਨਾਲ ਉੱਭਰ ਕੇ ਸਾਹਮਣੇ ਆ ਰਹੀ ਨਵੀਂ ਰਾਜਸੀ ਧਿਰ 'ਵਾਰਿਸ ਪੰਜਾਬ ਦੇ ਅਕਾਲੀ ਦਲ' ਵੱਲੋਂ ਇੱਕ ਵਿਸ਼ਾਲ ਅਤੇ ਇਤਿਹਾਸਕ ਪਲੇਠੀ ਕਾਨਫਰੰਸ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਉਚੇਚੇ ਤੌਰ ਤੇ ਭਾਈ ਅੰਮ੍ਰਿਤ ਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ ਤੋਂ ਇਲਾਵਾ ਹਲਕਾ ਦਾਖਾ ਤੋਂ ਵਿਧਾਇਕ ਮਨਪ੍ਰੀਤ ਅਯਾਲੀ ਤੇ ਸਾਬਕਾ ਵਿਧਾਇਕ ਇਕਬਾਲ ਸਿੰਘ ਝੂੰਦਾਂ ਪੁੱਜੇ ਉਹਨਾਂ ਆਪਣੇ ਭਾਸ਼ਣ ਬਾਕੀ ਸਫ਼ਾ 7 'ਤੇ

ਬੀਬਾ ਰਾਜਵੰਤ ਕੌਰ ਦੀ ਅਗਵਾਈ ਹੇਠ ਵੱਡੇ ਕਾਫਲੇ ਨੇ ਅਕਾਲੀ ਦਲ ਵਾਰਿਸ ਪੰਜਾਬ ਦੀ ਛਪਾਰ ਰੈਲੀ 'ਚ ਕੀਤੀ ਸ਼ਮੂਲੀਅਤ

ਹਰਸਿਮਰਤ ਕੌਰ ਬਾਦਲ ਨੇ ਪੰਜਾਬ ਦੀਆਂ ਮਹਿਲਾਵਾਂ ਨੂੰ ਸਰਕਾਰ ਭਜਾਉਣ ਦਾ ਦਿੱਤਾ ਸੱਦਾ

ਨਾਭਾ, 26 ਸਤੰਬਰ (ਰਾਕੇਸ਼ ਜਿੰਦਲ ਸ਼ੁਭਮ ਜਿੰਦਲ): ਲੋਕ ਸਭਾ ਮੈਂਬਰ ਬੀਬਾ ਹਰਸਿਮਰਤ ਕੌਰ ਬਾਦਲ ਵੱਲੋਂ ਅੱਜ ਨਾਭਾ ਦੇ ਵਿਸ਼ਕਰਮਾ ਭਵਨ ਵਿਖੇ ਦੀ ਮਾਵਾਂ ਧੀਆਂ ਨੂੰ ਇਨਸਾਫ ਦਵਾਓ ਸਮਾਗਮ ਵਿੱਚ ਹਿੱਸਾ ਲਿਆ ਜਿਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਮਹਿਲਾਵਾਂ ਪਹੁੰਚੀਆਂ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਦੀ ਅਗਵਾਈ ਹੇਠ ਕਰਵਾਏ ਗਏ ਇਸ ਸਮਾਗਮ ਵਿੱਚ ਮਹਿਲਾਵਾਂ ਨੂੰ ਸੱਦਾ ਦਿੱਤਾ ਗਿਆ ਕਿ ਪੰਜਾਬ ਨੂੰ ਬਚਾਉਣ ਲਈ ਇਸ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਚਲਦਾ ਕਰੋ। ਇਸ ਮੌਕੇ ਹਰਸਿਮਰਤ ਕੌਰ ਬਾਦਲ ਨੇ ਪੰਜਾਬ ਬਚਾਓ ਲਈ ਆਪਣੀ ਹੱਥਾਂ ਦੇ ਨਿਸ਼ਾਨ ਰਾਹੀ ਪੰਜਾਬ ਦੀ ਮਹਿਲਾਵਾਂ ਨੂੰ ਸੱਦਾ ਦਿੱਤਾ ਕਿ ਇੱਕਜੁੱਟਤਾ ਦੇ ਨਾਲ ਮਹਿਲਾਵਾਂ ਨੂੰ ਇਕੱਠੇ ਹੋ ਕੇ ਨਸ਼ਿਆਂ ਦੀ ਦਲਦਲ ਵਿੱਚੋਂ ਪੰਜਾਬ ਨੂੰ ਬਚਾਓ। ਇਸ ਮੌਕੇ ਬਹੁਤ ਸਾਰੇ ਅਜਿਹੇ ਪਰਿਵਾਰ ਅਤੇ ਮਹਿਲਾਵਾਂ ਨਾਲ ਹਰਸਿਮਰਤ ਕੌਰ ਬਾਦਲ ਨੇ ਮੁਲਾਕਾਤ ਕੀਤੀ ਜਿਨਾਂ ਦੇ ਪਰਿਵਾਰਿਕ ਮੈਂਬਰ ਨਸ਼ਿਆਂ ਕਰਕੇ ਜ਼ਿੰਦਗੀ ਖੋ ਚੁੱਕੇ ਹਨ ਕੁਝ ਦਿਨ ਪਹਿਲਾਂ ਕੁਝ ਨਸ਼ੇੜੀ ਲੁਟੇਰਿਆਂ ਵੱਲੋਂ ਨਾਭਾ ਦੇ ਪਿੰਡ ਬੋੜਾ ਕਲਾ ਦੀ ਚਾਰ ਸਾਲ ਦੀ ਮਾਸੂਮ ਬੱਚੀ ਦੇ ਗੱਲ ਦੇ ਉੱਪਰ ਹਮਲਾ ਹਮਲਾ ਕੀਤਾ ਗਿਆ ਸੀ ਜਿਸ ਪਰਿਵਾਰ ਨੂੰ ਵੀ ਹਰਸਿਮਰਤ ਕੌਰ ਬਾਦਲ ਨੇ ਮਿਲ ਕੇ ਇਨਸਾਫ ਦਵਾਉਣ ਲਈ ਸਰਕਾਰ ਦੀ ਆਲੋਚਨਾ ਕੀਤੀ। ਹਰਸਿਮਰਤ ਕੌਰ ਬਾਦਲ ਨੂੰ ਦੇ ਨਾਲ ਮੁਲਾਕਾਤ ਕਰਨ ਲਈ ਮਹਿਲਾਵਾਂ ਵਿੱਚ ਕਾਫੀ ਉਤਸਾਹ ਨਜ਼ਰ ਆਇਆ ਸਮਾਗਮ ਲਈ ਰੱਖੀ ਗਈ ਥਾਂ ਮਹਿਲਾਵਾਂ ਦੀ ਗਿਣਤੀ ਸਾਹਮਣੇ ਬਹੁਤ ਘੱਟ ਨਜ਼ਰ ਆਈ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਬੀਬਾ ਹਰਸਿਮਰਤ ਕੌਰ ਬਾਦਲ ਨੇ ਕਿਹਾ ਕਿ ਅੱਜ ਪੰਜਾਬ ਨੂੰ ਲੋੜ ਹੈ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਸੱਤਾ ਤੋਂ ਚਲਦੇ ਕਰਨ ਦੀ ਕਿਉਂਕਿ ਪੰਜਾਬ ਵਿੱਚ ਨਸ਼ਾ ਵਧ ਗਿਆ ਹੈ ਉਹਨਾਂ ਵੱਲੋਂ ਮਾਵਾਂ ਧੀਆਂ ਨੂੰ ਇਨਸਾਫ ਦਵਾਓ ਪੰਜਾਬ ਬਚਾਓ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ ਉਨਾਂ ਹਜ਼ਾਰ ਰੁਪਈਆ ਮਹਿਲਾਵਾਂ ਨੂੰ ਦੇਣ ਤੇ ਕਿਹਾ ਕਿ ਅੱਜ ਲੋੜ ਹੈ ਮਹਿਲਾਵਾਂ ਦੇ ਪਰਿਵਾਰਿਕ ਮੈਂਬਰਾਂ ਨੂੰ ਨਸ਼ਿਆਂ ਦੀ ਦਲਦਲ ਤੋਂ ਬਾਹਰ ਕੱਢਣ ਦੀ ਪੰਜਾਬ ਦੀ ਮਹਿਲਾਵਾਂ ਨੂੰ ਸਰਕਾਰ ਦੇ ਅਧੀਰਲੇ ਮਹੀਨਿਆਂ ਵਿੱਚ ਕੁਝ ਕੁ ਹਜ਼ਾਰ ਰੁਪਆ ਦੇ ਕੇ ਲਾਲਚ ਵਿੱਚ ਨਹੀਂ ਲਿਆ ਜਾ ਸਕਦਾ ਕਿਉਂਕਿ ਪੰਜਾਬ ਦੀ ਮਹਿਲਾਵਾਂ ਨੇ ਹੁਣ ਤੈਅ ਕਰ ਲਿਆ ਹੈ ਕਿ ਪੰਜਾਬ ਵਿੱਚੋਂ ਇਸ ਆਮ ਆਦਮੀ ਪਾਰਟੀ ਸਰਕਾਰ ਨੂੰ ਚਲਦਾ ਕੀਤਾ ਜਾਵੇ ਇਸ ਮੌਕੇ ਸਮਾਗਮ ਦੀ ਅਗਵਾਈ ਕਰ ਰਹੇ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਅਤੇ ਅਕਾਲੀ ਆਗੂਆਂ ਦਾ ਕਹਿਣਾ ਹੈ ਕਿ ਅੱਜ ਦੇ ਸਮਾਗਮ ਤੋਂ ਬਾਅਦ ਸਪਸ਼ਟ ਹੋ ਗਿਆ ਕਿ ਪੰਜਾਬ ਦੀ ਮਹਿਲਾਵਾਂ ਸ਼੍ਰੋਮਣੀ ਅਕਾਲੀ ਦਲ ਨੂੰ ਚਾਹੁੰਦੀਆਂ ਹਨ ਤੇ ਹਰਸਿਮਰਤ ਕੌਰ ਬਾਦਲ ਵੱਲੋਂ ਮਾਵਾਂ ਧੀਆਂ ਨੂੰ ਇਨਸਾਫ ਦਵਾਓ ਪੰਜਾਬ ਬਚਾਓ ਮੁਹਿੰਮ ਪੰਜਾਬ ਦੀ ਮਹਿਲਾਵਾਂ ਨੂੰ ਇਸ ਸਰਕਾਰ ਨੂੰ ਭਜਾਉਣ ਦਾ ਸੱਦਾ ਦਿੰਦੀਆਂ ਇਸ ਮੌਕੇ ਜਸਪਾਲ ਕੌਰ ਲਾਲਕਾ, ਸਿਮਰਨ ਕੌਰ ਲਾਲਕਾ, ਹਰਦੀਪ ਕੌਰ ਐਸ ਜੀ ਪੀ ਸੀ ਮੈਂਬਰ, ਬਲਤੇਜ ਖੋਖ, ਬੱਬਲੂ ਖੋਰਾ, ਜਰਨਲ ਕੌਂਸਲ ਮੈਂਬਰ ਜੱਸਾ ਖੋਖ, ਵਪਾਰ ਵਿੰਗ ਪ੍ਰਧਾਨ ਨਰੇਸ਼ ਗਰਗ, ਬਲਾਕ ਸੰਮਤੀ ਮੈਂਬਰ ਸੰਜੀਵ ਸ਼ਰਮਾ, ਵਰੁਣ ਜੈਨ, ਅਬਜਿੰਦਰ ਸਿੰਘ ਜੋਗੀ ਨਾਨੋਕੀ, ਰਵਿੰਦਰ ਸ਼ਰਮਾ ਸਾਬਕਾ ਟਰੱਕ ਯੂਨੀਅਨ ਪ੍ਰਧਾਨ, ਬੱਬਲੂ ਚੋਹਾਨ, ਗੁਰਦੀਪ ਸਿੰਘ ਜਿੰਦਲ ਪੁਰ, ਬਹਾਦਰ ਸਿੰਘ, ਹਰਜੀਤ ਸਿੰਘ, ਹਰਚਰਨ ਸਿੰਘ, ਜਸਪਾਲ ਸਿੰਘ, ਸਾਹਿਬ ਸਿੰਘ, ਬਲਕਾਰ ਸਿੰਘ, ਜਗਰੂਪ ਸਿੰਘ, ਗੁਰਬੀਕਸ਼ ਨਰਨਾਣਾ ਆਦਿ ਵੀ ਹਾਜਰ ਸਨ

ਮਨਪ੍ਰੀਤ ਇਯਾਲੀ ਤੋਂ ਚੌਕਸ ਰਹਿਣ ਦੀ ਲੋੜ ਜੋ ਪੰਥਕ ਵੋਟਾਂ ਵੰਡਣ ਲਈ ਮੁੱਖ ਮੰਤਰੀ ਮਾਨ ਨਾਲ ਰਲ ਗਿਆ : ਬਾਦਲ

ਲੁਧਿਆਣਾ, 26 ਸਤੰਬਰ (ਵਰਿੰਦਰ): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਵਾਇਰਸ ਪੰਜਾਬ ਦੇ ਅਤੇ ਇਸਦੇ ਆਗੂ ਮਨਪ੍ਰੀਤ ਸਿੰਘ ਇਯਾਲੀ ਤੋਂ ਚੌਕਸ ਰਹਿਣ ਜੋ ਆਮ ਆਦਮੀ ਪਾਰਟੀ (ਆਪ) ਦੇ ਲਾਹੇ ਵਾਸਤੇ ਪੰਥਕ ਵੋਟਾਂ ਵੰਡਣ ਲਈ ਭਗਵੰਤ ਮਾਨ ਨਾਲ ਰਲ ਗਏ ਹਨ। ਅਕਾਲੀ ਦਲ ਦੇ ਪ੍ਰਧਾਨ ਸ. ਬਾਦਲ ਨੇ ਛਪਾਰ ਮੇਲੇ ਵਿਚ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਇਸ ਗੁਪਤ ਸੌਦੇਬਾਜ਼ੀ ਦਾ ਹੀ ਨਤੀਜਾ ਹੈ ਕਿ ਆਪ ਨੇ ਛਪਾਰ ਮੇਲੇ 'ਤੇ ਸਿਆਸੀ ਕਾਨਫਰੰਸ ਨਹੀਂ ਕੀਤੀ ਤੇ ਆਪਣੇ ਸਮਰਥਕ ÷ਵਾਇਰਸ ਪੰਜਾਬ ਦੇ÷ ਦੀ ਸਿਆਸੀ ਕਾਨਫਰੰਸ ਵਿਚ ਭੇਜ ਦਿੱਤੇ। ਉਹਨਾਂ ਕਿਹਾ ਕਿ ਇਸਦੇ ਬਾਵਜੂਦ ਵਾਇਰਸ ਪੰਜਾਬ ਦਾ ਇਕੱਠਾ ਅਕਾਲੀ ਦਲ ਨਾਲੋਂ ਅੱਧਾ ਵੀ ਨਹੀਂ ਸੀ। ਸਰਦਾਰ ਬਾਦਲ ਨੇ ਸਥਾਨਕ ਲੀਡਰਸ਼ਿਪ ਦੀ ਸ਼ਲਾਘਾ ਕੀਤੀ ਜਿਹਨਾਂ ਨੇ ਵਿਸ਼ਾਲ ਤੇ ਸਫਲ ਕਾਨਫਰੰਸ ਆਯੋਜਿਤ ਕੀਤੀ ਅਤੇ ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਉਂਦੀਆਂ ਵਿਧਾਨ ਸਭਾ ਚੋਣਾਂ ਵਿਚ ਦਾਖਾ ਹਲਕੇ ਤੋਂ ਜਸਕਰਨ ਸਿੰਘ ਦਿਓਲ ਨੂੰ ਚੁਣਨ। ਸਰਦਾਰ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਮਨਪ੍ਰੀਤ ਸਿੰਘ ਇਯਾਲੀ ਆਪਣੇ ਵਪਾਰ ਤੇ ਸਿਆਸੀ ਕੈਰੀਅਰ ਨੂੰ ਬਚਾਉਣ ਵਾਸਤੇ ਭਗਵੰਤ ਮਾਨ ਨਾਲ ਰਲਿਆ ਹੈ। ਉਹਨਾਂ ਕਿਹਾ ਕਿ ਇਯਾਲੀ ਨੇ ਅਵੈਤਾ ਗ੍ਰੀਨਜ਼ ਕਲੋਨੀ ਬਣਾਉਣ ਵਿਚ ਕਈ ਗੈਰ ਕਾਨੂੰਨੀ ਬੇਨਿਯਮੀਆਂ ਕੀਤੀਆਂ ਤੇ ਪਿਛਲੀ ਤਾਰੀਕ ਵਿਚ ਕਲੋਨੀ ਰੈਗੂਲਰ ਕਰਵਾਉਣ ਦੀ ਕੋਸ਼ਿਸ਼ ਕੀਤੀ। ਉਹਨਾਂ ਨੇ ਇਹ ਵੀ ਦੱਸਿਆ ਕਿ ਇਯਾਲੀ ਨੇ ਲੈਂਡ ਪੂਲਿੰਗ ਸਕੀਮ ਵਿਚੋਂ ਆਪਣੀ ਜ਼ਮੀਨ ਬਾਹਰ ਕੱਢਵਾ ਲਈ ਅਤੇ ਜਿਹੜੇ ਕਿਸਾਨਾਂ ਦੀ ਜ਼ਮੀਨ ਐਕਵਾਇਰ ਹੋ ਰਹੀ ਸੀ, ਉਹਨਾਂ ਨੂੰ ਉਹਨਾਂ ਦੇ ਹਾਲ 'ਤੇ ਛੱਡ ਦਿੱਤਾ। ਉਹਨਾਂ ਕਿਹਾ ਕਿ ਇਸ ਕਾਰਨ ਹੀ ਅਕਾਲੀ ਦਲ ਨੂੰ ਲੈਂਡ ਪੂਲਿੰਗ ਸਕੀਮ ਖਿਲਾਫ ਮੋਰਚਾ ਖੋਲ੍ਹਣਾ ਪਿਆ ਜਿਸ ਕਾਰਨ ਸਰਕਾਰ ਨੂੰ 35000 ਏਕੜ ਜ਼ਮੀਨ ਐਕਵਾਇਰ ਕਰਨ ਦਾ ਨੋਟੀਫਿਕੇਸ਼ਨ ਵਾਪਸ ਲੈਣਾ ਪਿਆ। ਉਹਨਾਂ ਕਿਹਾ ਕਿ ਇਕ ਵਾਰ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਅਸੀਂ ਇਯਾਲੀ ਦੇ ਖਿਲਾਫ ਕਾਰਵਾਈ ਸ਼ੁਰੂ ਕਰਾਂਗੇ ਅਤੇ ਉਸਨੂੰ ਸਾਰੇ ਗੈਰ ਕਾਨੂੰਨੀ ਕੰਮਾਂ ਦਾ ਜਵਾਬ ਦੇਣਾ ਪਵੇਗਾ। ਸਰਦਾਰ ਬਾਦਲ ਨੇ ਇਹ ਵੀ ਦੱਸਿਆ ਕਿ ਕਿਵੇਂ ਸੂਬੇ ਵਿਚ ਗੈਰ ਕਾਨੂੰਨੀ ਮਾਇਨਿੰਗ ਤੋਂ ਆ ਰਿਹਾ ਪੈਸਾ ਆਪ ਕਨਵੀਨਰ ਅਰਵਿੰਦ ਕੇਜਰੀਵਾਲ ਕੋਲ ਜਾ ਰਿਹਾ ਹੈ। ਉਹਨਾਂ ਕਿਹਾ ਕਿ ਹੁਣ ਤੋਂ ਚਾਰ ਮਹੀਨੇ ਬਾਅਦ ਮੁੱਖ ਮੰਤਰੀ ਤੋਂ ਲੈ ਕੇ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਤੇ ਸਤੇਂਦਰ ਜੈਨ ਸਮੇਤ ਗੈਰ ਕਾਨੂੰਨੀ ਕੰਮਾਂ ਵਿਚ ਲੱਗੇ ਸਾਰੇ ਲੋਕ ਜੇਲ੍ਹ ਜਾਣਗੇ। ਇਸ ਮੌਕੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ, ਸਾਬਕਾ ਮੰਤਰੀ ਸ਼ਰਨਜੀਤ ਸਿੰਘ ਢਿੱਲੋਂ, ਰਣਜੀਤ ਸਿੰਘ ਢਿੱਲੋਂ, ਚੰਦ ਸਿੰਘ ਡੱਲਾ, ਭੁਪਿੰਦਰ ਸਿੰਘ ਭਿੰਦਾ, ਜਗਬੀਰ ਸਿੰਘ ਸੋਖੀ, ਪਰਉਪਕਾਰ ਸਿੰਘ ਘੁੰਮਣ, ਹਰਪ੍ਰੀਤ ਸਿੰਘ ਸਿਮਕ, ਅਮਿਤ ਗੋਸਾਈਂ, ਮਨਜੀਤ ਸਿੰਘ ਮਦਨੀਪੁਰ, ਐਸ ਆਰ ਕਲੇਰ, ਗੁਰਚਰਨ ਸਿੰਘ ਗਰੇਵਾਲ, ਕੌਂਸਲਰ ਰਖਵਿੰਦਰ ਸਿੰਘ ਗਾਬੜੀਆ, ਗੁਰਪ੍ਰੀਤ ਸਿੰਘ ਰਾਜੂ, ਪ੍ਰਗਟ ਸਿੰਘ, ਪਰਵੀਨ ਭਾਰਤੀ, ਕਵਲਜੀਤ ਸਿੰਘ ਨਰੂਲਾ ਵੀ ਹਾਜ਼ਰ ਸਨ।

ਅਰੋੜਾ ਸਮਾਜ ਦੀ ਪਹਿਲ ਨੂੰ ਵਿਧਾਇਕ ਗੋਲਡੀ ਕੰਬੋਜ ਦਾ ਸਹਿਯੋਗ, ਬੁੱਤ ਸਥਾਪਨਾ ਲਈ 5 ਲੱਖ ਦੀ ਗ੍ਰਾਂਟ

ਜਲਾਲਾਬਾਦ, 26 ਸਤੰਬਰ (ਸੁਭਾਸ਼ ਸਿੰਘ): ਅਰੋੜਾ ਮਹਾਸਭਾ ਜਲਾਲਾਬਾਦ ਵੈਸਟ ਵੱਲੋਂ ਸ੍ਰੀ ਅਰੂਟ ਜੀ ਮਹਾਰਾਜ ਦੇ ਬੁੱਤ ਦੀ ਸਥਾਪਨਾ ਲਈ ਭੂਮੀ ਪੂਜਨ ਕਰਵਾਇਆ ਗਿਆ। ਧਾਰਮਿਕ ਮਾਹੌਲ ਵਿੱਚ ਹੋਏ ਇਸ ਸਮਾਗਮ ਵਿੱਚ ਅਰੋੜਾ ਸਮਾਜ ਦੇ ਵੱਡੀ ਗਿਣਤੀ ਵਿੱਚ ਪਰਿਵਾਰ ਸ਼ਾਮਲ ਹੋਏ। ਇਸ ਮੌਕੇ ਹਲਕਾ ਜਲਾਲਾਬਾਦ ਦੇ ਵਿਧਾਇਕ ਜਗਦੀਪ ਸਿੰਘ ਗੋਲਡੀ ਕੰਬੋਜ ਨੇ ਬੁੱਤ ਦੀ ਸਥਾਪਨਾ ਲਈ 5 ਲੱਖ ਰੁਪਏ ਦੀ ਗ੍ਰਾਂਟ ਦੇਣ ਦਾ ਐਲਾਨ ਕੀਤਾ। ਸਮਾਗਮ ਵਿੱਚ ਵਿਧਾਇਕ ਗੋਲਡੀ ਕੰਬੋਜ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਨਗਰ ਕੌਂਸਲ ਜਲਾਲਾਬਾਦ ਦੇ ਪ੍ਰਧਾਨ ਅੰਕੁਸ਼ ਮੁਟਨੇਜਾ, ਮਾਰਕੀਟ ਕਮੇਟੀ ਦੇ ਚੇਅਰਮੈਨ ਪ੍ਰਦੀਪ ਕੁਮਾਰ ਚੁੱਘ ਅਤੇ ਸ਼ੈਲਰ ਇੰਡਸਟਰੀ ਦੇ ਪ੍ਰਧਾਨ ਸੋਨੂੰ ਧਮੇਜਾ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਰਹੇ। ਅਰੋੜਾ ਮਹਾਸਭਾ ਪੰਜਾਬ ਦੇ ਜਨਰਲ ਸਕੱਤਰ ਡਾ. ਗੁਰਪ੍ਰੀਤ ਸਿੰਘ ਬੱਬਰ ਨੇ ਮਹਿਮਾਨਾਂ ਅਤੇ ਸਮਾਜ ਦੇ ਲੋਕਾਂ ਦਾ ਸਵਾਗਤ ਕਰਦਿਆਂ ਵਿਧਾਇਕ ਗੋਲਡੀ ਕੰਬੋਜ ਵੱਲੋਂ ਦਿੱਤੀ ਗਈ 5 ਲੱਖ ਰੁਪਏ ਦੀ ਗ੍ਰਾਂਟ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਸ ਸਹਿਯੋਗ ਨਾਲ ਬੁੱਤ ਸਥਾਪਨਾ ਦੇ ਕਾਰਜ ਨੂੰ ਅੱਗੇ ਵਧਾਉਣ ਵਿੱਚ ਮਦਦ ਮਿਲੇਗੀ। ਸਮਾਗਮ ਵਿੱਚ ਅਰੋੜਾ ਮਹਾਸਭਾ ਦੇ ਚੇਅਰਮੈਨ ਇੰਦਰਜੀਤ ਸਿੰਘ ਮਦਾਨ, ਉਪ ਪ੍ਰਧਾਨ ਮਲਕੀਤ ਸਿੰਘ ਧਮੇਜਾ, ਸਰਪ੍ਰਸਤ ਮਦਨ ਲਾਲ ਗੁੰਬਰ, ਰਤਨ ਲਾਲ ਕੁੱਕੜ, ਸੋਨੂੰ ਵਾਟਸ, ਸੰਯੁਕਤ ਸਕੱਤਰ ਰਾਕੇਸ਼ ਗਾਂਧੀ, ਨੰਨੂ ਕੁੱਕੜ, ਰਮੇਸ਼ ਵਧਵਾ, ਵਿੱਤ ਸਕੱਤਰ ਅਵਿਨਾਸ਼ ਡੋਡਾ, ਪ੍ਰੈਸ ਸਕੱਤਰ ਬਲਜਿੰਦਰ ਸਿੰਘ ਮਦਾਨ, ਸੰਯੁਕਤ ਸਕੱਤਰ ਰੋਹਿਤ ਗੁੰਬਰ, ਐਮਸੀ ਸ਼ਾਮ ਸੁੰਦਰ ਮੋਨੀ, ਐਮਸੀ ਤਰੁਣ ਵਿਜ, ਐਮਸੀ ਜਰਨੈਲ ਸਿੰਘ, ਗੁਰਦੀਪ ਸਿੰਘ ਛਾਬੜਾ, ਜ਼ਿਲ੍ਹਾ ਚੇਅਰਮੈਨ ਜਸਪਾਲ ਸਿੰਘ ਦਰਗਨ, ਰਾਜੇਸ਼ ਛਾਬੜਾ, ਪ੍ਰੈਸ ਸਕੱਤਰ ਪ੍ਰੀਤ ਸਿੰਘ ਦਰਗਨ, ਬਾਰ ਐਸੋਸੀਏਸ਼ਨ ਦੇ ਪ੍ਰਧਾਨ ਸੁਸ਼ੀਲ ਕੁੱਕੜ, ਕੰਵਲਪ੍ਰੀਤ ਕਮੀਰੀਆ, ਸੰਦੀਪ ਮਲੂਜਾ, ਪ੍ਰਕਾਸ਼ ਦੋਸ਼ੀ ਅਤੇ ਅਸ਼ਵਨੀ ਮਦਾਨ ਸਮੇਤ ਹੋਰ ਮੈਂਬਰ ਹਾਜ਼ਰ ਸਨ।

ਸ੍ਰੀ ਦਿਓਟ ਸਿੱਧ ਬਾਬਾ ਬਾਲਕ ਨਾਥ ਮੰਦਿਰ ਰੋਪੜ ਵਿਖੇ ਸ੍ਰੀਮਦ ਭਾਗਵਤ ਕਥਾ ਦੇ ਭੋਗ ਪਾਏ ਤੇ ਭੰਡਾਰਾ ਲਾਇਆ

ਰੂਪਨਗਰ, 26 ਸਤੰਬਰ (ਨਵੀਨ ਦਰਦੀ): ਸ੍ਰੀ ਦਿਓਟ ਸਿੱਧ ਬਾਬਾ ਬਾਲਕ ਨਾਥ ਜੀ ਮੰਦਰ ਰੋਪੜ ਵਿਖੇ ਸਾਲਾਨਾ ਸ੍ਰੀਮਦ ਭਾਗਵਤ ਕਥਾ ਦੀ ਸਮਾਪਤੀ ਮੌਕੇ ਭੋਗ ਪਾਏ ਗਏ ? । ਇਸ ਮੌਕੇ ਕਥਾਵਾਚਕ ਰਵੀਨੰਦਨ ਸ਼ਾਸਤਰੀ ਜੀ ਵਰਿੰਦਾਵਨ ਧਾਮ ਵਾਲਿਆਂ ਨੇ ਕਥਾ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਆਈਆਂ ਹੋਈਆਂ ਸੰਗਤਾਂ ਲਈ ਭੰਡਾਰਾ ਲਗਾਇਆ ਗਿਆ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਨੇ ਮੰਦਰ ਵਿਖੇ ਮੱਥਾ ਟੇਕਿਆ ਅਤੇ ਦੁਨੀਆਂ ਵਿੱਚ ਸ਼ਾਂਤੀ ਅਤੇ ਸਰਬੱਤ ਦੇ ਭਲੇ ਲਈ ਮੰਗਲ ਕਾਮਨਾਵਾਂ ਕੀਤੀਆਂ। ਇਸ ਮੌਕੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ,ਸਮਾਜਸੇਵੀ ਤੇ ਕਾਂਗਰਸੀ ਆਗੂ ਕਮਲ ਦੇਵ ਚੌਹਾਨ ਟੇਢੇਵਾਲ, ਸੀਨੀਅਰ ਕਾਂਗਰਸੀ ਆਗੂ ਸੰਦੀਪ ਪਾਠਕ ਨੇ ਵੀ ਮੰਦਰ ਵਿਖੇ ਮੱਥਾ ਟੇਕਿਆ । ਇਸ ਮੌਕੇ ਮੰਦਰ ਦੇ ਮੁੱਖ ਸੇਵਾਦਾਰ ਰਜਿੰਦਰ ਜੈਨ ਬੁੱਚੀ ਬਾਬਾ,ਪ੍ਰਧਾਨ ਰਵੀ ਧਵਨ, ਵਾਈਸ ਪ੍ਰਧਾਨ ਸੰਜੇ ਮਹਿਤਾ,ਰਾਮ ਮਹਿਤਾ, ਜਨਰਲ ਸਕੱਤਰ ਰਾਮ ਪਾਲ, ਸਟੋਰ ਕੀਪਰ ਬ੍ਰਿਜ ਮੋਹਨ, ਸੁਰੇਸ਼ ਸ਼ਰਮਾ, ਰਾਕੇਸ਼ ਸ਼ਰਮਾ, ਰਾਕੇਸ਼ ਦਾਰਾ, ਸਤੀਸ਼ ਮਹਿਤਾ, ਅਜੇ ਬਸੀ, ਇੰਦਰਜੀਤ ਰਾਜੂ, ਨਰਿੰਦਰ ਆਦਿ ਹਾਜ਼ਰ ਸਨ।

ਕੈਨੇਡਾ ਵੱਲੋਂ ਅੰਗਦ ਸਿੰਘ ਢਿੱਲੋਂ ਨੂੰ ਯੂ.ਏ.ਈ. (ਦੁਬਈ) 'ਚ ਰਾਜਦੂਤ ਨਿਯੁਕਤ ਕਰਨਾ ਸਿੱਖ ਕੌਮ ਲਈ ਮਾਣ ਵਾਲੀ ਗੱਲ: ਕਰਨੈਲ ਸਿੰਘ ਪੀਰ ਮੁਹੰਮਦ

ਮੋਗਾ, 26 ਸਤੰਬਰ (ਜਗਰਾਜ ਸਿੰਘ ਸੰਘਾ): ਸ਼੍ਰੋਮਣੀ ਅਕਾਲੀ ਦਲ ਪੁਨਰਸਰਜੀਤ ਦੇ ਮੁੱਖ ਬੁਲਾਰੇ ਅਤੇ ਸੀਨੀਅਰ ਮੀਤ ਪ੍ਰਧਾਨ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਨੇ ਬਿਆਨ ਜਾਰੀ ਕਰਦਿਆਂ ਕਿਹਾ ਹੈ ਕਿ ਕੈਨੇਡਾ ਸਰਕਾਰ ਵੱਲੋਂ ਨੌਜਵਾਨ ਸਿੱਖ ਅੰਗਦ ਸਿੰਘ ਢਿੱਲੋਂ ਨੂੰ ਸੰਯੁਕਤ ਅਰਬ ਅਮੀਰਾਤ (ਯੂ.ਏ.ਈ. - ਦੁਬਈ) ਵਿਖੇ ਆਪਣਾ ਅੰਬੈਸਡਰ (ਰਾਜਦੂਤ) ਨਿਯੁਕਤ ਕੀਤੇ ਜਾਣ ਨਾਲ ਵਿਸ਼ਵ ਭਰ ਵਿੱਚ ਵੱਸਦੇ ਸਿੱਖ ਭਾਈਚਾਰੇ ਅਤੇ ਪੰਜਾਬੀਆਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ। ਇਹ ਨਿਯੁਕਤੀ ਪੂਰੀ ਸਿੱਖ ਕੌਮ ਲਈ ਇੱਕ ਬਹੁਤ ਹੀ ਮਾਣਮੱਤਾ ਪਲ ਹੈ। ਅੰਗਦ ਸਿੰਘ ਢਿੱਲੋਂ ਪੰਜਾਬ ਦੇ ਪ੍ਰਸਿੱਧ ਉਦਯੋਗਿਕ ਅਤੇ ਰਾਜਨੀਤਿਕ ਘਰਾਣੇ ਨਾਲ ਸਬੰਧ ਰੱਖਦੇ ਹਨ। ਉਹ ਪੰਜਾਬ ਐਗਰੋ ਇੰਡਸਟਰੀਜ਼ ਕਾਰਪੋਰੇਸ਼ਨ ਦੇ ਸਾਬਕਾ ਚੇਅਰਮੈਨ ਸਵਰਗੀ ਸਰਦਾਰ ਜਗਜੀਤ ਸਿੰਘ ਘੁੰਗਰਾਣਾ ਦੇ ਪੋਤੇ ਹਨ। ਘੁੰਗਰਾਣਾ ਸਾਹਿਬ ਇੱਕ ਬਹੁਤ ਹੀ ਨੇਕ, ਇਮਾਨਦਾਰ ਅਤੇ ਦੂਰਅੰਦੇਸ਼ ਸ਼ਖ਼ਸੀਅਤ ਸਨ, ਜਿਨ੍ਹਾਂ ਨੇ ਪੰਜਾਬ ਦੇ ਉਦਯੋਗਿਕ ਅਤੇ ਖੇਤੀਬਾੜੀ ਖੇਤਰ ਵਿੱਚ ਵੱਡਾ ਯੋਗਦਾਨ ਪਾਇਆ। ਸਵਰਗੀ ਸਰਦਾਰ ਜਗਜੀਤ ਸਿੰਘ ਘੁੰਗਰਾਣਾ ਨਾਲ ਆਪਣੇ ਖ਼ਾਸ ਲਗਾਓ ਅਤੇ ਯਾਦਾਂ ਨੂੰ ਸਾਂਝਾ ਕਰਦਿਆਂ

ਤਪ, ਸੰਜਮ ਤੇ ਸਵੈ-ਅਨੁਸ਼ਾਸਨ ਹੀ ਮਨੁੱਖੀ ਜੀਵਨ ਦੀ ਸਭ ਤੋਂ ਵੱਡੀ ਪੂੰਜੀ: ਸੀਐਮ ਸੈਣੀ

ਚੰਡੀਗੜ੍ਹ, 26 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ): ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਤਪ, ਸੰਜਮ ਅਤੇ ਸਵੈ-ਅਨੁਸ਼ਾਸਨ ਹੀ ਮਨੁੱਖੀ ਜੀਵਨ ਦੀ ਸਭ ਤੋਂ ਵੱਡੀ ਪੂੰਜੀ ਹੈ। ਅਸਲੀ ਜਿੱਤ ਕਿਸੇ ਦੂਜੇ ਨੂੰ ਹਰਾਉਣ ਵਿੱਚ ਨਹੀਂ, ਸਗੋਂ ਆਪਣੇ ਅੰਦਰ ਦੇ ਕ੍ਰੋਧ, ਲੋਭ, ਹੰਕਾਰ ਅਤੇ ਨਫ਼ਰਤ ਉੱਤੇ ਜਿੱਤ ਪ੍ਰਾਪਤ ਕਰਨ ਵਿੱਚ ਹੈ। ਮੁੱਖ ਮੰਤਰੀ ਸ਼ਨੀਵਾਰ ਨੂੰ ਪੰਜਾਬ ਦੇ ਹੁਸ਼ਿਆਰਪੁਰ ਵਿੱਚ ਪਹਿਲੇ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਬਾਬਾ ਸ੍ਰੀ ਚੰਦ ਜੀ ਮਹਾਰਾਜ ਦੇ 532ਵੇਂ ਪ੍ਰਕਾਸ਼ ਪੁਰਬ ਅਤੇ ਪੁੰਨਿਆ ਦੇ ਪਾਵਨ ਮੌਕੇ 'ਤੇ ਆਯੋਜਿਤ 'ਸਰਵ-ਧਰਮ ਸੰਮੇਲਨ' ਨੂੰ ਮੁੱਖ ਮਹਿਮਾਨ ਵਜੋਂ ਸੰਬੋਧਨ ਕਰ ਰਹੇ ਸਨ। ਪ੍ਰੋਗਰਾਮ ਵਿੱਚ ਪਹੁੰਚੇ ਸੰਤਾਂ ਅਤੇ ਧਰਮਾਚਾਰੀਆਂ ਦਾ ਸੁਆਗਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਵੱਖ-ਵੱਖ ਧਰਮਾਂ ਦੀਆਂ ਪੂਜਾ ਪੱਧਤੀਆਂ, ਪ੍ਰਾਰਥਨਾ ਦੇ ਤਰੀਕੇ, ਪਹਿਰਾਵੇ ਅਤੇ ਭਾਸ਼ਾਵਾਂ ਭਾਵੇਂ ਵੱਖੋ-ਵੱਖਰੀਆਂ ਹੋ ਸਕਦੀਆਂ ਹਨ, ਪਰ ਸਾਰਿਆਂ ਦੀ ਮੰਜ਼ਿਲ ਇੱਕੋ ਹੀ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਬਾਬਾ ਸ੍ਰੀ ਚੰਦ ਜੀ ਮਹਾਰਾਜ ਦੇ ਜੀਵਨ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਸਾਲ 1494 ਵਿੱਚ ਜੰਮੇ ਬਾਬਾ ਸ੍ਰੀ ਚੰਦ ਜੀ ਦਾ ਜੀਵਨ ਵੈਰਾਗ, ਤਪ ਅਤੇ ਸਾਧਨਾ ਦੀ ਅਨੋਖੀ ਮਿਸਾਲ ਹੈ। ਸੰਤਾਂ ਨੇ ਅੱਖੇ ਦੌਰ ਵਿੱਚ ਧਾਰਮਿਕ ਅਸਥਾਨਾਂ ਦੀ ਸੇਵਾ-ਸੰਭਾਲ ਕਰਨ ਦੇ ਨਾਲ-ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸੁਨੇਹਿਆਂ ਨੂੰ ਘਰ-ਘਰ ਪਹੁੰਚਾਉਣ ਵਿੱਚ ਅਮੁੱਲ ਯੋਗਦਾਨ ਪਾਇਆ। ਮੁੱਖ ਮੰਤਰੀ ਨੇ ਚਿੰਤਾ ਪ੍ਰਗਟ ਕੀਤੀ ਕਿ ਅੱਜ ਨਸ਼ਾ, ਹਿੰਸਾ, ਤਣਾਅ ਅਤੇ ਭਟਕਣਾ ਜੁਆਨ ਸ਼ਕਤੀ ਨੂੰ ਕਮਜ਼ੋਰ ਕਰ ਰਹੇ ਹਨ। ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਬਾਬਾ ਸ੍ਰੀ ਚੰਦ ਜੀ ਮਹਾਰਾਜ ਤੋਂ ਸਵੈ-ਅਨੁਸ਼ਾਸਨ, ਸ੍ਰੀ ਗੁਰੂ ਨਾਨਕ ਦੇਵ ਜੀ ਤੋਂ ਸੇਵਾ ਅਤੇ ਗੁਰੂ ਪਰੰਪਰਾ ਤੋਂ ਹਿੰਮਤ ਸਿੱਖ ਕੇ ਆਪਣੀ ਉਰਜਾ ਨੂੰ ਸਿੱਖਿਆ, ਖੇਡਾਂ, ਰੁਜ਼ਗਾਰ, ਉੱਦਮ ਅਤੇ ਰਾਸ਼ਟਰ ਨਿਰਮਾਣ ਵਿੱਚ ਲਗਾਉਣ। ਗੁਰਬਾਣੀ ਦੇ ਸੁਨੇਹੇ 'ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤ' ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਧਾਰਮਿਕ ਸਮਾਗਮਾਂ ਨੂੰ ਸਫ਼ਾਈ, ਪਾਣੀ ਸੰਭਾਲ ਅਤੇ ਬੂਟੇ ਲਾਉਣ ਨਾਲ ਜੋੜਨ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਪ੍ਰਕਾਸ਼ ਪੁਰਬ ਦੇ ਮੌਕੇ 'ਤੇ ਬੂਟਾ ਲਾਉਣਾ, ਕਿਸੇ ਲੋੜਵੰਦ ਦੀ ਮਦਦ ਕਰਨਾ ਅਤੇ ਨੌਜਵਾਨਾਂ ਨੂੰ ਨਸ਼ਾ ਮੁਕਤ ਬਣਾਉਣਾ ਹੀ ਬਾਬਾ ਸ੍ਰੀ ਚੰਦ ਜੀ ਪ੍ਰਤੀ ਸੱਚੀ ਸ਼ਰਧਾ ਹੋਵੇਗੀ।

ਹਰਿਆਣਾ ਦੇ ਰਾਜਪਾਲ ਨੇ ਵਿੱਤੀ ਸੰਸਥਾਵਾਂ ਨੂੰ ਪੇਂਡੂ ਮਹਿਲਾ ਉੱਦਮੀਆਂ ਤੱਕ ਆਪਣੀ ਪਹੁੰਚ ਵਧਾਉਣ ਦਾ ਸੱਦਾ ਦਿੱਤਾ

ਚੰਡੀਗੜ੍ਹ, 26 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ): ਹਰਿਆਣਾ ਦੇ ਰਾਜਪਾਲ ਪ੍ਰੋ. ਅਸੀਮ ਕੁਮਾਰ ਘੋਸ਼ ਨੇ ਵਿੱਤੀ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਕਰਜ਼ਾ ਪ੍ਰਕਿਰਿਆਵਾਂ ਨੂੰ ਸਰਲ ਬਣਾ ਕੇ, ਗਾਰੰਟੀ (ਕੋਲੈਟਰਲ) ਦੀਆਂ ਸ਼ਰਤਾਂ ਘਟਾ ਕੇ ਅਤੇ ਹਰੇਕ ਸਵੈ-ਸਹਾਇਤਾ ਸਮੂਹ ਤੇ ਸੂਖਮ-ਉੱਦਮ ਨੂੰ ਰਾਸ਼ਟਰ-ਨਿਰਮਾਣ ਵਿੱਚ ਭਾਈਵਾਲ ਵਜੋਂ ਮਾਨਤਾ ਦੇ ਕੇ ਪੇਂਡੂ ਮਹਿਲਾ ਉੱਦਮੀਆਂ ਤੱਕ ਆਪਣੀ ਪਹੁੰਚ ਨੂੰ ਮਜ਼ਬੂਤ ਕਰਨ। ਰਾਜਪਾਲ ਅੱਜ ਚੰਡੀਗੜ੍ਹ ਵਿੱਚ 'ਵੂਮੈਨਜ਼ ਇੰਟਰਨੈਸ਼ਨਲ ਸਮਿਟ ਆਨ ਐਂਟਰਪ੍ਰਨਿਓਰਸ਼ਿਪ 2026' ਦੇ ਸਮਾਪਤੀ ਸਮਾਰੋਹ ਨੂੰ ਸੰਬੋਧਨ ਕਰ ਰਹੇ ਸਨ। 'ਕਨਫੈਡਰੇਸ਼ਨ ਆਫ਼ ਵੂਮੈਨ ਐਂਟਰਪ੍ਰਨਿਓਰਜ਼ ਇੰਡੀਆ' ਦੁਆਰਾ ਆਯੋਜਿਤ ਇਸ ਸਮਾਗਮ ਦਾ ਵਿਸ਼ਾ ਪੇਂਡੂ ਜੜ੍ਹਾਂ ਨਾਲ ਜੁੜਨਾ, ਤਕਨਾਲੋਜੀ ਰਾਹੀਂ ਸਸ਼ਕਤੀਕਰਨ: ਔਰਤਾਂ ਦੀ ਅਗਵਾਈ ਵਾਲੇ MSMEs ਲਈ ਇੱਕ ਟਿਕਾਊ ਭਵਿੱਖ ਦੀ ਸਿਰਜਣਾ ਸੀ। ਇਸ ਮੌਕੇ ਹਰਿਆਣਾ ਦੀ ਫਸਟ ਲੇਡੀ, ਸ਼੍ਰੀਮਤੀ ਮਿੱਤਰਾ ਘੋਸ਼ ਵੀ ਮੌਜੂਦ ਸਨ। ਉਨ੍ਹਾਂ ਕਿਹਾ ਕਿ ਬੈਂਕਾਂ ਨੂੰ ਪਿੰਡਾਂ ਅਤੇ ਛੋਟੇ ਕਸਬਿਆਂ ਵਿੱਚ ਆਪਣੀਆਂ ਵਿੱਤੀ ਸੇਵਾਵਾਂ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ ਇਸ ਗੱਲ 'ਤੇ ਜ਼ੋਰ ਦਿੰਦੇ ਹੋਏ ਕਿ ਬਾਜ਼ਾਰ ਤੱਕ ਪਹੁੰਚ ਓਨੀ ਹੀ ਮਹੱਤਵਪੂਰਨ ਹੈ ਜਿੰਨੀ ਵਿੱਤੀ ਸਰੋਤਾਂ ਤੱਕ ਪਹੁੰਚ, ਪ੍ਰੋ. ਅਸੀਮ ਕੁਮਾਰ ਘੋਸ਼ ਨੇ ਕਿਹਾ ਕਿ ਜੋ ਔਰਤਾਂ ਆਪਣੀ ਸਖ਼ਤ ਮਿਹਨਤ ਅਤੇ ਹੁਨਰ ਨਾਲ ਉਤਪਾਦ ਤਿਆਰ ਕਰਦੀਆਂ ਹਨ— ਉਨ੍ਹਾਂ ਨੇ ਉਦਯੋਗਿਕ ਸੰਸਥਾਵਾਂ ਅਤੇ ਈ-ਕਾਮਰਸ ਪਲੇਟਫਾਰਮਾਂ ਨੂੰ ਵੀ ਅਪੀਲ ਕੀਤੀ ਕਿ ਉਹ ਪੇਂਡੂ ਮਹਿਲਾ ਉੱਦਮੀਆਂ ਦੀ ਅਗਵਾਈ ਵਾਲੇ MSMEs (ਸੂਖਮ, ਛੋਟੇ ਅਤੇ ਦਰਮਿਆਨੇ ਉੱਦਮਾਂ) ਲਈ ਆਨਲਾਈਨ ਅਤੇ ਆਫਲਾਈਨ ਦੋਵਾਂ ਰੂਪਾਂ ਵਿੱਚ ਵਿਸ਼ੇਸ਼ ਥਾਂਵਾਂ ਮੁਹੱਈਆ ਕਰਵਾਉਣ। ਰਾਜਪਾਲ ਨੇ ਦੇਖਿਆ ਕਿ ਔਰਤਾਂ ਦੇ ਸਸ਼ਕਤੀਕਰਨ ਦਾ ਦ੍ਰਿਸ਼ਟੀਕੋਣ WISE 2026 ਦੇ ਵਿਸ਼ੇ ਵਿੱਚ ਸਪੱਸ਼ਟ ਤੌਰ 'ਤੇ ਝਲਕਦਾ ਹੈ, ਇਸ ਮੌਕੇ 'ਤੇ COWE ਇੰਡੀਆ ਦੀ ਸੰਸਥਾਪਕ ਡਾਇਰੈਕਟਰ ਉਮਾ ਘੁਰਕਾ, COWEਇੰਡੀਆ ਦੀ ਰਾਸ਼ਟਰੀ ਪ੍ਰਧਾਨ ਨੀਰਜਾ ਰੈਂਡੀ ਵੇਮੁਲਾ, COWE ਇੰਡੀਆ ਦੀ ਰਾਸ਼ਟਰੀ ਉਪ-ਪ੍ਰਧਾਨ ਜੋਤਸਨਾ ਚੇਰੂਵੂ, COWE ਦਿੱਲੀ ਚੈਪਟਰ ਦੀ ਪ੍ਰਧਾਨ ਰੇਨੂ ਸ਼ਰਮਾ ਦੇ ਨਾਲ-ਨਾਲ COWE ਇੰਡੀਆ ਦੇ ਮੈਂਬਰ, ਉੱਦਯੋਗ ਅਤੇ ਬੈਂਕਿੰਗ ਖੇਤਰ ਦੇ ਨੁਮਾਇੰਦੇ ਅਤੇ ਮਹਿਲਾ ਉੱਦਮੀ ਵੀ ਮੌਜੂਦ ਸਨ।

ਸਾਹਿਬਜ਼ਾਦਾ ਅਜੀਤ ਸਿੰਘ ਚੈਰੀਟੇਬਲ ਟਰੱਸਟ ਨੇ ਮੁਫਤ ਅੱਖਾਂ ਦਾ ਚੈਕਅਪ ਲਾਇਆ

ਨਿਊ ਚੰਡੀਗੜ੍ਹ, 26 ਸਤੰਬਰ (ਜੇ.ਕੇ. ਬੱਤਾ): ਸਾਹਿਬਜ਼ਾਦਾ ਅਜੀਤ ਸਿੰਘ ਚੈਰੀਟੇਬਲ ਟਰੱਸਟ, ਪੜਛ ਨਿਊ - ਚੰਡੀਗੜ੍ਹ' ਅਤੇ ਰੋਟਰੀ ਕਲੱਬ ਮੋਹਾਲੀ ਮਿਡਟਾਊਨ ਨੇ ਮਿਲ ਕੇ ਮੁਫਤ ਅੱਖਾਂ ਦਾ ਚੈਕ ਅਪ ਅਤੇ ਅੌਪਰੇਸ਼ਨ ਕੈਂਪ ਲਗਾਇਆ। ਟਰੱਸਟ ਦੇ ਚੇਅਰਮੈਨ ਬਲਬੀਰ ਸਿੰਘ ਨੇ ਦੱਸਿਆ ਕਿ ਇਹ ਕੈਂਪ ਪਿੰਡ ਪੜਛ ਦੇ ਪੈਲੀਕਿਲੀਨਕ ਵਿਖੇ ਲਗਾਇਆ ਗਿਆ ਜਿਸ ਵਿਚ ਅੱਖਾਂ ਦੇ ਮਾਹਿਰ ਡਾਕਟਰ ਅਦਿਤਿਆ ਸ਼ਰਮਾ ਦੀ ਟੀਮ ਨੇ 90 ਤੋਂ ਵਧ ਮਰੀਜਾ ਦੀਆ ਅੱਖਾਂ ਚੈਕ ਕੀਤੀਆਂ। ਰੋਟੇਰੀਅਨ ਕੁਲਦੀਪ ਸਿੰਘ ਢੰਡੀ, ਮਨਜੀਤ ਸਿੰਘ ਅਤੇ ਟਰੱਸਟੀ ਪਰਮਜੀਤ ਸਿੰਘ ਵੀ ਕੈਂਪ ਦੌਰਾਨ ਹਾਜਰ ਰਹੇ।

ਕਾਂਗਰਸ ਪਾਰਟੀ ਵਲੋਂ ਜਾਰੀ ਪ੍ਰੈਸ ਨੋਟ ਅਨੁਸਾਰ ਪਾਰਟੀ ਨਾਲ ਖੜਨ ਵਾਲਿਆਂ ਦੀ ਭੂਮਿਕਾ ਹੋਵੇਗੀ ਮਹੱਤਵਪੂਰਨ

ਸ਼ਸ਼ੀ ਪਾਲ ਜੈਨ

ਖਰੜ, 26 ਸਤੰਬਰ: ਕਾਂਗਰਸ ਪਾਰਟੀ ਨੂੰ ਜਮੀਨੀ ਪੱਧਰ 'ਤੇ ਹੋਰ ਮਜਬੂਤ ਕਰਨ ਅਤੇ ਪਾਰਟੀ ਗਤੀਵਿਧੀਆਂ ਵਿੱਚ ਸਰਗਰਮੀ ਨੂੰ ਲੈ ਕੇ ਅੱਜ ਜਿਲਾ ਕਾਂਗਰਸ ਕਮੇਟੀ ਮੁਹਾਲੀ ਦੇ ਪ੍ਰਧਾਨ ਕਮਲ ਕਿਸ਼ੋਰ ਸ਼ਰਮਾ, ਬਲਾਕ ਕਾਂਗਰਸ ਕਮੇਟੀ ਖਰੜ ਦੇ ਪ੍ਰਧਾਨ ਸਤਨਾਮ ਸਿੰਘ ਸੈਣੀ ਅਤੇ ਸਿਟੀ ਕਾਂਗਰਸ ਕਮੇਟੀ ਖਰੜ ਦੇ ਪ੍ਰਧਾਨ ਦੀਪਕ ਕੌਸਲ ਨੇ ਪੱਤਰਕਾਰਾਂ ਨਾਲ ਅਹਿਮ ਪ੍ਰੈਸ ਕਾਨਫਰੰਸ ਕੀਤੀ। ਇਸ ਮੌਕੇ ਕਮਲ ਕਿਸ਼ੋਰ ਸ਼ਰਮਾ ਨੇ ਸਪੱਸਟ ਸਬਦਾਂ ਵਿੱਚ ਕਿਹਾ ਕਿ ਜਿਹੜੇ ਅਹੁਦੇਦਾਰ ਅਤੇ ਵਰਕਰ ਪਾਰਟੀ ਦੇ ਧਰਨਿਆਂ, ਪ੍ਰਦਰਸਨਾਂ, ਮੀਟਿੰਗਾਂ, ਰੈਲੀਆਂ ਅਤੇ ਹੋਰ ਪ੍ਰੋਗਰਾਮਾਂ ਵਿੱਚ ਲਗਾਤਾਰ ਸਾਮਲ ਨਹੀਂ ਹੁੰਦੇ, ਉਨਾਂ ਦੀ ਕਾਰਗੁਜਾਰੀ ਬਾਰੇ ਪਾਰਟੀ ਕਮਾਂਡ ਨੂੰ ਪੂਰੀ ਜਾਣਕਾਰੀ ਦਿੱਤੀ ਜਾ ਰਹੀ ਹੈ। ਉਨਾਂ ਕਿਹਾ ਕਿ ਪਾਰਟੀ ਵੱਲੋਂ ਵਾਰ-ਵਾਰ ਪ੍ਰੋਗਰਾਮਾਂ ਸਬੰਧੀ ਸੂਚਨਾਵਾਂ ਅਤੇ ਹਦਾਇਤਾਂ ਜਾਰੀ ਕਰਨ ਦੇ ਬਾਵਜੂਦ ਜੇਕਰ ਕੋਈ ਵਿਅਕਤੀ ਪਾਰਟੀ ਗਤੀਵਿਧੀਆਂ ਤੋਂ ਦੂਰ ਰਹਿੰਦਾ ਹੈ ਤਾਂ ਭਵਿੱਖ ਵਿੱਚ ਉਸ ਨੂੰ ਪਾਰਟੀ ਦੀ ਜਿੰਮੇਵਾਰੀ ਦੇਣ ਜਾਂ ਚੋਣੀ ਟਿਕਟ ਸਬੰਧੀ ਫੈਸਲਾ ਕਰਦੇ ਸਮੇਂ ਉਸ ਦੀ ਸਰਗਰਮੀ ਨੂੰ ਜ਼ਰੂਰ ਵਿਚਾਰਿਆ ਜਾਵੇਗਾ। ਸ਼ਰਮਾ ਨੇ ਕਿਹਾ ਕਿ ਕਾਂਗਰਸ ਪਾਰਟੀ ਕਿਸੇ ਇੱਕ ਵਿਅਕਤੀ ਦੀ ਨਹੀਂ, ਸਗੋਂ ਲੱਖਾਂ ਵਰਕਰਾਂ ਦੀ ਪਾਰਟੀ ਹੈ। ਪਾਰਟੀ ਦੇ ਅੱਖੇ ਸਮੇਂ ਵਿੱਚ ਜਿਹੜੇ ਵਰਕਰ ਅਤੇ ਆਗੂ ਸੰਗਠਨ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜਦੇ ਹਨ, ਉਨਾਂ ਦੀ ਭੂਮਿਕਾ ਨੂੰ ਹਮੇਸਾ ਮਹੱਤਵ ਦਿੱਤਾ ਜਾਂਦਾ ਹੈ। ਬਲਾਕ ਕਾਂਗਰਸ ਕਮੇਟੀ ਖਰੜ ਦੇ ਪ੍ਰਧਾਨ ਸਤਨਾਮ ਸਿੰਘ ਸੈਣੀ ਨੇ ਕਿਹਾ ਕਿ ਬਲਾਕ ਖਰੜ ਦੇ ਹਰੇਕ ਕਾਂਗਰਸੀ ਆਗੂ ਅਤੇ ਵਰਕਰ ਨੂੰ ਪਾਰਟੀ ਦੇ ਸੰਗਠਨਾਤਮਕ ਪ੍ਰੋਗਰਾਮਾਂ ਵਿੱਚ ਵੱਧ ਤੋਂ ਵੱਧ ਸਮੂਲੀਅਤ ਕਰਨੀ ਚਾਹੀਦੀ ਹੈ।

ਪੰਜਾਬ ਸਰਕਾਰ ਨੂੰ ਨੌਕਰੀਆਂ ਬਾਰੇ 'ਵਹਾਈਟ ਪੇਪਰ' ਜਾਰੀ ਕਰਨਾ ਚਾਹੀਦਾ ਹੈ : ਸੀਐਮ ਸੈਣੀ

ਚੰਡੀਗੜ੍ਹ, 26 ਸਤੰਬਰ (ਦੇਸ਼ ਪ੍ਰਦੇਸ਼ ਬਿਊਰੋ): ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਰੁਜ਼ਗਾਰ ਦੇ ਮੁੱਦੇ 'ਤੇ ਜਨਤਾ ਨੂੰ ਸਪੱਸ਼ਟ ਜਵਾਬ ਦੇਣਾ ਚਾਹੀਦਾ ਹੈ। ਆਮ ਆਦਮੀ ਪਾਰਟੀ ਨੇ ਪੰਜਾਬ ਵਿੱਚ 20 ਲੱਖ ਨੌਜਵਾਨਾਂ ਨੂੰ ਨੌਕਰੀਆਂ ਦੇਣ ਦਾ ਵਾਅਦਾ ਕੀਤਾ ਸੀ; ਇਸ ਲਈ, ਸਰਕਾਰ ਨੂੰ ਇੱਕ 'ਵ੍ਹਾਈਟ ਪੇਪਰ' ਜਾਰੀ ਕਰਕੇ ਇਹ ਖੁਲਾਸਾ ਕਰਨਾ ਚਾਹੀਦਾ ਹੈ ਕਿ ਪਿਛਲੇ ਪੰਜ ਸਾਲਾਂ ਵਿੱਚ ਅਸਲ ਵਿੱਚ ਕਿੰਨੇ ਨੌਜਵਾਨਾਂ ਨੂੰ ਰੁਜ਼ਗਾਰ ਮਿਲਿਆ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਨੌਜਵਾਨਾਂ ਨੂੰ ਰੁਜ਼ਗਾਰ ਦੇਣਾ ਸਿਰਫ਼ ਚੋਣ ਵਾਅਦਾ ਨਹੀਂ ਹੈ, ਸਗੋਂ ਇਹ ਉਨ੍ਹਾਂ ਦੇ ਭਵਿੱਖ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਆਰਥਿਕ ਸੁਰੱਖਿਆ ਨਾਲ ਜੁੜਿਆ ਮਾਮਲਾ ਹੈ। ਮੁੱਖ ਮੰਤਰੀ ਸ਼ਨੀਵਾਰ ਨੂੰ ਪੰਜਾਬ ਦੌਰੇ ਦੌਰਾਨ ਅੰਮ੍ਰਿਤਸਰ ਵਿੱਚ ਇੱਕ ਸਮਾਗਮ ਦੌਰਾਨ ਪਾਰਟੀ ਵਰਕਰਾਂ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਨੇ ਇਸ ਮੌਕੇ 'ਤੇ ਵੱਖ-ਵੱਖ ਪਾਰਟੀਆਂ ਤੋਂ ਆ ਕੇ ਉਨ੍ਹਾਂ ਦੀ ਪਾਰਟੀ ਵਿੱਚ ਸ਼ਾਮਲ ਹੋਏ ਵਰਕਰਾਂ ਦਾ ਸਵਾਗਤ ਵੀ ਕੀਤਾ। ਆਪਣੇ ਸੰਬੋਧਨ ਵਿੱਚ, ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕਾਂਗਰਸ ਪਾਰਟੀ ਨੇ ਪਹਿਲਾਂ ਪੰਜਾਬ ਵਿੱਚ ਹਰ ਘਰ ਨੂੰ ਰੁਜ਼ਗਾਰ ਦੇਣ ਦਾ ਵਾਅਦਾ ਕੀਤਾ ਸੀ ਅਤੇ ਆਮ ਆਦਮੀ ਪਾਰਟੀ ਨੇ ਵੀ ਜਨਤਾ ਨਾਲ ਅਜਿਹੇ ਹੀ ਵਾਅਦੇ ਕੀਤੇ ਸਨ। ਹਾਲਾਂਕਿ, ਹੁਣ ਲੋਕਾਂ ਦੇ ਸਾਹਮਣੇ ਸਵਾਲ ਇਹ ਹੈ ਕਿ ਇਨ੍ਹਾਂ ਵਾਅਦਿਆਂ ਦੇ ਅਸਲ ਨਤੀਜੇ ਕੀ ਨਿਕਲੇ ਹਨ ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਰੁਜ਼ਗਾਰ ਦੇ ਅੰਕੜੇ ਜਨਤਕ ਕਰੇ। ਸ੍ਰੀ ਨਾਇਬ ਸਿੰਘ ਸੈਣੀ ਨੇ ਦੱਸਿਆ ਕਿ ਹਰਿਆਣਾ ਵਿੱਚ ਮੌਜੂਦਾ ਸਰਕਾਰ ਦੇ ਲਗਭਗ 18 ਮਹੀਨਿਆਂ ਦੇ ਕਾਰਜਕਾਲ ਦੌਰਾਨ, ਲਗਭਗ 45,000 ਨੌਜਵਾਨਾਂ ਨੂੰ ਬਿਨਾਂ ਕਿਸੇ 'ਪਰਚੀ' (ਸਿਆਸੀ ਸਿਫਾਰਸ਼) ਜਾਂ 'ਖਰਚੀ' (ਰਿਸ਼ਵਤ) ਦੇ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ। । ਹਰਿਆਣਾ ਅਤੇ ਪੰਜਾਬ ਦੀਆਂ ਅਰਥਵਿਵਸਥਾਵਾਂ ਦੀ ਤੁਲਨਾ ਕਰਦਿਆਂ, ਮੁੱਖ ਮੰਤਰੀ ਨੇ ਦੱਸਿਆ ਕਿ ਸਾਲ 2025-26 ਵਿੱਚ ਹਰਿਆਣਾ ਦੀ ਅਸਲ ਆਰਥਿਕ ਵਿਕਾਸ ਦਰ 9.5% ਰਹਿਣ ਦਾ ਅਨੁਮਾਨ ਹੈ, ਜਦੋਂ ਕਿ ਪੰਜਾਬ ਦੀ ਵਿਕਾਸ ਦਰ 6.1% ਹੈ। ਇਸ ਤਰ੍ਹਾਂ, ਦੋਵਾਂ ਰਾਜਾਂ ਦੀਆਂ ਵਿਕਾਸ ਦਰਾਂ ਵਿੱਚ 3.4 ਪ੍ਰਤੀਸ਼ਤ ਅੰਕਾਂ ਦਾ ਅੰਤਰ ਹੈ; ਦੂਜੇ ਸ਼ਬਦਾਂ ਵਿੱਚ, ਹਰਿਆਣਾ ਪੰਜਾਬ ਨਾਲੋਂ 3.4% ਤੇਜ਼ੀ ਨਾਲ ਵਿਕਾਸ ਕਰ ਰਿਹਾ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਪਤਵੰਤੇ ਹਾਜ਼ਰ ਸਨ, ਜਿਨ੍ਹਾਂ ਵਿੱਚ ਸਾਬਕਾ ਸੰਸਦ ਮੈਂਬਰ ਅਤੇ ਭਾਜਪਾ ਆਗੂ ਸ੍ਰੀ ਸ਼ਵੇਤ ਮਲਿਕ, ਅੰਮ੍ਰਿਤਸਰ ਜ਼ਿਲ੍ਹਾ ਪ੍ਰਧਾਨ ਸ੍ਰੀ ਸਲਿਲ ਕਪੂਰ, ਰਾਕੇਸ਼ ਰਿਕੂ, ਪ੍ਰਤਾਪ ਸਿੰਘ ਅਤੇ ਤਾਰਨ ਜੱਸੀ ਸ਼ਾਮਲ ਸਨ।

ਮੋਰਿੰਡਾ ਵਿਖੇ ਘਰ ਵਿੱਚ ਦਾਖ਼ਲ ਹੋਇਆ ਸੱਪ

ਮੋਰਿੰਡਾ, 26 ਸਤੰਬਰ (ਬਲਵੀਰ ਸਿੰਘ ਚਲਾਕੀ): ਸ਼ਹਿਰ ਦੇ ਵਾਰਡ ਨੰਬਰ 8,ਕ੍ਰਿਸ਼ਨਾ ਮੰਡੀ ਨੇੜੇ ਇੱਕ ਘਰ ਵਿੱਚ ਬੀਤੀ ਦੇਰ ਰਾਤ ਲੱਗਭੱਗ 2 ਵਜੇ ਅਚਾਨਕ ਬੇਹੱਦ ਖ਼ਤਰਨਾਕ ਕਿਸਮ ਕਾਮਨ ਕਰੇਟ ਨਾਂਅ ਦਾ ਸੱਪ ਦਾਖ਼ਲ ਹੋ ਗਿਆ, ਪ੍ਰੰਤੂ ਸੱਪ ਦੇ ਹਮਲੇ ਤੋਂ ਠੀਕ ਪਹਿਲਾਂ ਪਰਿਵਾਰਕ ਮੈਬਰਾਂ ਦੀ ਚੌਕਸੀ, ਮੁਸਤੈਦੀ ਕਾਰਨ ਇੱਕ ਵੱਡਾ ਹਾਦਸਾ ਹੋਣ ਤੋਂ ਬਚਾਅ ਹੋ ਗਿਆ। ਜਾਣਕਾਰੀ ਦਿੰਦਿਆਂ ਮੋਰਿੰਡਾ ਤੋਂ ਯੂਥ ਆਗੂ ਹਰਪਿੰਦਰ ਸਿੰਘ ਰਾਣਾ ਨੇ ਦੱਸਿਆ ਕਿ 2 ਵਜੇ ਉਨ੍ਹਾ ਦੇ ਕਮਰੇ ਵਿੱਚ ਅਚਾਨਕ ਫਰਸ਼ ਤੇ' ਕਾਮਨ ਕ੍ਰੇਟ ਨਾਂਅ ਦੀ ਖ਼ਤਰਨਾਕ ਕਿਸਮ ਦਾ ਸੱਪ ਮੌਜੂਦ ਸੀ ਉਨ੍ਹਾ ਮੋਰਿੰਡਾ ਇਲਾਕੇ ਨਾਲ ਸਬੰਧਤ ਜੰਗਲਾਤ ਵਿਭਾਗ ਦੀ ਟੀਮ ਨਾਲ ਸੰਪਰਕ ਕੀਤਾ,ਪ੍ਰੰਤੂ ਵਿਭਾਗ ਦੀ ਟੀਮ ਕਿਸੇ ਹੋਰ ਪਾਸੇ ਰੈਸਕਿਊ ਲਈ ਗਈ ਹੋਈ ਸੀ ਜਿਸ ਕਾਰਨ ਉਨ੍ਹਾ ਲੋਕਲ ਮਾਹਰ ਵਿਅਕਤੀ ਨੂੰ ਬੁਲਾ ਕੇ ਸੱਪ ਦਾ ਰੈਸਕਿਊ ਕਰਵਾਇਆ ਅਤੇ ਇਸ ਸਬੰਧੀ ਜੰਗਲਾਤ ਵਿਭਾਗ ਦੀ ਟੀ

ਸੰਪਾਦਕੀ

ਦਿਨ-ਦਿਹਾੜੇ ਡਾਕੇ

ਚੋਰ ਤੇ ਚੋਰੀਆਂ ਪਹਿਲੇ ਜ਼ਮਾਨਿਆਂ 'ਚ ਵੀ ਹੁੰਦੀਆਂ ਸਨ। ਉਦੋਂ ਚੋਰ ਆਮ ਕਰ ਕੇ ਡੰਗਰ ਪਸ਼ੂ ਖੋਲ੍ਹ ਕੇ ਲੈ ਜਾਂਦੇ ਸਨ। ਜਾਂ ਘਰਾਂ 'ਚ ਪਾੜ ਪਾ ਕੇ ਨਿੱਕ ਸੁੱਕ ਲੈ ਜਾਂਦੇ ਸੀ। ਫ਼ਰਕ ਸਿਰਫ਼ ਏਨਾ ਹੈ ਕਿ ਪਹਿਲੀ ਕੈਟਾਗਰੀ ਦੇ ਚੋਰਾਂ ਡਾਕੂਆਂ ਨੂੰ ਕੋਈ ਕਾਨੂੰਨੀ ਤੇ ਸਮਾਜਿਕ ਮਾਨਤਾ ਨਹੀਂ। ਵਿਚਾਰੇ ਆਮ ਜਿਹੇ ਚੋਰ ਤਾਂ ਆਪਣੇ ਰਿਸਕ 'ਤੇ ਹੀ ਚੋਰੀ ਕਰਦੇ ਹਨ। ਇਨ੍ਹਾਂ ਚੋਰੀ ਕਰਨ ਵਾਲਿਆਂ ਨੂੰ ਤਾਂ ਅਸੀਂ ਮੁਫ਼ਤ 'ਚ ਹੀ ਬਦਨਾਮ ਕਰ ਰੱਖਿਐ! ਕਦੇ ਸਰਕਾਰੀ ਚੋਰੀਆਂ ਦੀ ਸਾਰ ਲਈ ਹੈ। ਕੁਲ ਮਿਲਾ ਕੇ ਕੋਈ ਜਣਾ ਕਿਸੇ ਨੂੰ ਲੁੱਟੇ ਤੇ ਲੁੱਟ ਨੂੰ ਆਪਣਾ ਹੱਕ ਸਮਝੇ, ਉਸ ਨੂੰ ਕਦੇ ਵੀ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਜਿੱਥੇ ਇਸ ਦਿਸ਼ਾ 'ਚ ਸਿਆਸੀ ਪਾਰਟੀਆਂ ਤੇ ਸਰਕਾਰਾਂ ਨੂੰ ਸ਼ਿੱਦਤ ਨਾਲ ਸੋਚਣਾ ਵਿਚਾਰਣਾ ਬਣਦੈ ਉੱਥੇ ਸਾਨੂੰ ਵੀ ਆਪਣੇ ਅੰਦਰ ਝਾਤ ਮਾਰ ਲੈਣੀ ਚਾਹੀਦੀ ਹੈ। ਸਭ ਤਰ੍ਹਾਂ ਦੀ ਪ੍ਰਾਈਵੇਟ ਤੇ ਸਰਕਾਰੀ ਚੋਰੀ 'ਤੇ ਸਖ਼ਤੀ ਨਾਲ ਰੋਕ ਲੱਗਣੀ ਜ਼ਰੂਰੀ ਹੈ। ਚੋਰਾਂ ਲੁਟੇਰਿਆਂ ਨੂੰ ਜੇਕਰ ਅਜੇ ਵੀ ਨੱਥ ਨਾ ਪਈ ਗਈ ਤਾਂ ਆਪਣੀ ਮਹਾਂ ਪੁਰਖਾਂ ਤੇ ਗੁਰੂਆਂ ਪੀਰਾਂ ਦੀ ਧਰਤੀ 'ਤੇ ਹਰ ਪਾਸੇ ਚੋਰ ਹੀ ਚੋਰ ਨਜ਼ਰ ਆਉਣਗੇ। ਕੀ ਅਸੀਂ ਆਪਣੀ ਇਸ ਧਰਤੀ ਨੂੰ ਚੋਰਾਂ ਦਾ ਦੇਸ਼ ਕਹਿਣਾ ਪਸੰਦ ਕਰਾਂਗੇ?

ਪ੍ਰਿੰਸੀਪਲ ਡਾ. ਅਮਰਜੀਤ ਕੌਰ ਨਾਜ਼—ਇੱਕ ਰੌਸ਼ਨ ਯਾਦ, ਜੋ ਸਦਾ ਦਿਲਾਂ 'ਚ ਵਸਦੀ ਰਹੇਗੀ

ਅੱਜ ਦੋ ਵਰ੍ਹੇ ਬੀਤਣ ਤੋਂ ਬਾਅਦ ਵੀ ਇਹ ਲਗਦਾ ਕਿ ਉਹਨਾਂ ਦੀਆਂ ਯਾਦਾਂ ਦੀ ਖੁਸ਼ਬੂ ਅੱਜ ਵੀ ਫਿਜ਼ਾ ਵਿਚ ਮਹਿਕ ਰਹੀ ਹੈ। ਚੰਗੇ ਇਨਸਾਨ ਸਰੀਰਕ ਤੌਰ 'ਤੇ ਵਿਛੜ ਜਾਂਦੇ ਹਨ, ਪਰ ਆਪਣੀ ਸੋਚ, ਸ਼ਖ਼ਸੀਅਤ ਅਤੇ ਯਾਦਾਂ ਰਾਹੀਂ ਸਦਾ ਸਾਡੇ ਵਿਚਕਾਰ ਜਿਉਂਦੇ ਰਹਿੰਦੇ ਹਨ। ਕੁਝ ਸ਼ਖ਼ਸੀਅਤਾਂ ਅਜਿਹੀਆਂ ਹੁੰਦੀਆਂ ਹਨ ਜਿਨ੍ਹਾਂ ਦਾ ਜ਼ਿਕਰ ਸਿਰਫ਼ ਇੱਕ ਨਾਮ ਲੈਣ ਨਾਲ ਪੂਰਾ ਨਹੀਂ ਹੁੰਦਾ। ਉਹ ਆਪਣੇ ਪਿੱਛੇ ਅਜਿਹੀ ਯਾਦ, ਅਜਿਹਾ ਪ੍ਰਭਾਵ ਅਤੇ ਅਜਿਹੀ ਖ਼ੁਸ਼ਬੂ ਛੱਡ ਜਾਂਦੇ ਹਨ, ਜਿਸ ਨੂੰ ਸਮਾਂ ਵੀ ਮਿਟਾ ਨਹੀਂ ਸਕਦਾ। ਪ੍ਰਿੰਸੀਪਲ ਡਾ. ਅਮਰਜੀਤ ਕੌਰ ਨਾਜ਼ ਵੀ ਅਜਿਹੀ ਹੀ ਸਤਿਕਾਰਯੋਗ ਸ਼ਖ਼ਸੀਅਤ ਸਨ, ਜਿਨ੍ਹਾਂ ਨੂੰ ਯਾਦ ਕਰਦਿਆਂ ਮਨ ਵਿੱਚ ਸਤਿਕਾਰ, ਅੱਖਾਂ ਵਿੱਚ ਨਮੀ ਅਤੇ ਦਿਲ ਵਿੱਚ ਇੱਕ ਡੂੰਘੀ ਕਮੀ ਦਾ ਅਹਿਸਾਸ ਇਕੱਠਿਆਂ ਉੱਭਰਦਾ ਹੈ। ਕਿਸੇ ਇਨਸਾਨ ਦੇ ਇਸ ਦੁਨੀਆ ਤੋਂ ਚਲੇ ਜਾਣ ਨੂੰ ਮੌਤ ਕਿਹਾ ਜਾ ਸਕਦਾ ਹੈ, ਪਰ ਕਿਸੇ ਮਹਾਨ ਸ਼ਖ਼ਸੀਅਤ ਦੇ ਵਿਛੋੜੇ ਨੂੰ ਸਿਰਫ਼ ਮੌਤ ਦੇ ਸ਼ਬਦ ਤੱਕ ਸੀਮਤ ਕਰ ਦੇਣਾ ਉਸਦੀ ਜ਼ਿੰਦਗੀ ਨਾਲ ਇਨਸਾਫ਼ ਨਹੀਂ। ਕਿਉਂਕਿ ਕੁਝ ਲੋਕ ਆਪਣੀ ਜ਼ਿੰਦਗੀ ਵਿੱਚ ਇੰਨਾ ਕੁਝ ਦੇ ਜਾਂਦੇ ਹਨ ਕਿ ਉਨ੍ਹਾਂ ਦੇ ਜਾਣ ਤੋਂ ਬਾਅਦ ਵੀ ਉਨ੍ਹਾਂ ਦੀ ਸੋਚ, ਉਨ੍ਹਾਂ ਦੇ ਬੋਲ, ਉਨ੍ਹਾਂ ਦਾ ਪਿਆਰ ਅਤੇ ਉਨ੍ਹਾਂ ਦੀਆਂ ਯਾਦਾਂ ਸਾਡੇ ਨਾਲ ਤੁਰਦੀਆਂ ਰਹਿੰਦੀਆਂ ਹਨ। ਉਹਨਾਂ ਨੂੰ ਯਾਦ ਕਰਦਿਆਂ ਸਭ ਤੋਂ ਪਹਿਲਾਂ ਉਨ੍ਹਾਂ ਦੀ ਸ਼ਖ਼ਸੀਅਤ ਦੀ ਉਹ ਗਰਮਜੋਸ਼ੀ ਯਾਦ ਆਉਂਦੀ ਹੈ, ਜੋ ਮਿਲਣ ਵਾਲੇ ਨੂੰ ਆਪਣੇਪਣ ਦਾ ਅਹਿਸਾਸ ਕਰਵਾਉਂਦੀ ਸੀ। ਇੱਕ ਪ੍ਰਿੰਸੀਪਲ ਵਜੋਂ ਉਨ੍ਹਾਂ ਦੀ ਪਛਾਣ ਸਿਰਫ਼ ਇੱਕ ਅਹੁਦੇ ਨਾਲ ਨਹੀਂ ਸੀ; ਇੱਕ ਇਨਸਾਨ ਵਜੋਂ ਉਨ੍ਹਾਂ ਦੀ ਕਦਰ ਉਨ੍ਹਾਂ ਲੋਕਾਂ ਦੇ ਦਿਲਾਂ ਵਿੱਚ ਸੀ, ਜਿਨ੍ਹਾਂ ਨੇ ਉਨ੍ਹਾਂ ਨੂੰ ਨੇੜਿਓਂ ਜਾਣਿਆ ਅਤੇ ਉਨ੍ਹਾਂ ਨਾਲ ਸਮਾਂ ਬਿਤਾਇਆ। ਸਿੱਖਿਆ ਦੇ ਖੇਤਰ ਨਾਲ ਜੁੜੀ ਸ਼ਖ਼ਸੀਅਤ ਲਈ ਸਭ ਤੋਂ ਵੱਡੀ ਪ੍ਰਾਪਤੀ ਇਹ ਨਹੀਂ ਹੁੰਦੀ ਕਿ ਉਸਦਾ ਨਾਮ ਕਿੰਨੇ ਅਹੁਦਿਆਂ ਨਾਲ ਜੁੜਿਆ, ਸਗੋਂ ਇਹ ਹੁੰਦੀ ਹੈ ਕਿ ਉਸਦੀ ਸੋਚ ਨੇ ਕਿੰਨੇ ਮਨਾਂ ਨੂੰ ਪ੍ਰਭਾਵਿਤ ਕੀਤਾ ਅਤੇ ਉਸਦੀ ਰਹਿਨੁਮਾਈ ਨੇ ਕਿੰਨੀਆਂ ਜ਼ਿੰਦਗੀਆਂ ਨੂੰ ਸਹੀ ਦਿਸ਼ਾ ਵੱਲ ਤੁਰਨ ਲਈ ਪ੍ਰੇਰਿਤ ਕੀਤਾ। ਇੱਕ ਅਧਿਆਪਕ ਜਾਂ ਪ੍ਰਿੰਸੀਪਲ ਦੀ ਆਵਾਜ਼ ਭਾਵੇਂ ਇੱਕ ਸਮੇਂ ਲਈ ਸੁਣਾਈ ਦਿੰਦੀ ਹੈ, ਪਰ ਉਸਦੇ ਸ਼ਬਦ ਕਈ ਵਾਰ ਵਿਦਿਆਰਥੀਆਂ ਦੀ ਪੂਰੀ ਜ਼ਿੰਦਗੀ ਵਿੱਚ ਗੂੰਜਦੇ ਰਹਿੰਦੇ ਹਨ। ਉਹਨਾਂ ਦੀ ਯਾਦ ਵੀ ਉਨ੍ਹਾਂ ਸਾਰੇ ਦਿਲਾਂ ਵਿੱਚ ਇਸੇ ਤਰ੍ਹਾਂ ਜਿਉਂਦੀ ਰਹੇਗੀ, ਜਿਨ੍ਹਾਂ ਨੇ ਉਨ੍ਹਾਂ ਤੋਂ ਕੁਝ ਸਿੱਖਿਆ, ਉਨ੍ਹਾਂ ਤੋਂ ਹੌਸਲਾ ਲਿਆ ਜਾਂ ਉਨ੍ਹਾਂ ਦੀ ਸ਼ਖ਼ਸੀਅਤ ਤੋਂ ਕੋਈ ਚੰਗੀ ਪ੍ਰੇਰਣਾ ਪ੍ਰਾਪਤ ਕੀਤੀ। ਕਿਸੇ ਚੰਗੇ ਇਨਸਾਨ ਦੀ ਸਭ ਤੋਂ ਵੱਡੀ ਪਛਾਣ ਉਸਦੇ ਜਾਣ ਤੋਂ ਬਾਅਦ ਹੁੰਦੀ ਹੈ। ਜਦੋਂ ਉਹ ਸਾਡੇ ਵਿਚਕਾਰ ਹੁੰਦਾ ਹੈ ਤਾਂ ਅਸੀਂ ਉਸਦੀ ਮੌਜੂਦਗੀ ਨੂੰ ਸ਼ਾਇਦ ਆਮ ਸਮਝ ਲੈਂਦੇ ਹਾਂ। ਪਰ ਜਦੋਂ ਉਹ ਅਚਾਨਕ ਸਾਡੇ ਵਿਚਕਾਰ ਨਹੀਂ ਰਹਿੰਦਾ ਤਾਂ ਉਸਦੀ ਗੈਰ-ਮੌਜੂਦਗੀ ਹਰ ਉਸ ਥਾਂ ਮਹਿਸੂਸ ਹੁੰਦੀ ਹੈ ਜਿੱਥੇ ਕਦੇ ਉਸਦੀ ਆਵਾਜ਼ ਸੁਣਾਈ ਦਿੰਦੀ ਸੀ, ਜਿੱਥੇ ਉਸਦੀ ਸਲਾਹ ਮਿਲਦੀ ਸੀ ਅਤੇ ਜਿੱਥੇ ਉਸਦੀ ਮੌਜੂਦਗੀ ਨਾਲ ਇੱਕ ਖ਼ਾਸ ਰੌਣਕ ਮਹਿਸੂਸ ਹੁੰਦੀ ਸੀ। ਇਹੀ ਤਾਂ ਯਾਦਾਂ ਦੀ ਖ਼ੂਬਸੂਰਤੀ ਹੈ—ਇਹ ਇਨਸਾਨ

ਨੂੰ ਸਾਡੇ ਕੋਲੋਂ ਜਾਣ ਨਹੀਂ ਦਿੰਦੀਆਂ। ਕਦੇ ਕੋਈ ਪੁਰਾਣੀ ਤਸਵੀਰ ਸਾਹਮਣੇ ਆ ਜਾਂਦੀ ਹੈ, ਕਦੇ ਕੋਈ ਗੱਲ ਉਨ੍ਹਾਂ ਦੀ ਯਾਦ ਦਿਵਾ ਦਿੰਦੀ ਹੈ, ਕਦੇ ਕੋਈ ਥਾਂ ਅਚਾਨਕ ਅਤੀਤ ਦਾ ਦਰਵਾਜ਼ਾ ਖੋਲ੍ਹ ਦਿੰਦੀ ਹੈ। ਅੱਖਾਂ ਸਾਹਮਣੇ ਉਹੀ ਚਿਹਰਾ ਆ ਜਾਂਦਾ ਹੈ ਅਤੇ ਦਿਲ ਚੁੱਪਚਾਪ ਕਹਿੰਦਾ ਹੈ—ਕਾਸ਼! ਉਹ ਪਲ ਇੱਕ ਵਾਰ ਫਿਰ ਵਾਪਸ ਆ ਜਾਣ। ਪਰ ਸਮਾਂ ਪਿੱਛੇ ਨਹੀਂ ਮੁੜਦਾ। ਇਸੇ ਲਈ ਵਿਛੋੜੇ ਤੋਂ ਬਾਅਦ ਸਾਡੇ ਕੋਲ ਸਭ ਤੋਂ ਕੀਮਤੀ ਚੀਜ਼ ਯਾਦ ਰਹਿ ਜਾਂਦੀ ਹੈ ਜੋ ਉਨ੍ਹਾਂ ਨੂੰ ਜਾਣਨ ਵਾਲਿਆਂ ਦੇ ਦਿਲਾਂ ਵਿੱਚ ਇੱਕ ਅਜਿਹੀ ਰੌਸ਼ਨੀ ਵਾਂਗ ਰਹੇਗੀ, ਜੋ ਸਮੇਂ ਦੇ ਬੀਤਣ ਨਾਲ ਮੱਧਮ ਨਹੀਂ ਪਵੇਗੀ। ਉਨ੍ਹਾਂ ਨਾਲ ਬਿਤਾਏ ਪਲ, ਉਨ੍ਹਾਂ ਦੀਆਂ ਗੱਲਾਂ ਅਤੇ ਉਨ੍ਹਾਂ ਦੀ ਸ਼ਖ਼ਸੀਅਤ ਨਾਲ ਜੁੜੀਆਂ ਯਾਦਾਂ ਉਨ੍ਹਾਂ ਦੀ ਮੌਜੂਦਗੀ ਦਾ ਅਹਿਸਾਸ ਕਰਵਾਉਂਦੀਆਂ ਰਹਿਣਗੀਆਂ। ਅਸਲ ਵਿੱਚ ਇਨਸਾਨ ਦੀ ਜ਼ਿੰਦਗੀ ਦੀ ਸਭ ਤੋਂ ਵੱਡੀ ਕਮਾਈ ਉਸਦੀ ਜਾਇਦਾਦ ਨਹੀਂ ਹੁੰਦੀ, ਸਗੋਂ ਉਹ ਦਿਲ ਹੁੰਦੇ ਹਨ ਜਿਨ੍ਹਾਂ ਵਿੱਚ ਉਹ ਆਪਣੀ ਥਾਂ ਬਣਾ ਜਾਂਦਾ ਹੈ। ਦੌਲਤ ਅਤੇ ਅਹੁਦੇ ਸਮੇਂ ਦੇ ਨਾਲ ਪਿੱਛੇ ਰਹਿ ਜਾਂਦੇ ਹਨ, ਪਰ ਚੰਗਾ ਵਿਹਾਰ, ਨੇਕ ਸੋਚ ਅਤੇ ਇਨਸਾਨੀਅਤ ਦੀ ਛਾਪ ਪੀੜ੍ਹੀਆਂ ਤੱਕ ਕਾਇਮ ਰਹਿੰਦੀ ਹੈ। ਇਸੇ ਲਈ ਕਿਸੇ ਵਿਛੜੀ ਸ਼ਖ਼ਸੀਅਤ ਨੂੰ ਸੱਚੀ ਸ਼ਰਧਾਂਜਲੀ ਸਿਰਫ਼ ਸ਼ਰਧਾ ਦੇ ਦੋ ਸ਼ਬਦ ਲਿਖ ਦੇਣਾ ਨਹੀਂ। ਸੱਚੀ ਸ਼ਰਧਾਂਜਲੀ ਇਹ ਹੈ ਕਿ ਅਸੀਂ ਉਸ ਇਨਸਾਨ ਦੀਆਂ ਚੰਗੀਆਂ ਕਦਰਾਂ-ਕੀਮਤਾਂ ਨੂੰ ਆਪਣੀ ਜ਼ਿੰਦਗੀ ਵਿੱਚ ਜਿਉਂਦਾ ਰੱਖੀਏ। ਜੇ ਉਸਨੇ ਸਿੱਖਿਆ ਨੂੰ ਮਹੱਤਵ ਦਿੱਤਾ ਤਾਂ ਅਸੀਂ ਸਿੱਖਿਆ ਦੀ ਜੋਤ ਅੱਗੇ ਵਧਾਈਏ। ਜੇ ਉਸਨੇ ਇਨਸਾਨੀਅਤ ਨੂੰ ਤਰਜੀਹ ਦਿੱਤੀ ਤਾਂ ਅਸੀਂ ਵੀ ਮਨੁੱਖਤਾ ਨੂੰ ਆਪਣੀ ਜ਼ਿੰਦਗੀ ਦਾ ਆਧਾਰ ਬਣਾਈਏ। ਉਹਨਾਂ ਦਾ ਵਿਛੋੜਾ ਉਨ੍ਹਾਂ ਨੂੰ ਜਾਣਨ ਵਾਲਿਆਂ ਲਈ ਨਿਸ਼ਚਤ ਤੌਰ 'ਤੇ ਇੱਕ ਅਜਿਹੀ ਕਮੀ ਹੈ ਜਿਸਨੂੰ ਕੋਈ ਹੋਰ ਪੂਰਾ ਨਹੀਂ ਕਰ ਸਕਦਾ। ਹਰ ਸ਼ਖ਼ਸ ਆਪਣੀ ਥਾਂ ਵਿਲੱਖਣ ਹੁੰਦਾ ਹੈ ਅਤੇ ਕੁਝ ਖ਼ਾਲੀ ਥਾਵਾਂ ਜ਼ਿੰਦਗੀ ਭਰ ਖ਼ਾਲੀ ਹੀ ਰਹਿੰਦੀਆਂ ਹਨ। ਪਰ ਉਨ੍ਹਾਂ ਦੀਆਂ ਯਾਦਾਂ ਇਸ ਖ਼ਾਲੀਪਣ ਨੂੰ ਇੱਕ ਅਰਥ ਜ਼ਰੂਰ ਦਿੰਦੀਆਂ ਰਹਿਣਗੀਆਂ। ਵਕਤ ਜ਼ਖ਼ਮ ਨੂੰ ਸ਼ਾਇਦ ਸਹਿਣਾ ਸਿਖਾ ਦਿੰਦਾ ਹੈ, ਪਰ ਸੱਚੇ ਰਿਸ਼ਤਿਆਂ ਦੀ ਕਮੀ ਕਦੇ ਖ਼ਤਮ ਨਹੀਂ ਕਰਦਾ। ਅੱਜ ਜਦੋਂ ਅਸੀਂ ਡਾ. ਨਾਜ਼ ਜੀ ਨੂੰ ਦਿਲੋਂ ਯਾਦ ਕਰਦੇ ਹਾਂ ਤਾਂ ਇਹ ਸਿਰਫ਼ ਇੱਕ ਵਿਛੜੀ ਸ਼ਖ਼ਸੀਅਤ ਨੂੰ ਯਾਦ ਕਰਨਾ ਨਹੀਂ, ਸਗੋਂ ਇੱਕ ਅਜਿਹੇ ਜੀਵਨ ਨੂੰ ਸਲਾਮ ਕਰਨਾ ਹੈ ਜਿਸ ਨੇ ਆਪਣੇ ਪਿੱਛੇ ਯਾਦਾਂ ਦੀ ਇੱਕ ਅਮਿੱਟ ਪਰਗਡੰਡੀ ਛੱਡੀ ਹੈ। ਉਨ੍ਹਾਂ ਦੀ ਯਾਦ ਸਾਨੂੰ ਇਹ ਵੀ ਸਿਖਾਉਂਦੀ ਹੈ ਕਿ ਜ਼ਿੰਦਗੀ ਬਹੁਤ ਛੋਟੀ ਹੈ। ਸਾਡੇ ਕੋਲ ਇੱਕ-ਦੂਜੇ ਲਈ ਪਿਆਰ ਕਰਨ, ਸਤਿਕਾਰ ਦੇਣ, ਮਦਦ ਕਰਨ ਅਤੇ ਚੰਗੇ ਸ਼ਬਦ ਬੋਲਣ ਦਾ ਸਮਾਂ ਹੀ ਸਾਡੀ ਅਸਲ ਦੌਲਤ ਹੈ। ਕਿਉਂਕਿ ਆਖ਼ਰ ਵਿੱਚ ਇਨਸਾਨ ਦੀ ਪਛਾਣ ਉਸਦੇ ਜਾਣ ਤੋਂ ਬਾਅਦ ਉਸ ਦੀਆਂ ਯਾਦਾਂ ਅਤੇ ਉਸਦੇ ਕੀਤੇ ਚੰਗੇ ਕੰਮਾਂ ਰਾਹੀਂ ਹੀ ਰਹਿੰਦੀ ਹੈ। ਉਹ ਸਰੀਰਕ ਤੌਰ 'ਤੇ ਸਾਡੇ ਵਿਚਕਾਰ ਨਹੀਂ ਹਨ, ਪਰ ਉਨ੍ਹਾਂ ਦੀ ਯਾਦ ਉਨ੍ਹਾਂ ਨੂੰ ਜਾਣਨ ਵਾਲੇ ਹਰ ਦਿਲ ਵਿੱਚ ਆਪਣੀ ਥਾਂ ਬਣਾਈ ਰੱਖੇਗੀ। ਉਨ੍ਹਾਂ ਦਾ ਨਾਮ ਯਾਦਾਂ ਵਿੱਚ ਰਹੇਗਾ। ਉਨ੍ਹਾਂ ਦੀ ਸ਼ਖ਼ਸੀਅਤ ਸਤਿਕਾਰ ਵਿੱਚ ਰਹੇਗੀ ਉਨ੍ਹਾਂ ਦੀਆਂ ਗੱਲਾਂ ਯਾਦ ਆਉਂਦੀਆਂ ਰਹਿਣਗੀਆਂ ਅਤੇ ਉਨ੍ਹਾਂ ਦੀ ਕਮੀ ਹਮੇਸ਼ਾ ਮਹਿਸੂਸ ਹੁੰਦੀ ਰਹੇਗੀ। ਕੁਝ ਲੋਕ ਸਮੇਂ ਦਾ ਹਿੱਸਾ ਹੁੰਦੇ ਹਨ, ਪਰ ਕੁਝ ਲੋਕ ਸਮੇਂ ਤੋਂ ਪਰੇ ਯਾਦਾਂ ਦਾ ਹਿੱਸਾ ਬਣ ਜਾਂਦੇ ਹਨ। ਉਹ ਅਜਿਹੀ ਰੌਸ਼ਨ ਯਾਦ, ਜਿਸਨੂੰ ਸਮੇਂ ਦੀ ਧੂੜ ਕਦੇ ਢੱਕ ਨਹੀਂ ਸਕੇਗੀ।ਵਿਛੋੜਾ ਸਰੀਰਾਂ ਦਾ ਹੁੰਦਾ ਹੈ, ਯਾਦਾਂ ਦਾ ਨਹੀਂ।ਚੰਗੇ ਇਨਸਾਨ ਦੁਨੀਆ ਤੋਂ ਚਲੇ ਜਾਂਦੇ ਹਨ, ਪਰ ਦਿਲਾਂ ਵਿੱਚੋਂ ਕਦੇ ਨਹੀਂ ਜਾਂਦੇ।

ਮਾਸਟਰ ਨਵਜੀਤ ਸਿੰਘ ਦੀ ਕਲਮ ਤੋਂ

ਕੇਂਦਰੀ ਰਾਜ ਮੰਤਰੀ ਅਜੈ ਟਮਟਾ ਦਾ ਲੁਧਿਆਣਾ ਰੇਲਵੇ ਸਟੇਸ਼ਨ 'ਤੇ ਭਾਜਪਾ ਆਗੂ ਗੋਸ਼ਾ ਵੱਲੋਂ ਸਵਾਗਤ

ਲੁਧਿਆਣਾ, 26 ਸਤੰਬਰ (ਸਰਬਜੀਤ ਸੂਫ਼ੀ): ਕੇਂਦਰੀ ਸੜਕ ਆਵਾਜਾਈ ਅਤੇ ਰਾਜ ਮਾਰਗ ਰਾਜ ਮੰਤਰੀ ਸ੍ਰੀ ਅਜੈ ਟਮਟਾ ਦੇ ਲੁਧਿਆਣਾ ਪਹੁੰਚਣ 'ਤੇ ਸੀਨੀਅਰ ਭਾਜਪਾ ਆਗੂ ਗੁਰਦੀਪ ਸਿੰਘ ਗੋਸ਼ਾ ਅਤੇ ਖੁਸ਼ਵੰਤ ਸਿੰਘ ਗੀਗਾ ਦੀ ਅਗਵਾਈ ਵਿੱਚ ਭਾਜਪਾ ਵਰਕਰਾਂ ਵੱਲੋਂ ਰੇਲਵੇ ਸਟੇਸ਼ਨ 'ਤੇ ਨਿੱਘਾ ਸਵਾਗਤ ਕੀਤਾ ਗਿਆ। ਗੋਸ਼ਾ ਨੇ ਉਨ੍ਹਾਂ ਨੂੰ ਲੋਈ ਅਤੇ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ। ਟਮਟਾ ਨਸ਼ਿਆਂ ਖ਼ਲਾਫ਼ ਜਾਗਰੂਕਤਾ ਯਾਤਰਾ ਵਿੱਚ ਸ਼ਾਮਲ ਹੋਣ ਲਈ ਲੁਧਿਆਣਾ ਪਹੁੰਚੇ ਸਨ। ਇਸ ਮੌਕੇ ਗੁਰਦੀਪ ਸਿੰਘ ਗੋਸ਼ਾ ਨੇ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਮੁੱਦੇ 'ਤੇ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਪਲਾਈ ਲਾਈਨ ਅਜੇ ਵੀ ਜਾਰੀ ਹੈ ਅਤੇ ਕਾਨੂੰਨ ਵਿਵਸਥਾ ਦੀ ਸਥਿਤੀ ਵੀ ਚਿੰਤਾਜਨਕ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਸਰਕਾਰ ਤੋਂ ਬਿਆਨਾਂ ਦੀ ਬਜਾਏ ਠੋਸ ਨਤੀਜੇ ਚਾਹੁੰਦੇ ਹਨ। ਗੋਸ਼ਾ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ, ਸਿੱਖਿਆ ਅਤੇ ਰੋਜ਼ਗਾਰ ਵੱਲ ਧਿਆਨ ਦੇਣਾ ਚਾਹੀਦਾ ਹੈ। ਇਸ ਮੌਕੇ ਮੁਖਤਿਆਰ ਸਿੰਘ, ਸਿਕੰਦਰ ਸਿੰਘ, ਪ੍ਰਿਅੰਕਾ ਮੀਨਾ, ਵੀਰ ਸਿੰਘ ਢੇਸੀ, ਵਿਨੋਦ ਕੁਮਾਰ, ਸੁਖਵਿੰਦਰ ਸਿੰਘ, ਵਿਜੇ ਗੁਪਤਾ ਅਤੇ ਪ੍ਰਭਜੀਤ ਸਿੰਘ ਪੰਧੇਰ ਸਮੇਤ ਵੱਡੀ ਗਿਣਤੀ ਵਿੱਚ ਭਾਜਪਾ ਆਗੂ ਤੇ ਵਰਕਰ ਹਾਜ਼ਰ ਸਨ।

ਪੁੱਤਾਂ ਵਾਂਗ ਪਾਲੀ ਝੋਨੇ ਦੀ ਫਸਲ 'ਤੇ ਰਾਤੋ-ਰਾਤ ਰਾਊਂਡਅਪ ਸਪਰੇਅ, ਚਾਰ ਏਕੜ ਫਸਲ ਤਬਾਹ

ਕੋਟ ਈਸੇ ਖਾਂ, 26 ਸਤੰਬਰ (ਸੰਜੀਵ ਸੂਦ): ਪਿੰਡ ਖੋਸਾ ਰਣਧੀਰ ਵਿੱਚ ਇੱਕ ਕਿਸਾਨ ਦੀ ਕਰੀਬ ਚਾਰ ਏਕੜ ਝੋਨੇ ਦੀ ਫਸਲ 'ਤੇ ਅਣਪਛਾਤੇ ਵਿਅਕਤੀਆਂ ਵੱਲੋਂ ਰਾਊਂਡਅਪ ਸਪਰੇਅ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਪੀੜਤ ਕਿਸਾਨ ਗੁਰਦੀਪ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਅਣਪਛਾਤੇ ਵਿਅਕਤੀਆਂ ਨੇ ਉਸਦੇ ਖੇਤ ਵਿੱਚ ਦਾਖਲ ਹੋ ਕੇ ਝੋਨੇ ਦੀ ਫਸਲ 'ਤੇ ਰਾਊਂਡਅਪ ਸਪਰੇਅ ਕਰ ਦਿੱਤਾ, ਜਿਸ ਕਾਰਨ ਫਸਲ ਨੂੰ ਭਾਰੀ ਨੁਕਸਾਨ ਪਹੁੰਚਿਆ ਹੈ। ਕਿਸਾਨ ਮੁਤਾਬਕ ਇਸ ਘਟਨਾ ਨਾਲ ਉਸਦਾ ਲੱਖਾ ਰੁਪਏ ਦਾ ਨੁਕਸਾਨ ਹੋਇਆ ਹੈ। ਗੁਰਦੀਪ ਸਿੰਘ ਨੇ ਦੱਸਿਆ ਕਿ ਕਰੀਬ 20 ਦਿਨ ਪਹਿਲਾਂ ਵੀ ਉਸਦੇ ਖੇਤ ਵਿੱਚ ਲੱਗੇ ਬੋਰ ਨੂੰ ਨੁਕਸਾਨ ਪਹੁੰਚਾਇਆ ਗਿਆ ਸੀ। ਇਸ ਸਬੰਧੀ ਉਸ ਵੱਲੋਂ ਥਾਣਾ ਕੋਟ ਈਸੇ ਖਾਂ ਵਿਖੇ ਲਿਖਤੀ ਦਰਖਾਸਤ ਦਿੱਤੀ ਗਈ ਸੀ। ਕਿਸਾਨ ਨੇ ਦੋਸ਼ ਲਗਾਇਆ ਕਿ ਪਹਿਲੀ ਘਟਨਾ 'ਤੇ ਕਾਰਵਾਈ ਨਾ ਹੋਣ ਕਾਰਨ ਹੁਣ ਮੁੜ ਉਸਦੀ ਫਸਲ ਨੂੰ ਨੁਕਸਾਨ ਪਹੁੰਚਾਇਆ ਗਿਆ ਹੈ। ਕਿਸਾਨ ਨੇ ਜ਼ਿਲ੍ਹਾ ਪੁਲਿਸ ਮੁਖੀ ਤੋਂ ਮੰਗ ਕੀਤੀ ਕਿ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰਕੇ ਦੋਸ਼ੀਆਂ ਦੀ ਪਛਾਣ ਕੀਤੀ ਜਾਵੇ ਅਤੇ ਉਨ੍ਹਾਂ ਖ਼ਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਕਿਸਾਨਾਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਜਲਦ ਦੋਸ਼ੀਆਂ ਦੀ ਪਛਾਣ ਕਰਕੇ ਕਾਰਵਾਈ ਨਾ ਹੋਈ ਤਾਂ ਐੱਸ.ਐੱਸ.ਪੀ. ਮੋਗਾ ਨੂੰ ਮੰਗ ਪੱਤਰ ਦੇਣ ਤੋਂ ਬਾਅਦ ਧਰਨਾ ਲਗਾਇਆ ਜਾਵੇਗਾ। ਉਧਰ, ਮਾਮਲੇ ਦੀ ਜਾਂਚ ਕਰ ਰਹੇ ਪੁਲਿਸ ਅਧਿਕਾਰੀ ਜਸਵੰਤ ਸਿੰਘ ਨੇ ਦੱਸਿਆ ਕਿ ਕਿਸਾਨ ਵੱਲੋਂ ਪੁਲ

ਕੈਬਨਿਟ ਮੰਤਰੀ ਮੋਹਿੰਦਰ ਭਗਤ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ 15 ਲੱਖ ਦੇ ਸਕੂਲ ਪ੍ਰਾਜੈਕਟਾਂ ਦਾ ਉਦਘਾਟਨ

ਜਲੰਧਰ, 26 ਸਤੰਬਰ (ਪਰਮਜੀਤ ਸਿੰਘ) ਸਿੱਖਿਆ ਦੇ ਖੇਤਰ ਨੂੰ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਸੋਚ ਅਨੁਸਾਰ ਹੋਰ ਬਿਹਤਰ ਬਣਾਉਣ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵੱਲੋਂ ਅੱਜ ਪੰਜਾਬ ਸਿੱਖਿਆ ਕ੍ਰਾਂਤੀ ਸਕੀਮ ਤਹਿਤ 15 ਲੱਖ ਰੁਪਏ ਦੀ ਲਾਗਤ ਵਾਲੇ ਨਵੇਂ ਵਿਕਾਸ ਪ੍ਰਾਜੈਕਟਾਂ ਦਾ ਉਦਘਾਟਨ ਕੀਤਾ ਗਿਆ। ਇਨ੍ਹਾਂ ਪ੍ਰਾਜੈਕਟਾਂ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ, ਆਬਾਦਪੁਰਾ ਵਿੱਚ 10 ਲੱਖ ਰੁਪਏ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਆਬਾਦਪੁਰਾ ਵਿੱਚ 5 ਲੱਖ ਰੁਪਏ ਦੀ ਲਾਗਤ ਨਾਲ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨਾ ਸ਼ਾਮਲ ਹੈ। ਮੀਡੀਆ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਉੱਚ-ਗੁਣਵੱਤਾ ਵਾਲੀਆਂ ਸਿਹਤ ਸੇਵਾਵਾਂ ਅਤੇ ਬਿਹਤਰੀਨ ਸਿੱਖਿਆ ਪ੍ਰਦਾਨ ਕਰਨਾ ਸੂਬਾ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ। ਉਨ੍ਹਾਂ ਇਸ ਗੱਲ ਤੇ ਜ਼ੋਰ ਦਿੱਤਾ ਕਿ ਸੂਬੇ ਭਰ ਵਿੱਚ ਸਰਕਾਰੀ ਸਕੂਲਾਂ ਦਾ ਮੁਕੰਮਲ ਨਵੀਨੀਕਰਨ ਅਤੇ ਇਮਾਰਤਾਂ ਦਾ ਵਿਸਥਾਰ ਕੀਤਾ ਜਾ ਰਿਹਾ ਹੈ, ਜਿਸ ਨਾਲ ਉਨ੍ਹਾਂ ਨੂੰ ਪ੍ਰਾਈਵੇਟ ਸਕੂਲਾਂ ਤੋਂ ਵੀ ਬਿਹਤਰ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸਿੱਖਿਆ ਲਈ ਅਤਿ-ਆਧੁਨਿਕ ਮਾਹੌਲ ਯਕੀਨੀ ਬਣਾਉਣ ਲਈ ਇੰਟਰਐਕਟਿਵ ਐਲ.ਸੀ.ਡੀ. ਸਕਰੀਨਾਂ ਨਾਲ ਲੈਸ ਸਮਾਰਟ ਕਲਾਸਰੂਮਾਂ ਵਰਗੀਆਂ ਸਹੂਲਤਾਂ ਸ਼ੁਰੂ ਗਈਆਂ ਹਨ । ਸਰਕਾਰੀ ਸਕੂਲਾਂ ਦੇ ਉੱਚ-ਯੋਗਤਾ ਪ੍ਰਾਪਤ ਅਤੇ ਤਜਰਬੇਕਾਰ ਅਧਿਆਪਕਾਂ ਦੀ ਗੱਲ ਕਰਦਿਆਂ ਸ਼੍ਰੀ ਭਗਤ ਨੇ ਮਾਪਿਆਂ ਨੂੰ ਆਪਣੇ ਬੱਚਿਆਂ ਦਾ ਭਵਿੱਖ ਉੱਜਵਲ ਬਣਾਉਣ ਲਈ ਉਨ੍ਹਾਂ ਨੂੰ ਸਰਕਾਰੀ ਸੰਸਥਾਵਾਂ ਵਿੱਚ ਦਾਖ਼ਲ ਕਰਵਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਰੰਗਲਾ ਪੰਜਾਬ ਮੁਹਿੰਮ ਤਹਿਤ ਸੂਬੇ ਭਰ ਵਿੱਚ ਜਨਤਕ ਬੁਨਿਆਦੀ ਢਾਂਚੇ ਨੂੰ ਹੋਰ ਬਿਹਤਰ ਬਣਾਉਣ ਅਤੇ ਭਲਾਈ ਪ੍ਰੋਗਰਾਮਾਂ 'ਤੇ ਕਰੋੜਾਂ ਰੁਪਏ ਖਰਚੇ ਜਾ ਰਹੇ ਹਨ। ਪੰਜਾਬ ਸਿੱਖਿਆ ਕ੍ਰਾਂਤੀ ਦੇ ਕੋਆਰਡੀਨੇਟਰ ਸੰਜੀਵ ਭਗਤ ਨੇ ਸੂਬੇ ਭਰ ਦੇ ਸਕੂਲਾਂ ਵਿੱਚ ਵੱਡੇ ਪੱਧਰ ਤੇ ਪਹਿਲਕਦਮੀਆਂ ਸ਼ੁਰੂ ਕਰਨ ਲਈ ਪੰਜਾਬ ਸਰਕਾਰ ਦਾ ਧੰਨਵਾਦ ਪ੍ਰਗਟ ਕੀਤਾ। ਇਨ੍ਹਾਂ ਠੋਸ ਕਦਮਾਂ ਨਾਲ ਵਿੱਦਿਅਕ ਢਾਂਚੇ ਨੂੰ ਵੱਡਾ ਹੁਲਾਰਾ ਮਿਲੇਗਾ, ਕਲਾਸਾਂ ਆਧੁਨਿਕ ਤਕਨੀਕ ਨਾਲ ਲੈਸ ਹੋਣਗੀਆਂ ਅਤੇ ਪੂਰੇ ਸੂਬੇ ਵਿੱਚ ਵਿਦਿਆਰਥੀਆਂ ਲਈ ਸਿੱਖਿਆ ਦਾ ਪੱਧਰ ਉੱਚਾ ਹੋਵੇਗਾ। ਇਸ ਮੌਕੇ ਸਕੂਲ ਪ੍ਰਿੰਸੀਪਲ ਸੋਨੀਆ ਧਵਨ, ਹੈੱਡ ਟੀਚਰ ਨਰਿੰਦਰਜੀਤ ਕੌਰ, ਗੁਰਨਾਮ ਸਿੰਘ, ਚੇਅਰਪਰਸਨ ਐਸ.ਐਮ.ਸੀ. ਕਮੇਟੀ ਮੋਨਿਕਾ ਬੱਤਰਾ, ਸੁਸ਼ਮਾ ਭਗਤ, ਰਾਜ ਸੱਭਰਵਾਲ, ਰਾਜ ਕੁਮਾਰ, ਅਸ਼ੋਕ ਕੁਮਾਰ, ਗੁਰਪ੍ਰੀਤ ਸਿੰਘ, ਮਨਮੋਹਨ, ਪ੍ਰਵੀਨ ਬਾਲਾ, ਕਰਨ ਸੇਤੀਆ, ਅਨੁਜ ਤੇ ਹੋਰ ਸ਼ਖਸੀਅਤਾਂ ਵੀ ਮੌਜੂਦ ਸਨ।

ਖਹਿਰਾ-ਗਾਇਤ੍ਰੀ ਵਿਵਾਦ ਪਿੱਛੇ ਦਿੱਲੀ ਲੌਬੀ ਦੀ ਵੱਡੀ ਸਾਜ਼ਿਸ਼ ? ਪੰਜਾਬ ਚ ਸ਼ੁਰੂ ਹੋਈ ਕੰਟਰੋਲ ਦੀ ਗੰਦੀ ਸਿਆਸਤ

ਅੰਮ੍ਰਿਤਸਰ 26 ਸਤੰਬਰ (ਰਾਜੇਸ਼ ਡੈਨੀ) ਪਿਛਲੇ ਕੁਝ ਘੰਟਿਆਂ ਤੋਂ ਪੰਜਾਬ ਦੀ ਰਾਜਨੀਤੀ ਵਿੱਚ ਇੱਕ ਨਵਾਂ ਭੂਚਾਲ ਆ ਗਿਆ ਹੈ ! ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ ਅਤੇ ਆਮ ਆਦਮੀ ਪਾਰਟੀ ਦੀ ਆਗੂ ਬੀਬੀ ਗਾਇਤ੍ਰੀ ਬਿਸ਼ਨੋਈ ਵਿਚਾਲੇ ਛਿੜੀ ਤਿੱਖੀ ਜੰਗ ਨੇ ਪੰਜਾਬ ਦੇ ਸਿਆਸੀ ਗਲਿਆਰਿਆਂ ਚ ਹੜਕੰਪ ਮਚਾ ਦਿੱਤਾ ਹੈ। ਇੱਕ ਗੁੰਮਨਾਮ ਜਿਹੀ ਲੀਡਰ ਅੱਜ ਪੰਜਾਬ ਦੀ ਸਭ ਤੋਂ ਵੱਡੀ ਸਨਸਨੀਖੇਜ਼ ਖ਼ਬਰ ਬਣ ਚੁੱਕੀ ਹੈ। ਪਰ ਸਵਾਲ ਇਹ ਉੱਠਦਾ ਹੈ ਕਿ ਇੱਕ ਸਧਾਰਨ ਜਿਹੀ ਆਗੂ ਦਾ ਉੱਚ-ਸਦਾਂ ਚ ਐਨਾ ਦਬਦਬਾ ਕਿਵੇਂ ? ਮੰਤਰੀਆਂ ਬਰਾਬਰ ਸਹੂਲਤਾਂ, ਸਰਕਾਰੀ ਕੋਠੀਆਂ ਦੀ ਵਰਤੋਂ ਅਤੇ ਵੱਡੀਆਂ ਮੀਟਿੰਗਾਂ ਦੀ ਅਗਵਾਈ ਕਰਨ ਦਾ ਹੱਕ ਇਸ ਬੀਬੀ ਨੂੰ ਕਿਸ ਨੇ ਦਿੱਤਾ ? ਕੰਟਰੋਲ ਦੀ ਖੇਡ: ਦਿੱਲੀ ਲੌਬੀ ਦੀ ਪੰਜਾਬ ਤੇ ਤਿੱਖੀ ਨਜ਼ਰ ! ਅੰਦਰੂਨੀ ਸੂਤਰਾਂ ਅਤੇ ਸਿਆਸੀ ਮਾਹਰਾਂ ਮੁਤਾਬਕ, ਇਸ ਪੂਰੇ ਘਟਨਾਕ੍ਰਮ ਦਾ ਸੱਚ ਸਿਰਫ਼ ਸਰਕਾਰੀ ਕੋਠੀਆਂ ਤੱਕ ਸੀਮਤ ਨਹੀਂ ਹੈ, ਸਗੋਂ ਇਸ ਦੇ ਪਿੱਛੇ ਦਿੱਲੀ ਲੌਬੀ ਦਾ ਵੱਡਾ ਕੰਟਰੋਲ ਪਲਾਨ ਹੈ: ਮੁੱਖ ਮੰਤਰੀ ਦੀ ਰਹਾਇਸ਼ ਤੋਂ ਲੈ ਕੇ ਪਰਿਵਾਰ ਤੱਕ ਨਿਗਰਾਨੀ: ਜਿਸ ਤਰ੍ਹਾਂ ਮੁੱਖ ਮੰਤਰੀ ਤੇ ਨਿਗਰਾਨੀ ਲਈ ਖਾਸ ਚਿਹਰੇ ਤੈਨਾਤ ਕੀਤੇ ਗਏ, ਉਸੇ ਤਰ੍ਹਾਂ ਚਰਚਾ ਹੈ ਕਿ ਮੁੱਖ ਮੰਤਰੀ ਦੀ ਧਰਮਪਤਨੀ ਮੈਡਮ ਗੁਰਪ੍ਰੀਤ ਕੌਰ ਤੇ ਕਥਿਤ ਨਿਗਰਾਨੀ ਰੱਖਣ ਦੀ ਜ਼ਿੰਮੇਵਾਰੀ ਦਿੱਲੀ ਲੌਬੀ ਵੱਲੋਂ ਬੀਬੀ ਗਾਇਤ੍ਰੀ ਬਿਸ਼ਨੋਈ ਨੂੰ ਸੌਂਪੀ ਗਈ ਹੈ। ਮੈਡਮ ਗੁਰਪ੍ਰੀਤ ਕੌਰ ਵੀ ਅਸਹਿਜ ? ਦੱਸੀਆਂ ਜਾ ਰਹੀਆਂ ਖ਼ਬਰਾਂ ਮੁਤਾਬਕ, ਦਿੱਲੀ ਦੇ ਇਸ ਸਿਸਟਮ ਅਤੇ ਸੁਪਰਵਾਈਜ਼ਨ ਤੋਂ ਖੁਦ ਮੈਡਮ ਗੁਰਪ੍ਰੀਤ ਕੌਰ ਵੀ ਖੁਸ਼ ਜਾਂ ਸਹਿਜ ਮਹਿਸੂਸ ਨਹੀਂ ਕਰ ਰਹੇ। ਤੀਆਂ ਦੇ ਪ੍ਰੋਗਰਾਮਾਂ ਤੋਂ ਲੈ ਕੇ ਸਿਆਸੀ ਰੂਪ-ਰੇਖਾ: ਬੀਬੀ ਗਾਇਤ੍ਰੀ ਦੀ ਪਾਵਰ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਸੂਬੇ ਦੇ ਵੱਡੇ ਸਰਕਾਰੀ ਤੇ ਸਭਿਆਚਾਰਕ ਪ੍ਰੋਗਰਾਮਾਂ (ਜਿਵੇਂ ਤੀਆਂ ਦੇ ਤਿਉਹਾਰ) ਦੀ ਪੂਰੀ ਰੂਪ-ਰੇਖਾ ਵੀ ਇਹੀ ਤੈਅ ਕਰਦੀ ਰਹੀ ਹੈ। ਸਰਕਾਰੀ ਕੋਠੀਆਂ ਤੇ ਸਵਾਲ ਅਤੇ ਖਹਿਰਾ ਦੇ ਤਿੱਖੇ ਹਮਲੇ ! ਸੁਖਪਾਲ ਖਹਿਰਾ ਨੇ ਦੋਸ਼ ਲਗਾਇਆ ਹੈ ਕਿ ਚੰਡੀਗੜ੍ਹ ਦੇ ਸੈਕਟਰ-39 ਚ ਮੰਤਰੀਆਂ ਦੀਆਂ ਅਲਾਟ ਕੀਤੀਆਂ ਕੋਠੀਆਂ ਦਾ ਗੈਰ-ਕਾਨੂੰਨੀ ਇਸਤੇਮਾਲ ਕੀਤਾ ਜਾ ਰਿਹਾ ਹੈ। ਦੂਜੇ ਪਾਸੇ, ਗਾਇਤ੍ਰੀ ਬਿਸ਼ਨੋਈ ਨੇ ਇਨ੍ਹਾਂ ਇਲਜ਼ਾਮਾਂ ਦਾ ਤਿੱਖਾ ਜਵਾਬ ਦਿੰਦਿਆਂ ਕੋਰਟ ਚ ਜਾਣ ਦੀ ਧਮਕੀ ਦਿੱਤੀ ਹੈ। ਪਰ ਸਵਾਲ ਜਿਉਂ ਦਾ ਤਿਉਂ ਕਾਇਮ ਹੈ—ਕੀ ਪੰਜਾਬ ਸਰਕਾਰ ਨੂੰ ਚਲਾਉਣ ਦੀ ਡੋਰ ਅਸਲ ਚ ਦਿੱਲੀ ਦੀਆਂ ਹੱਥਾਂ ਚ ਹੈ ? ਸਿਆਸੀ ਪਾਰਿਆਂ ਚ ਚਰਚਾ ਗਰਮ ਹੈ... ਇਹ ਖੇਡ ਅਜੇ ਹੋਰ ਕਿਹੜੇ ਨਵੇਂ ਰਾਜ਼ ਖੋਲ੍ਹੇਗੀ ? ਜੁੜੇ ਰਹੋ ਸਾਡੇ ਨਾਲ !

ਕਸ਼ਮੀਰ ਸਿੰਘ ਪੰਜਗਰਾਈਆਂ ਵੱਲੋਂ ਪਿੰਡ ਹਰਪੁਰਾ ਵਿਖੇ ਕੀਤੀ ਗਈ ਮੀਟਿੰਗ

ਸ੍ਰੀ ਹਰਗੋਬਿੰਦਪੁਰ 26 ਸਤੰਬਰ (ਪ੍ਰਦੀਪ ਸਿੰਘ ਬੇਦੀ) ਹਲਕਾ ਸ੍ਰੀ ਹਰਗੋਬਿੰਦਪੁਰ ਦੇ ਪਿੰਡ ਹਰਪੁਰਾ ਵਿਖੇ ਅਕਾਲੀ ਦਲ 'ਵਾਰਿਸ ਪੰਜਾਬ ਦੇ' ਦੇ ਸੇਵਾਦਾਰ ਕਸ਼ਮੀਰ ਸਿੰਘ ਪੰਜਗਰਾਈਆਂ ਦੀ ਅਗਵਾਈ ਹੇਠ ਮੀਟਿੰਗ ਕੀਤੀ ਗਈ। ਮੀਟਿੰਗ ਦਾ ਮੁੱਖ ਉਦੇਸ਼ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਨੌਜਵਾਨਾਂ ਨੂੰ ਉਸਾਰੂ ਗਤੀਵਿਧੀਆਂ ਨਾਲ ਜੋੜਨ ਸਬੰਧੀ ਵਿਚਾਰ-ਵਟਾਂਦਰਾ ਕਰਨਾ ਰਿਹਾ। ਮੀਟਿੰਗ ਦੌਰਾਨ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਅਤੇ ਸਮਾਜ ਵਿੱਚ ਨਸ਼ਾ ਵਿਰੋਧੀ ਜਾਗਰੂਕਤਾ ਪੈਦਾ ਕਰਨ ਸਬੰਧੀ ਵੱਖ-ਵੱਖ ਵਿਚਾਰ ਸਾਂਝੇ ਕੀਤੇ ਗਏ। ਕਸ਼ਮੀਰ ਸਿੰਘ ਪੰਜਗਰਾਈਆਂ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਪਰਿਵਾਰਾਂ, ਸਮਾਜ ਅਤੇ ਨੌਜਵਾਨਾਂ ਦੀ ਸਾਂਝੀ ਭੂਮਿਕਾ ਜ਼ਰੂਰੀ ਹੈ। ਇਸ ਮੌਕੇ ਕੁਲਦੀਪ ਸਿੰਘ, ਹਰਵਿੰਦਰ ਸਿੰਘ, ਜੁਝਾਰ ਸਿੰਘ, ਚਰਨਜੀਤ ਸਿੰਘ, ਸੁਖਰਾਜ ਸਿੰਘ, ਆਤਮਾ ਸਿੰਘ, ਗੁਰਪ੍ਰੀਤ ਸਿੰਘ, ਰਣਯੋਧ ਸਿੰਘ, ਸਰੂਪ ਸਿੰਘ, ਸੁਖਬੀਰ ਸਿੰਘ, ਬਚਿੱਤਰ ਸਿੰਘ, ਦਲਬੀਰ ਸਿੰਘ, ਨਿਰਭਉ ਸਿੰਘ, ਲਖਬੀਰ ਸਿੰਘ ਸਮੇਤ ਹੋਰ ਸਾਥੀ ਹਾਜ਼ਰ ਸਨ।

ਧਾਰੀਵਾਲ ਵਿੱਚ ਵੱਧ ਰਹੀਆਂ ਚੋਰੀ ਦੀਆਂ ਘਟਨਾਵਾਂ ਤੋਂ ਲੋਕ ਪਰੇਸ਼ਾਨ

ਗੁਰਦਾਸਪੁਰ/ਧਾਰੀਵਾਲ, 26 ਸਤੰਬਰ (ਗੁਲਸ਼ਨ ਕੁਮਾਰ ਰਣੀਆਂ) ਧਾਰੀਵਾਲ ਸ਼ਹਿਰ ਵਿੱਚ ਦਿਨੋ-ਦਿਨ ਵੱਧ ਰਹੀਆਂ ਚੋਰੀ ਦੀਆਂ ਘਟਨਾਵਾਂ ਨੇ ਸਥਾਨਕ ਦੁਕਾਨਦਾਰਾਂ ਅਤੇ ਨਿਵਾਸੀਆਂ ਵਿੱਚ ਖੌਫ਼ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਤਾਜ਼ਾ ਮਾਮਲਾ ਮਿਸ਼ਨ ਹਸਪਤਾਲ ਦੇ ਨਜ਼ਦੀਕ ਰੇਲਵੇ ਫਾਟਕ ਕੋਲੋਂ ਸਾਹਮਣੇ ਆਇਆ ਹੈ, ਜਿੱਥੇ ਚੋਰਾਂ ਨੇ ਇੱਕੋ ਰਾਤ ਵਿੱਚ ਦੋ ਮੈਡੀਕਲ ਸਟੋਰਾਂ ਨੂੰ ਆਪਣਾ ਨਿਸ਼ਾਨਾ ਬਣਾਇਆ।ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਅਸ਼ੋਕਾ ਮੈਡੀਕਲ ਸਟੋਰ ਦੇ ਮਾਲਕ ਤਨੁਜ ਕੁਮਾਰ ਉਬਰਾਏ ਨੇ ਦੱਸਿਆ ਕਿ ਉਨ੍ਹਾਂ ਦੀ ਪਤਨੀ ਦੀ ਤਬੀਅਤ ਖਰਾਬ ਹੋਣ ਕਾਰਨ ਉਹ ਹਸਪਤਾਲ ਦਾਖਲ ਸਨ, ਜਿਸ ਕਰਕੇ ਪਿਛਲੇ 8-10 ਦਿਨਾਂ ਤੋਂ ਦੁਕਾਨ ਬੰਦ ਸੀ। ਬੀਤੀ ਰਾਤ ਅਣਪਛਾਤੇ ਚੋਰਾਂ ਨੇ ਸ਼ਟਰ ਦੇ ਤਾਲੇ ਤੋੜ ਕੇ ਦੁਕਾਨ ਅੰਦਰੋਂ ਕੁਝ ਮਹਿੰਗੀਆਂ ਦਵਾਈਆਂ ਅਤੇ ਨਗਦੀ ਚੋਰੀ ਕਰ ਲਈ। ਦੂਜੇ ਪਾਸੇ ਆਦਰਸ਼ ਮੈਡੀਕਲ ਸਟੋਰ ਦੇ ਮਾਲਕ ਰਾਜੇਸ਼ ਕੁਮਾਰ ਨੇ ਦੱਸਿਆ ਕਿ ਉਹ ਰੋਜ਼ਾਨਾ ਵਾਂਗ ਆਪਣੀ ਦੁਕਾਨ ਬੰਦ ਕਰਕੇ ਘਰ ਗਏ ਸਨ। ਸਵੇਰੇ ਕਿਸੇ ਰਾਹਗੀਰ ਨੇ ਫੋਨ ਤੇ ਸੂਚਨਾ ਦਿੱਤੀ ਕਿ ਦੁਕਾਨ ਦੇ ਤਾਲੇ ਅਤੇ ਸ਼ਟਰ ਟੁੱਟੇ ਹੋਏ ਹਨ। ਜਦੋਂ ਉਨ੍ਹਾਂ ਮੌਕੇ ਤੇ ਪਹੁੰਚ ਕੇ ਦੇਖਿਆ ਤਾਂ ਗੱਲੇ ਵਿੱਚ ਰੱਖੀ ਨਗਦੀ ਗਾਇਬ ਸੀ। ਚੋਰੀ ਦੀ ਇਸ ਵਾਰਦਾਤ ਨੂੰ ਅੰਜਾਮ ਦਿੰਦੇ ਹੋਏ ਚਾਲਾਕ ਚੋਰ ਪਛਾਣ ਛੁਪਾਉਣ ਦੇ ਮਕਸਦ ਨਾਲ ਦੋਵਾਂ ਦੁਕਾਨਾਂ ਦੇ ਸੀਸੀਟੀਵੀ ਕੈਮਰਿਆਂ ਦੇ ਡੀਵੀਆਰ ਵੀ ਆਪਣੇ ਨਾਲ ਖੋਲ੍ਹ ਕੇ ਲੈ ਗਏ। ਹਾਲਾਂਕਿ, ਆਸ-ਪਾਸ ਲੱਗੇ ਹੋਰ ਕੈਮਰਿਆਂ ਵਿੱਚ ਚੋਰਾਂ ਦੀ ਸੀਸੀਟੀਵੀ ਫੁਟੇਜ ਸਾਹਮਣੇ ਆਈ ਹੈ। ਦੁਕਾਨਦਾਰਾਂ ਵੱਲੋਂ ਘਟਨਾ ਸਬੰਧੀ ਸਥਾਨਕ ਪੁਲਿਸ ਥਾਣੇ ਵਿੱਚ ਲਿਖਤੀ ਸ਼ਿਕਾਇਤ ਦਰਜ ਕਰਵਾ ਦਿੱਤੀ ਗਈ ਹੈ। ਪੀੜਤ ਦੁਕਾਨਦਾਰਾਂ ਅਤੇ ਸ਼ਹਿਰ ਵਾਸੀਆਂ ਨੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਚੋਰਾਂ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕਰਕੇ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਇਲਾਕੇ ਵਿੱਚ ਰਾਤ ਦੀ ਗਸ਼ਤ ਵਧਾਈ ਜਾਵੇ।

ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋਏ ਮੀਰੀ ਪੀਰੀ ਖਾਲਸਾ ਮਾਰਚ ਦਾ ਪਿੰਡ ਜਗਦੇਵ ਕਲਾਂ ਵਿਖੇ ਸੰਗਤਾਂ ਵੱਲੋਂ ਭਰਵਾਂ ਸਵਾਗਤ: ਰਾਜਵਿੰਦਰ ਸਿੰਘ ਰਾਜਾ ਲਦੇਹ

ਅੰਮ੍ਰਿਤਸਰ, 26 ਸਤੰਬਰ (ਰਾਜੇਸ਼ ਡੈਨੀ) ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੂਰੀ ਚੜ੍ਹਦੀ ਕਲਾ ਅਤੇ ਖਾਲਸਾਈ ਸ਼ਾਨੋ-ਸ਼ੌਕਤ ਨਾਲ ਆਰੰਭ ਹੋਇਆ ਮੀਰੀ ਪੀਰੀ ਖਾਲਸਾ ਮਾਰਚ ਅੱਜ ਜਦੋਂ ਹਲਕਾ ਰਾਜਾਸਾਂਸੀ ਦੇ ਇਤਿਹਾਸਕ ਪਿੰਡ ਜਗਦੇਵ ਕਲਾਂ ਵਿਖੇ ਪਹੁੰਚਿਆ, ਤਾਂ ਇਲਾਕੇ ਦੀਆਂ ਸਮੂਹ ਸੰਗਤਾਂ ਵੱਲੋਂ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਦੀ ਗੂੰਜ ਵਿੱਚ ਇਸ ਦਾ ਅਲੌਕਿਕ ਅਤੇ ਭਰਵਾਂ ਸਵਾਗਤ ਕੀਤਾ ਗਿਆ। ਇਸ ਪਵਿੱਤਰ ਅਤੇ ਇਤਿਹਾਸਕ ਮਾਰਚ ਵਿੱਚ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਜ਼ਿਲ੍ਹਾ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਰਾਜਵਿੰਦਰ ਸਿੰਘ ਰਾਜਾ ਲਦੇਹ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਅਤੇ ਗੁਰੂ ਸਾਹਿਬ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਪੱਤਰਕਾਰਾਂ ਅਤੇ ਸੰਗਤਾਂ ਨਾਲ ਵਿਚਾਰ ਸਾਂਝੇ ਕਰਦਿਆਂ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਰਾਜਾ ਲਦੇਹ ਨੇ ਕਿਹਾ ਕਿ ਅੱਜ ਦਾ ਦਿਨ ਸਾਡੇ ਸਾਰਿਆਂ ਲਈ ਬਹੁਤ ਹੀ ਭਾਗਾਂ ਭਰਿਆ ਹੈ, ਜਦੋਂ ਸਾਨੂੰ ਇਸ ਮਹਾਨ ਖਾਲਸਾਈ ਮਾਰਚ ਦਾ ਹਿੱਸਾ ਬਣਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਉਹਨਾਂ ਦੱਸਿਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਜੀ ਗੜਗੱਜ ਦੀ ਅਗਵਾਈ ਹੇਠ ਨਿਕਲੇ ਇਸ ਮਾਰਚ ਨੇ ਸੰਗਤਾਂ ਵਿੱਚ ਨਵਾਂ ਉਤਸ਼ਾਹ ਅਤੇ ਗੁਰਮਤਿ ਦੀ ਗੂੜ੍ਹੀ ਲਹਿਰ ਪੈਦਾ ਕੀਤੀ ਹੈ। ਜਗਦੇਵ ਕਲਾਂ ਵਿਖੇ ਮਾਰਚ ਦੇ ਪਹੁੰਚਣ ਤੇ ਹਲਕਾ ਰਾਜਾਸਾਂਸੀ ਦੀ ਵੱਡੀ ਗਿਣਤੀ ਵਿੱਚ ਇਕੱਤਰ ਹੋਈ ਸੰਗਤ ਨੇ ਥਾਂ-ਥਾਂ ਤੇ ਫੁੱਲਾਂ ਦੀ ਵਰਖਾ ਕੀਤੀ ਅਤੇ ਸ਼ਰਧਾਲੂਆਂ ਲਈ ਵੱਖ-ਵੱਖ ਪ੍ਰਕਾਰ ਦੇ ਲੰਗਰ ਲਗਾਏ। ਪੂਰਾ ਇਲਾਕਾ ਗੁਰੂ ਦੇ ਜੈਕਾਰਿਆਂ ਅਤੇ ਖਾਲਸਾਈ ਰੰਗ ਵਿੱਚ ਰੰਗਿਆ ਨਜ਼ਰ ਆ ਰਿਹਾ ਸੀ। ਇਸ ਪਵਿੱਤਰ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਰਾਜਾ ਲਦੇਹ ਨੇ ਗੁਰੂ ਚਰਨਾਂ ਵਿੱਚ ਅਰਦਾਸ ਕਰਦਿਆਂ ਕਿਹਾ, ਸਤਿਗੁਰੂ ਸੱਚੇ ਪਾਤਸ਼ਾਹ ਸਮੂਹ ਸਾਧ ਸੰਗਤ ਤੇ ਆਪਣੀ ਮਿਹਰ ਭਰਿਆ ਹੱਥ ਬਣਾਈ ਰੱਖਣ, ਸਭ ਨੂੰ ਨਾਮ-ਬਾਣੀ ਅਤੇ ਸਿੱਖੀ ਨਾਲ ਜੋੜ ਕੇ ਰੱਖਣ ਅਤੇ ਇਲਾਕੇ ਵਾਸੀਆਂ ਨੂੰ ਹਮੇਸ਼ਾ ਚੜ੍ਹਦੀ ਕਲਾ ਬਖ਼ਸ਼ਣ। ਇਸ ਮੌਕੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਤੋਂ ਇਲਾਵਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ, ਸਥਾਨਕ ਪੰਚ-ਸਰਪੰਚ, ਧਾਰਮਿਕ ਸ਼ਖਸੀਅਤਾਂ ਅਤੇ ਹਲਕਾ ਰਾਜਾਸਾਂਸੀ ਦੀਆਂ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

ਹਿਊਮ

ਸ਼ਹੀਦ ਊਧਮ ਸਿੰਘ ਫਾਊਂਡੇਸ਼ਨ ਵੱਲੋਂ ਸੈਂਟਰਲ ਖ਼ਾਲਸਾ ਯਤੀਮਖਾਨਾ ਲਈ ਭੇਂਟ ਕੀਤਾ ਗਿਆ ਇੱਕ ਲੱਖ ਰੁਪਏ ਦਾ ਚੈੱਕ

ਅੰਮ੍ਰਿਤਸਰ 26 ਸਤੰਬਰ (ਮੋਹਕਮ ਸਿੰਘ) ਚੀਫ਼ ਖ਼ਾਲਸਾ ਦੀਵਾਨ ਮੁੱਖ ਦਫ਼ਤਰ ਵਿਖੇ ਸ਼ਹੀਦ ਊਧਮ ਸਿੰਘ ਫਾਊਂਡੇਸ਼ਨ ਦੇ ਪ੍ਰਧਾਨ ਸ੍.ਦੀਪ ਸਿੰਘ ਕੰਬੋਜ਼ ਵੱਲੋਂ ਸਮਾਜ ਸੇਵਾ ਦੇ ਉਦੇਸ਼ ਨਾਲ ਸੈਂਟਰਲ ਖ਼ਾਲਸਾ ਯਤੀਮਖਾਨਾ ਦੇ ਬੱਚਿਆਂ ਦੀ ਸੇਵਾ ਲਈ ਇੱਕ ਲੱਖ ਰੁਪਏ ਦਾ ਚੈੱਕ ਭੇਂਟ ਕੀਤਾ ਗਿਆ ਜੋ ਕਿ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਅਤੇ ਸਥਾਨਕ ਪ੍ਰਧਾਨ ਸ੍.ਕੁਲਜੀਤ ਸਿੰਘ ਸਾਹਨੀ ਦੇ ਹੱਥਾਂ ਵਿਚ ਸੌਂਪਿਆ ਗਿਆ। ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਨੇ ਇਸ ਨੇਕ ਕਾਰਜ ਵਿੱਚ ਸਹਿਯੋਗ ਦੇਣ ਲਈ ਫਾਊਂਡੇਸ਼ਨ ਅਹੁਦੇਦਾਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਚੀਫ਼ ਖ਼ਾਲਸਾ ਦੀਵਾਨ ਵੱਲੋਂ ਯਤੀਮਖਾਨਾ ਵਿਖੇ ਬੱਚਿਆਂ ਨੂੰ ਬਿਹਤਰ ਸਿੱਖਿਆ, ਸੰਭਾਲ, ਸੁਵਿਧਾਵਾਂ ਅਤੇ ਸਰਬਪੱਖੀ ਵਿਕਾਸ ਲਈ ਵਿਸ਼ੇਸ਼ ਯਤਨ ਕੀਤੇ ਜਾਂਦੇ ਹਨ ਅਤੇ ਸਮਾਜ ਸੇਵੀ ਸੰਸਥਾਵਾਂ ਵੱਲੋਂ ਦਿੱਤਾ ਜਾਂਦਾ ਅਜਿਹਾ ਸਹਿਯੋਗ ਇਹਨਾਂ ਯਤਨਾਂ ਨੂੰ ਹੋਰ ਮਜਬੂਤ ਕਰਕੇ ਬੱਚਿਆਂ ਦੇ ਉਜਵੱਲ ਭਵਿੱਖ ਲਈ ਮਹੱਤਵਪੂਰਨ ਯੋਗਦਾਨ ਦਿੰਦਾ ਹੈ। ਸ਼ਹੀਦ ਊਧਮ ਸਿੰਘ ਫਾਊਂਡੇਸ਼ਨ ਦੇ ਪ੍ਰਧਾਨ ਸ੍.ਦੀਪ ਸਿੰਘ ਕੰਬੋਜ਼ ਨੇ ਕਿਹਾ ਕਿ ਯਤੀਮਖਾਨਾ ਵਿਖੇ ਸ਼ਹੀਦ ਊਧਮ ਸਿੰਘ ਦੀ ਪਰਵਰਿਸ਼ ਦੇ ਨਾਲ—ਨਾਲ ਉਹਨਾਂ ਦੀ ਸ਼ਖ਼ਸ਼ੀਅਤ ਘਾੜਤ ਵਿਚ ਚੀਫ਼ ਖ਼ਾਲਸਾ ਦੀਵਾਨ ਦੀ ਅਹਿਮ ਭੂਮਿਕਾ ਰਹੀ ਹੈ। ਫਾਊਂਡੇਸ਼ਨ ਵੱਲੋਂ ਸ਼ਹੀਦ ਊਧਮ ਸਿੰਘ ਜੀ ਦੀ ਯਾਦ ਨਾਲ ਜੁੜੇ ਇਸ ਇਤਿਹਾਸਕ ਯਤੀਮਖਾਨੇ ਦੇ ਬੱਚਿਆਂ ਦੀ ਸੇਵਾ ਕਰਨਾ ਸ਼ਹੀਦ ਦੀ ਯਾਦ ਅਤੇ ਵਿਰਾਸਤ ਨੂੰ ਸਤਿਕਾਰ ਦੇਣ ਦਾ ਇਕ ਨਿਮਾਣਾ ਜਿਹਾ ਉਪਰਾਲਾ ਹੈ। ਸਥਾਨਕ ਪ੍ਰਧਾਨ ਸ੍.ਕੁਲਜੀਤ ਸਿੰਘ ਸਾਹਨੀ ਅਤੇ ਆਨਰੇਰੀ ਸਕੱਤਰ ਸ੍.ਰਮਣੀਕ ਸਿੰਘ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਫਾਊਂਡੇਸ਼ਨ ਵੱਲੋਂ ਲੋੜਵੰਦ ਬੱਚਿਆਂ ਦੀ ਸੇਵਾ ਲਈ ਅੱਗੇ ਆਉਣਾ ਸਿਰਫ ਵਿੱਤੀ ਸਹਾਇਤਾ ਨਹੀਂ ਸਗੋਂ ਫਾਊਂਡੇਸ਼ਨ ਦਾ ਸਮਾਜ ਅਤੇ ਮਨੁੱਖਤਾ ਪ੍ਰਤੀ ਜ਼ਿੰਮੇਵਾਰੀ ਨਿਭਾਉਣ ਦਾ ਉਤਮ ਉਪਰਾਲਾ ਯੋਗਦਾਨ ਦੱਸਿਆ। ਇਸ ਮੌਕੇ ਯਤੀਮਖਾਨਾ ਮੈਂਬਰ ਇੰਚਾਰਜ ਡਾ.ਆਤਮਜੀਤ ਸਿੰਘ ਬਸਰਾ ਨੇ ਧੰਨਵਾਦ ਕਰਦਿਆਂ ਇਸ ਰਾਸ਼ੀ ਨੂੰ ਯਤੀਮਖਾਨਾ ਦੇ ਬੱਚਿਆਂ ਦੀ ਲੋੜਾਂ ਪੂਰੀਆਂ ਕਰਨ ਵਿੱਚ ਮਹੱਤਵਪੂਰਨ ਦੱਸਿਆ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ, ਸਥਾਨਕ ਪ੍ਰਧਾਨ ਸ੍.ਕੁਲਜੀਤ ਸਿੰਘ ਸਾਹਨੀ, ਆਨਰੇਰੀ ਸਕੱਤਰ ਸ੍.ਰਮਣੀਕ ਸਿੰਘ, ਐਡੀ.ਆਨਰੇਰੀ ਸਕੱਤਰ ਸ੍.ਜਸਪਾਲ ਸਿੰਘ ਢਿੱਲੋਂ, ਐਜੂਕੇਸ਼ਨਲ ਕਮੇਟੀ ਦੇ ਆਨਰੇਰੀ ਸਕੱਤਰ ਸ੍.ਸਰਬਜੀਤ ਸਿੰਘ ਛੀਨਾ, ਫਾਊਂਡੇਸ਼ਨ ਦੇ ਪ੍ਰਧਾਨ ਸ੍.ਦੀਪ ਸਿੰਘ ਕੰਬੋਜ਼, ਕੈਸ਼ੀਅਰ ਸ੍.ਸੁਰਜੀਤ ਸਿੰਘ ਕੰਬੋਜ਼, ਦਫ਼ਤਰੀ ਸਕੱਤਰ ਸ੍.ਕੁਲਜੀਤ ਸਿੰਘ ਕੰਬੋਜ਼, ਯਤੀਮਖਾਨਾ ਮੈਂਬਰ ਇੰਚਾਰਜ ਡਾ.ਆਤਮਜੀਤ ਸਿੰਘ ਬਸਰਾ, ਦੀਵਾਨ ਮੈਂਬਰਜ਼ ਸ੍.ਤਰਲੋਚਨ ਸਿੰਘ, ਸ੍.ਗੁਰਭੇਜ ਸਿੰਘ, ਸ਼ਹੀਦ ਊਧਮ ਸਿੰਘ ਫਾਊਂਡੇਸ਼ਨ ਦੇ ਮੈਂਬਰਾਂ ਵਿਚ ਸ਼ਾਮਲ ਸ੍.ਮਨਪ੍ਰੀਤ ਸਿੰਘ, ਸ੍.ਪਰਮਜੀਤ ਸਿੰਘ (ਬਿੱਲਾ ਮਹੰਤ), ਸ੍.ਧਿਆਨ ਸਿੰਘ, ਸ੍.ਜੋਗਿੰਦਰ ਸਿੰਘ ਆਦਿ ਹਾਜ਼ਰ ਸਨ।

ਭਾਜਪਾ ਦੀਆਂ ਨੀਤੀਆਂ ਨੂੰ ਪਿੰਡ-ਪਿੰਡ, ਘਰ-ਘਰ ਪਹੁੰਚਾਉਣ ਲਈ ਜਤਿੰਦਰ ਕਲਿਆਣ ਦੀ ਟੀਮ ਸਰਗਰਮ

ਸ੍ਰੀ ਹਰਗੋਬਿੰਦਪੁਰ ਸਾਹਿਬ, 26 ਸਤੰਬਰ (ਸੰਜੀਵ ਨਈਅਰ) ਸ੍ਰੀ ਹਰਗੋਬਿੰਦਪੁਰ ਸਾਹਿਬ ਹਲਕੇ ਵਿੱਚ ਭਾਜਪਾ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਲਈ ਭਾਜਪਾ ਆਗੂ ਜਤਿੰਦਰ ਕਲਿਆਣ ਦੀ ਟੀਮ ਵੱਲੋਂ ਲਗਾਤਾਰ ਸਰਗਰਮੀਆਂ ਕੀਤੀਆਂ ਜਾ ਰਹੀਆਂ ਹਨ। ਟੀਮ ਵੱਲੋਂ ਭਾਜਪਾ ਦੀਆਂ ਨੀਤੀਆਂ ਅਤੇ ਪਾਰਟੀ ਦੇ ਸੰਦੇਸ਼ ਨੂੰ ਹਲਕੇ ਦੇ ਪਿੰਡਾਂ ਵਿੱਚ ਘਰ-ਘਰ ਤੱਕ ਪਹੁੰਚਾਉਣ ਲਈ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ। ਜਤਿੰਦਰ ਕਲਿਆਣ ਨੇ ਦੱਸਿਆ ਕਿ ਭਾਜਪਾ ਪੰਜਾਬ ਪ੍ਰਧਾਨ ਸੁਭਾਸ਼ ਸ਼ਰਮਾ ਅਤੇ ਸਾਬਕਾ ਐਮ. ਪੀ. ਸ੍ਰੀ ਆਨੰਦਪੁਰ ਸਾਹਿਬ ਦੇ ਪਿਆਰ ਅਤੇ ਸਹਿਯੋਗ ਸਦਕਾ ਉਨ੍ਹਾਂ ਨੂੰ ਹਿਮਾਚਲ ਪ੍ਰਦੇਸ਼ ਦੇ ਸਾਬਕਾ ਮੁੱਖ ਮੰਤਰੀ ਜੈਰਾਮ ਠਾਕੁਰ ਨਾਲ ਮੁਲਾਕਾਤ ਕਰਨ ਅਤੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕਰਨ ਦਾ ਮੌਕਾ ਮਿਲਿਆ। ਇਸ ਦੌਰਾਨ ਭਾਜਪਾ ਵੱਲੋਂ ਚਲਾਈ ਜਾ ਰਹੀ ਨਸ਼ਾ ਮੁਕਾਓ ਯਾਤਰਾ ਦੇ ਸਬੰਧ ਵਿੱਚ ਨੰਗਲ ਵਿਖੇ ਯਾਤਰਾ ਨਾਲ ਚੱਲਣ ਦਾ ਵੀ ਮੌਕਾ ਮਿਲਿਆ। ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂਆਂ ਅਸ਼ਵਨੀ ਸ਼ਰਮਾ, ਸਾਬਕਾ ਐਮ.ਪੀ. ਸੋਮ ਪ੍ਰਕਾਸ਼, ਸਾਬਕਾ ਐਮ.ਪੀ. ਅਵਿਨਾਸ਼ ਰਾਏ ਖੰਨਾ, ਪੰਜਾਬ ਭਾਜਪਾ ਦੇ ਜਨਰਲ ਸਕੱਤਰ ਪਰਮਿੰਦਰ ਬਰਾੜ ਅਤੇ ਸਾਬਕਾ ਮੰਤਰੀ ਮਦਨ ਮੋਹਨ ਮਿੱਤਲ ਸਮੇਤ ਹੋਰ ਆਗੂਆਂ ਨਾਲ ਮੁਲਾਕਾਤ ਹੋਈ। ਜਤਿੰਦਰ ਕਲਿਆਣ ਨੇ ਕਿਹਾ ਕਿ ਸੀਨੀਅਰ ਆਗੂਆਂ ਵੱਲੋਂ ਉਨ੍ਹਾਂ ਦੀ ਹੌਸਲਾ ਅਫਜ਼ਾਈ ਕਰਦਿਆਂ ਸ੍ਰੀ ਹਰਗੋਬਿੰਦਪੁਰ ਸਾਹਿਬ ਵਿੱਚ ਕੀਤੀ ਜਾ ਰਹੀ ਮਿਹਨਤ ਦੀ ਸ਼ਲਾਘਾ ਕੀਤੀ ਗਈ। ਜਤਿੰਦਰ ਕਲਿਆਣ ਨੇ ਕਿਹਾ ਕਿ ਸੀਨੀਅਰ ਆਗੂਆਂ ਵੱਲੋਂ ਉਨ੍ਹਾਂ ਨੂੰ ਹੌਸਲਾ ਦਿੰਦਿਆਂ ਕਿਹਾ ਗਿਆ ਕਿ ਸ੍ਰੀ ਹਰਗੋਬਿੰਦਪੁਰ ਸਾਹਿਬ ਵਿੱਚ ਕੀਤੀ ਜਾ ਰਹੀ ਮਿਹਨਤ ਜ਼ਰੂਰ ਰੰਗ ਲਿਆਏਗੀ ਅਤੇ ਆਉਣ ਵਾਲੇ ਸਮੇਂ ਵਿੱਚ ਭਾਜਪਾ ਹਲਕੇ ਵਿੱਚ ਹੋਰ ਮਜ਼ਬੂਤ ਹੋਵੇਗੀ। ਉਨ੍ਹਾਂ ਕਿਹਾ ਕਿ ਸੀਨੀਅਰ ਆਗੂਆਂ ਤੋਂ ਮਿਲਿਆ ਇਹ ਹੌਸਲਾ ਉਨ੍ਹਾਂ ਅਤੇ ਉਨ੍ਹਾਂ ਦੀ ਟੀਮ ਲਈ ਹੋਰ ਵੀ ਉਤਸ਼ਾਹ ਦਾ ਕਾਰਨ ਬਣਿਆ ਹੈ। ਉਨ੍ਹਾਂ ਦੀ ਟੀਮ ਵੱਲੋਂ ਹਲਕੇ ਦੇ ਪਿੰਡਾਂ ਵਿੱਚ ਲੋਕਾਂ ਨਾਲ ਲਗਾਤਾਰ ਸੰਪਰਕ ਕਰਕੇ ਭਾਜਪਾ ਦੀਆਂ ਨੀਤੀਆਂ, ਪਾਰਟੀ ਦੇ ਵਿਚਾਰ ਅਤੇ ਵਿਕਾਸ ਸਬੰਧੀ ਮੁੱਦਿਆਂ ਨੂੰ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਜਤਿੰਦਰ ਕਲਿਆਣ ਨੇ ਕਿਹਾ ਕਿ ਉਨ੍ਹਾਂ ਦਾ ਮਕਸਦ ਸਿਰਫ਼ ਸਿਆਸੀ ਸਰਗਰਮੀ ਤੱਕ ਸੀਮਤ ਨਹੀਂ, ਸਗੋਂ ਹਲਕੇ ਦੇ ਲੋਕਾਂ ਨਾਲ ਲਗਾਤਾਰ ਜੁੜ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਉਮੀਦਾਂ ਨੂੰ ਸਮਝਣਾ ਵੀ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਉਨ੍ਹਾਂ ਦੀ ਟੀਮ ਪੂਰੀ ਤਨਦੇਹੀ ਨਾਲ ਪਿੰਡ-ਪਿੰਡ ਅਤੇ ਘਰ-ਘਰ ਤੱਕ ਪਹੁੰਚ ਕਰਦੀ ਰਹੇਗੀ।

ਅਮਿਤਪਾਲ ਸਿੰਘ ਬਣੇ ਆਲ ਇੰਡੀਆ ਵਾਲਮੀਕੀ ਟਾਈਗਰ ਫੋਰਸ ਦੇ ਜਿਲ੍ਹਾ ਪ੍ਰਧਾਨ

ਗੁਰਦਾਸਪੁਰ 26 ਸਤੰਬਰ (ਗੁਲਸ਼ਨ ਕੁਮਾਰ ਰਣੀਆਂ) ਆਲ ਇੰਡੀਆ ਵਾਲਮੀਕੀ ਟਾਈਗਰ ਫੋਰਸ ਵੱਲੋਂ ਸ਼ਹਿਰ ਧਾਰੀਵਾਲ ਵਿਖੇ ਸ਼ਹਿਰੀ ਪ੍ਰਧਾਨ ਪਵਨ ਵੱਡਾ ਦੇ ਪ੍ਰਬੰਧਾ ਹੇਠ ਇੱਕ ਭਰਵੀਂ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੀਟਿੰਗ ਵਿੱਚ ਫੋਰਸ ਦੇ ਕੌਮੀ ਪ੍ਰਧਾਨ ਅਜੇ ਖੋਸਲਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਮੀਟਿੰਗ ਦੌਰਾਨ ਜੱਥੇਬੰਦੀ ਦੀਆਂ ਗਤੀਵਿਧੀਆਂ ਅਤੇ ਸਮਾਜਿਕ ਮੁੱਦਿਆਂ ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਜੱਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਕੌਮੀ ਪ੍ਰਧਾਨ ਅਜੇ ਖੋਸਲਾ ਵੱਲੋਂ ਧਾਰੀਵਾਲ ਦੇ ਹੋਣਹਾਰ ਨੌਜਵਾਨ ਅਮਿਤਪਾਲ ਸਿੰਘ ਦੀਆਂ ਸਮਾਜ ਪ੍ਰਤੀ ਸੇਵਾਵਾਂ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਆਲ ਇੰਡੀਆ ਵਾਲਮੀਕੀ ਟਾਈਗਰ ਫੋਰਸ ਦਾ ਜਿਲ੍ਹਾ ਗੁਰਦਾਸਪੁਰ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਮੌਕੇ ਨਵ-ਨਿਯੁਕਤ ਜਿਲ੍ਹਾ ਪ੍ਰਧਾਨ ਅਮਿਤਪਾਲ ਸਿੰਘ ਨੇ ਕੌਮੀ ਪ੍ਰਧਾਨ ਅਜੇ ਖੋਸਲਾ ਅਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕੀਤਾ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉਹ ਜੱਥੇਬੰਦੀ ਵੱਲੋਂ ਸੌਂਪੀ ਗਈ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਜਿਲ੍ਹਾ ਗੁਰਦਾਸਪੁਰ ਵਿੱਚ ਸਮਾਜ ਭਲਾਈ ਦੇ ਕਾਰਜਾਂ ਨੂੰ ਹੋਰ ਤੇਜ਼ ਕਰਨਗੇ।ਇਸ ਮੌਕੇ ਫੋਰਸ ਦੇ ਵਾਈਸ ਪ੍ਰਧਾਨ ਵਿੱਕੀ ਚੀਦਾ, ਕ੍ਰਿਸ਼ਚੀਅਨ ਆਗੂ ਬੱਬਾ ਗਿੱਲ, ਕੌਂਸਲਰ ਰਮੇਸ਼ ਮੇਸ਼ਾ, ਸ਼ਿਵ ਸੈਨਾ ਆਗੂ ਰੋਹਿਤ ਅਬਰੋਲ, ਆਪ ਆਗੂ ਨਵਨੀਤ ਵਿੱਜ, ਭਾਜਪਾ ਮੰਡਲ ਪ੍ਰਧਾਨ ਅਮਿਤ ਸੂਦ, ਸ਼ਮਸ਼ੇਰ ਲੋਹਲ, ਸਾਬਕਾ ਪ੍ਰਧਾਨ ਨਗਰ ਕੌਂਸਲ ਧਾਰੀਵਾਲ ਸਤੀਸ਼ ਬਿੱਟੂ, ਮਨਪ੍ਰੀਤ ਸਿੰਘ ਸੱਭਰਵਾਲ, ਹੀਰਾ ਦੇਵੀ ਦਾਸੀਆ, ਸ਼ੈਲੀ ਫਤਹਿ ਨੰਗਲ, ਸੰਜੂ ਅੰਮ੍ਰਿਤਸਰ, ਰੈਨਬੋ ਚੇਅਰਮੈਨ, ਕਰਮਜੀਤ ਸਿੰਘ ਢਿੱਲੋਂ, ਨਿਸ਼ਾਨ ਗਿੱਲ, ਮਾਈਕਲ ਸਹੋਤਾ, ਸਵਰਨ ਸਿੰਘ, ਗੋਪੀ, ਸਿਕੰਦਰ ਪ੍ਰਧਾਨ, ਮੁਨੀਸ਼ ਪ੍ਰਧਾਨ, ਰਿੰਕੂ ਪ੍ਰਧਾਨ ਵਾਲਮੀਕੀ ਸਮਾਜ, ਸੰਨੀ ਜੱਸਲ, ਮਨਜੋਤ ਸਿੰਘ, ਸਾਹਿਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਜੱਥੇਬੰਦੀ ਦੇ ਹੋਰ ਵੀ ਕਈ ਆਗੂ ਹਾਜ਼ਰ ਸਨ।

ਬਿਨਾਂ ਬਿੱਲ ਵਿਕਰੀ, ਕਾਲਾਬਾਜ਼ਾਰੀ, ਜਮ੍ਹਾਂਖੋਰੀ ਅਤੇ ਟੈਗਿੰਗ ਕਰਨ ਵਾਲਿਆਂ ਵਿਰੁੱਧ ਹੋਵੇਗੀ ਸਖ਼ਤ ਕਾਨੂੰਨੀ ਕਾਰਵਾਈ: ਮੁੱਖ ਖੇਤੀਬਾੜੀ ਅਫ਼ਸਰ

ਅੰਮ੍ਰਿਤਸਰ, 26 ਸਤੰਬਰ (ਰਾਜੇਸ਼ ਡੈਨੀ) ਜ਼ਿਲ੍ਹੇ ਅੰਦਰ ਪਿਛਲੇ ਕੁਝ ਸਮੇਂ ਤੋਂ ਖਾਦਾਂ ਦੀ ਉਪਲਬਧਤਾ ਸਬੰਧੀ ਕਿਸਾਨਾਂ ਨੂੰ ਪੇਸ਼ ਆ ਰਹੀਆਂ ਮੁਸ਼ਕਲਾਂ ਦੇ ਮੱਦੇਨਜ਼ਰ ਮਾਣਯੋਗ ਡਿਪਟੀ ਕਮਿਸ਼ਨਰ, ਅੰਮ੍ਰਿਤਸਰ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਮੁੱਖ ਖੇਤੀਬਾੜੀ ਅਫ਼ਸਰ ਅੰਮ੍ਰਿਤਸਰ ਸ. ਅਮਰਜੀਤ ਸਿੰਘ ਦੋਸਾਂਝ ਦੀ ਅਗਵਾਈ ਹੇਠ ਜ਼ਿਲ੍ਹੇ ਅੰਦਰ ਖਾਦ ਵਿਕਰੇਤਾਵਾਂ ਅਤੇ ਹੋਲਸੇਲਰਾਂ ਦੀ ਚੈਕਿੰਗ ਲਈ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਤਹਿਤ ਮੁੱਖ ਖੇਤੀਬਾੜੀ ਅਫ਼ਸਰ ਵੱਲੋਂ ਜ਼ਿਲ੍ਹੇ ਅੰਦਰ ਵੱਖ-ਵੱਖ ਖਾਦ ਵਿਕਰੇਤਾਵਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ। ਇਸ ਮੌਕੇ ਉਨ੍ਹਾਂ ਸਮੂਹ ਖਾਦ ਵਿਕਰੇਤਾਵਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੀਆਂ ਦੁਕਾਨਾਂ ਤੇ ਲਗਾਏ ਸਟਾਕ ਬੋਰਡਾਂ ਉੱਪਰ ਰੋਜ਼ਾਨਾ ਖਾਦਾਂ ਦੇ ਸਟਾਕ ਦੀ ਜਾਣਕਾਰੀ ਦਰਜ ਕਰਨ। ਉਨ੍ਹਾਂ ਸਖ਼ਤ ਹਦਾਇਤ ਕਰਦਿਆਂ ਕਿਹਾ ਕਿ ਡੀਲਰਾਂ ਵੱਲੋਂ ਕਿਸਾਨਾਂ ਨੂੰ ਵੇਚੀ ਜਾਣ ਵਾਲੀ ਹਰੇਕ ਖੇਤੀ ਸਮੱਗਰੀ ਦਾ ਪੱਕਾ ਬਿੱਲ ਜਾਰੀ ਕੀਤਾ ਜਾਵੇ ਅਤੇ ਕਿਸਾਨਾਂ ਨੂੰ ਕੇਵਲ ਲੋੜੀਂਦੀ ਖੇਤੀ ਸਮੱਗਰੀ ਹੀ ਵੇਚੀ ਜਾਵੇ। ਕਿਸਾਨਾਂ ਨੂੰ ਖਾਦਾਂ ਦੇ ਨਾਲ ਹੋਰ ਗੈਰ-ਜ਼ਰੂਰੀ ਵਸਤਾਂ ਦੀ ਟੈਗਿੰਗ ਕਰਕੇ ਵੇਚਣ ਦੀ ਇਜਾਜ਼ਤ ਨਹੀਂ ਹੋਵੇਗੀ। ਸ. ਦੋਸਾਂਝ ਨੇ ਖਾਦ ਵਿਕਰੇਤਾਵਾਂ ਨੂੰ ਇਹ ਵੀ ਹਦਾਇਤ ਕੀਤੀ ਕਿ ਪੀ.ਓ.ਐੱਸ. ਮਸ਼ੀਨਾਂ ਵਿੱਚ ਦਰਜ ਖਾਦਾਂ ਦੇ ਸਟਾਕ ਨੂੰ ਨਿਯਮਿਤ ਤੌਰ ਤੇ ਅਪਡੇਟ ਕੀਤਾ ਜਾਵੇ ਅਤੇ ਪੀ.ਓ.ਐੱਸ. ਮਸ਼ੀਨਾਂ ਤੇ ਭੌਤਿਕ ਸਟਾਕ ਵਿੱਚ ਪੂਰਾ ਤਾਲਮੇਲ ਯਕੀਨੀ ਬਣਾਇਆ ਜਾਵੇ, ਤਾਂ ਜੋ ਕਿਸਾਨਾਂ ਨੂੰ ਲੋੜ ਅਨੁਸਾਰ ਯੂਰੀਆ ਅਤੇ ਹੋਰ ਖਾਦਾਂ ਦੀ ਸਪਲਾਈ ਸੁਚਾਰੂ ਢੰਗ ਨਾਲ ਮਿਲ ਸਕੇ। ਮੁੱਖ ਖੇਤੀਬਾੜੀ ਅਫ਼ਸਰ ਨੇ ਕਿਹਾ ਕਿ ਚੈਕਿੰਗ ਦੌਰਾਨ ਜੇਕਰ ਕੋਈ ਦੁਕਾਨਦਾਰ ਖਾਦਾਂ, ਬੀਜਾਂ ਜਾਂ ਖੇਤੀ ਦਵਾਈਆਂ ਦੀ ਕਾਲਾਬਾਜ਼ਾਰੀ, ਜਮ੍ਹਾਂਖੋਰੀ ਜਾਂ ਬਿਨਾਂ ਬਿੱਲ ਤੋਂ ਵਿਕਰੀ ਕਰਦਾ ਪਾਇਆ ਗਿਆ ਤਾਂ ਉਸ ਵਿਰੁੱਧ ਸਬੰਧਤ ਐਕਟਾਂ ਅਤੇ ਕੰਟਰੋਲ ਆਰਡਰਾਂ ਅਨੁਸਾਰ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਅੰਮ੍ਰਿਤਸਰ ਦੇ ਸਮੂਹ ਬਲਾਕ ਖੇਤੀਬਾੜੀ ਅਫ਼ਸਰਾਂ ਨੂੰ ਵੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਉਹ ਆਪਣੇ ਅਧਿਕਾਰ ਖੇਤਰ ਵਿੱਚ ਕਿਸਾਨਾਂ ਲਈ ਖਾਦਾਂ ਦੀ ਉਪਲਬਧਤਾ ਯਕੀਨੀ ਬਣਾਉਣ ਅਤੇ ਇਹ ਵੀ ਯਕੀਨੀ ਬਣਾਉਣ ਕਿ ਕਿਸਾਨਾਂ ਨੂੰ ਖਾਦਾਂ ਸਰਕਾਰ ਵੱਲੋਂ ਨਿਰਧਾਰਤ ਕੰਟਰੋਲ ਰੇਟਾਂ ਤੇ ਬਿਨਾਂ ਕਿਸੇ ਟੈਗਿੰਗ ਦੇ ਮੁਹੱਈਆ ਕਰਵਾਈਆਂ ਜਾਣ। ਅੰਤ ਵਿੱਚ ਮੁੱਖ ਖੇਤੀਬਾੜੀ ਅਫ਼ਸਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਖਾਦਾਂ, ਖੇਤੀ ਦਵਾਈਆਂ ਅਤੇ ਬੀਜ ਖਰੀਦਣ ਸਮੇਂ ਦੁਕਾਨਦਾਰ ਤੋਂ ਪੱਕਾ ਬਿੱਲ ਜ਼ਰੂਰ ਪ੍ਰਾਪਤ ਕਰਨ। ਜੇਕਰ ਕੋਈ ਵਿਕਰੇਤਾ ਬਿੱਲ ਦੇਣ ਤੋਂ ਇਨਕਾਰ ਕਰਦਾ ਹੈ ਜਾਂ ਖਾਦਾਂ ਨਾਲ ਹੋਰ ਵਸਤਾਂ ਦੀ ਟੈਗਿੰਗ ਕਰਦਾ ਹੈ ਤਾਂ ਕਿਸਾਨ ਇਸ ਸਬੰਧੀ ਲਿਖਤੀ ਸ਼ਿਕਾਇਤ ਆਪਣੇ ਸਬੰਧਤ ਖੇਤੀਬਾੜੀ ਦਫ਼ਤਰ ਵਿਖੇ ਦਰਜ ਕਰਵਾ ਸਕਦੇ ਹਨ। ਉਨ੍ਹਾਂ ਕਿਸਾਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਖਾਦਾਂ ਦੀ ਉਪਲਬਧਤਾ ਜਾਂ ਕਿਸੇ ਹੋਰ ਖੇਤੀਬਾੜੀ ਸਮੱਸਿਆ ਸਬੰਧੀ ਆਪਣੇ ਸਬੰਧਤ ਬਲਾਕ ਖੇਤੀਬਾੜੀ ਅਫ਼ਸਰ ਨਾਲ ਸੰਪਰਕ ਕਰਨ, ਤਾਂ ਜੋ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕੀਤਾ ਜਾ ਸਕੇ।

ਸ੍ਰੀ ਰਾਧਾ ਕ੍ਰਿਸ਼ਨ ਮੰਦਰ ਦਾ ਸਥਾਪਨਾ ਦਿਵਸ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ

ਬਟਾਲਾ, 26 ਸਤੰਬਰ (ਸੰਜੀਵ ਨਈਅਰ) ਸ੍ਰੀ ਰਾਧਾ ਕ੍ਰਿਸ

ਪੰਜਾਬ ਦੀਆਂ ਪਾਰਟੀਆਂ ਚੋਣ ਮੈਨੀਫੈਸਟੋ ਨੂੰ ਕਾਨੂੰਨੀ ਦਸਤਾਵੇਜ਼ ਦਾ ਰੂਪ ਦੇਣ, ਤਾਂ ਜੋ ਜਵਾਬਦੇਹੀ ਤੈਅ ਹੋ ਸਕੇ : ਬੀਕੇਯੂ ਲੱਖੋਵਾਲ

ਮੋਗਾ, 26 ਸਤੰਬਰ (ਜਗਰਾਜ ਸਿੰਘ ਸੰਘਾ) : ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ,ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ, ਅਨੁਸ਼ਾਸਨੀ ਕਮੇਟੀ ਮੈਂਬਰ ਹਰਜੀਤ ਸਿੰਘ ਮਨਾਵਾਂ, ਸੂਬਾ ਆਗੂ ਹਰਨੇਕ ਸਿੰਘ ਫਤਿਹਗੜ੍ਹ, ਜ਼ਿਲ੍ਹਾ ਮੀਤ ਪ੍ਰਧਾਨ ਮੋਦਨ ਸਿੰਘ ਨਿਧਾਂਵਾਲਾ, ਮੀਤ ਪ੍ਰਧਾਨ ਲਖਵਿੰਦਰ ਸਿੰਘ ਰੌਲੀ, ਬਲਾਕ ਜਰਨਲ ਸਕੱਤਰ ਬੰਤ ਸਿੰਘ ਨਿਧਾਂਵਾਲਾ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਪੰਜਾਬ ਦੀਆਂ ਵੱਖ-ਵੱਖ ਰਾਜਨੀਤਿਕ ਪਾਰਟੀਆਂ ਵੱਲੋਂ ਕੀਤੇ ਜਾ ਰਹੇ ਦਾਅਵਿਆਂ ਦੇ ਨਾਲ-ਨਾਲ ਪੰਜਾਬ ਨੂੰ ਲੈ ਕੇ ਉਨ੍ਹਾਂ ਦਾ ਸਪਸ਼ਟ ਵਿਜ਼ਨ ਪੇਪਰ ਅਤੇ ਰੋਡਮੈਪ ਵੀ ਲੋਕਾਂ ਸਾਹਮਣੇ ਰੱਖਿਆ ਜਾਣਾ ਚਾਹੀਦਾ ਹੈ। ਹਰ ਰਾਜਨੀਤਿਕ ਪਾਰਟੀ ਇਹ ਸਪਸ਼ਟ ਕਰੇ ਕਿ ਉਹ ਪੰਜਾਬ ਨੂੰ ਕਿਸ ਦਿਸ਼ਾ ਵਿੱਚ ਲੈ ਕੇ ਜਾਣਾ ਚਾਹੁੰਦੀ ਹੈ, ਸੂਬੇ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਉਸ ਦੀ ਨੀਤੀ ਕੀ ਹੈ ਅਤੇ ਸਰਕਾਰ ਚਲਾਉਣ ਲਈ ਲੋੜੀਂਦੇ ਵਿੱਤੀ ਸਰੋਤ ਕਿੱਥੋਂ ਜੁਟਾਏ ਜਾਣਗੇ। ਦੌਲਤਪੁਰਾ ਨੇ ਕਿਹਾ ਕਿ ਪੰਜਾਬ ਇਸ ਸਮੇਂ ਕਰਜ਼ੇ ਦੇ ਬੋਝ ਹੇਠ ਹੈ। ਇਸ ਲਈ ਚੋਣਾਂ ਤੋਂ ਪਹਿਲਾਂ ਹਰ ਰਾਜਨੀਤਿਕ ਪਾਰਟੀ ਨੂੰ ਪੰਜਾਬ ਦੇ ਕਰਜ਼ੇ, ਆਮਦਨ ਦੇ ਸਰੋਤਾਂ, ਖਰਚਿਆਂ, ਰੁਜ਼ਗਾਰ, ਖੇਤੀਬਾੜੀ, ਉਦਯੋਗ, ਸਿੱਖਿਆ, ਸਿਹਤ ਅਤੇ ਹੋਰ ਬੁਨਿਆਦੀ ਖੇਤਰਾਂ ਬਾਰੇ ਸਪਸ ਼ਟ, ਅੰਕੜਿਆਂ ਸਮੇਤ ਅਤੇ ਸਮਾਂਬੱਧ ਕਾਰਜ-ਯੋਜਨਾ ਪੰਜਾਬ ਦੇ ਲੋਕਾਂ ਸਾਹਮਣੇ ਰੱਖਣੀ ਚਾਹੀਦੀ ਹੈ। ਇਸ ਦੇ ਨਾਲ ਇਹ ਵੀ ਦੱਸਿਆ ਜਾਵੇ ਕਿ ਪੰਜਾਬ ਸਿਰ ਚੜ੍ਹੇ ਕਰਜ਼ੇ ਨੂੰ ਘਟਾਉਣ ਲਈ ਉਨ੍ਹਾਂ ਦਾ ਠੋਸ ਰੋਡਮੈਪ ਕੀ ਹੋਵੇਗਾ ਅਤੇ ਸੂਬੇ ਦੀ ਆਮਦਨ ਵਿੱਚ ਵਾਧਾ ਕਿਵੇਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਰਾਜਨੀਤਿਕ ਪਾਰਟੀਆਂ ਨੂੰ ਇਹ ਵੀ ਸਪਸ਼ਟ ਕਰਨਾ ਚਾਹੀਦਾ ਹੈ ਕਿ ਉਹ ਪੰਜਾਬ ਦੀ ਜਵਾਨੀ ਲਈ ਰੁਜ਼ਗਾਰ ਦੇ ਮੌਕੇ ਕਿਵੇਂ ਪੈਦਾ ਕਰਨਗੀਆਂ, ਕਿਸਾਨੀ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਅਤੇ ਖੁਸ਼ਹਾਲ ਬਣਾਉਣ ਲਈ ਕੀ ਠੋਸ ਨੀਤੀ ਅਪਣਾਉਣਗੀਆਂ ਅਤੇ ਮਜ਼ਦੂਰ ਭਾਈਚਾਰੇ ਦੀ ਆਰਥਿਕ ਤੇ ਸਮਾਜਿਕ ਸਥਿਤੀ ਨੂੰ ਬਿਹਤਰ ਬਣਾਉਣ ਲਈ ਕੀ ਕਦਮ ਚੁੱਕਣਗੀਆਂ। ਇਨ੍ਹਾਂ ਤਿੰਨਾਂ ਵਰਗਾਂ ਲਈ ਸਿਰਫ਼ ਚੋਣਾਂ ਸਮੇਂ ਵਾਅਦੇ ਕਰਨ ਦੀ ਬਜਾਏ ਹਰ ਪਾਰਟੀ ਆਪਣੀ ਨੀਤੀ, ਕਾਰਜ-ਯੋਜਨਾ, ਵਿੱਤੀ ਸਰੋਤ ਅਤੇ ਸਮਾਂ-ਸੀਮਾ ਲਿਖਤੀ ਰੂਪ ਵਿੱਚ ਪੰਜਾਬ ਦੇ ਲੋਕਾਂ ਸਾਹਮਣੇ ਰੱਖੇ, ਤਾਂ ਜੋ ਲੋਕਾਂ ਨੂੰ ਇਹ ਸਪਸ਼ਟ ਪਤਾ ਹੋਵੇ ਕਿ ਸਰਕਾਰ ਬਣਨ ਤੋਂ ਬਾਅਦ ਇਨ੍ਹਾਂ ਵਾਅਦਿਆਂ ਨੂੰ ਅਮਲ ਵਿੱਚ ਲਿਆਉਣ ਲਈ ਅਸਲ ਯੋਜਨਾ ਕੀ ਹੈ। ਉਨ੍ਹਾਂ ਕਿਹਾ ਕਿ ਹਰ ਰਾਜਨੀਤਿਕ ਪਾਰਟੀ ਵੱਖ-ਵੱਖ ਮੁੱਦਿਆਂ ਨੂੰ ਉਭਾਰ ਕੇ ਆਪਣੇ ਆਪ ਨੂੰ ਲੋਕਾਂ ਸਾਹਮਣੇ ਸਹੀ ਸਾਬਤ ਕਰਨ ਦੀ ਕੋਸ਼ਿਸ਼ ਕਰਦੀ ਹੈ, ਪਰ ਪੰਜਾਬ ਦੀ ਜਵਾਨੀ, ਕਿਸਾਨੀ ਅਤੇ ਮਜ਼ਦੂਰ ਵਰਗ ਨਾਲ ਸਬੰਧਤ ਸਮੱਸਿਆਵਾਂ ਦੇ ਲੰਬੇ ਸਮੇਂ ਦੇ ਹੱਲ ਲਈ ਠੋਸ, ਸਪਸ਼ਟ ਅਤੇ ਜਵਾਬਦੇਹ ਕਾਰਜ-ਯੋਜਨਾ ਲੋਕਾਂ ਸਾਹਮਣੇ ਆਉਣੀ ਜ਼ਰੂਰੀ ਹੈ। ਇਨ੍ਹਾਂ ਵਰਗਾਂ ਦੇ ਭਵਿੱਖ ਨਾਲ ਜੁੜੇ ਵਾਅਦਿਆਂ ਨੂੰ ਸਿਰਫ਼ ਚੋਣੀ ਭਾਸ਼ਣਾਂ ਤੱਕ ਸੀਮਤ ਨਾ ਰੱਖਿਆ ਜਾਵੇ। ਦੌਲਤਪੁਰਾ ਨੇ ਕਿਹਾ ਕਿ ਰਾਜਨੀਤਿਕ ਪਾਰਟੀਆਂ ਵੱਲੋਂ ਜਾਰੀ ਕੀਤੇ ਜਾਣ ਵਾਲੇ ਚੋਣ ਮੈਨੀਫੈਸਟੋ ਨੂੰ ਸਿਰਫ਼ ਚੋਣ ਵਾਅਦਿਆਂ ਤੱਕ ਸੀਮਤ ਨਾ ਰੱਖਿਆ ਜਾਵੇ, ਸਗੋਂ ਇਸ ਨੂੰ ਕਾਨੂੰਨੀ ਤੌਰ 'ਤੇ ਜਵਾਬਦੇਹ ਬਣਾਉਣ ਯੋਗ ਦਸਤਾਵੇਜ਼ ਬਣਾਉਣ ਦੀ ਵਿਵਸਥਾ ਕੀਤੀ ਜਾਵੇ। ਇਸ ਵਿੱਚ ਪਾਰਟੀ ਵੱਲੋਂ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਸਮਾਂ-ਸੀਮਾ, ਵਿੱਤੀ ਸਰੋਤ ਅਤੇ ਕਾਰਜ-ਵਿਧੀ ਸਪਸ਼ਟ ਦਰਜ ਹੋਵੇ, ਤਾਂ ਜੋ ਸਰਕਾਰ ਬਣਨ ਤੋਂ ਬਾਅਦ ਲੋਕ ਉਸ ਦੀ ਕਾਰਗੁਜ਼ਾਰੀ ਦੀ ਪੜਤਾਲ ਕਰ ਸਕਣ ਅਤੇ ਵਾਅਦਿਆਂ ਦੀ ਜਵਾਬਦੇਹੀ ਤੈਅ ਹੋ ਸਕੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਸਿਰਫ਼ ਚੋਣਾਂ ਸਮੇਂ ਕੀਤੇ ਜਾਣ ਵਾਲੇ ਵਾਅਦੇ ਨਹੀਂ, ਸਗੋਂ ਵਾਅਦਿਆਂ ਨੂੰ ਪੂਰਾ ਕਰਨ ਦੀ ਸਪਸ਼ਟ ਜਵਾਬਦੇਹੀ ਚਾਹੁੰਦੇ ਹਨ। ਇਸ ਲਈ ਸਾਰੀਆਂ ਰਾਜਨੀਤਿਕ ਪਾਰਟੀਆਂ ਪੰਜਾਬ ਲਈ ਆਪਣਾ ਵਿਜ਼ਨ ਪੇਪਰ, ਵਿੱਤੀ ਰੋਡਮੈਪ ਅਤੇ ਚੋਣ ਮੈਨੀਫੈਸਟੋ ਸਪਸ਼ਟ ਰੂਪ ਵਿੱਚ ਜਾਰੀ ਕਰਨ ਅਤੇ ਪੰਜਾਬ ਦੇ ਲੋਕਾਂ ਸਾਹਮਣੇ ਇਹ ਭਰੋਸਾ ਰੱਖਣ ਕਿ ਸਰਕਾਰ ਬਣਨ ਉਪਰੰਤ ਉਹ ਆਪਣੇ ਐਲਾਨਾਂ ਨੂੰ ਕਿਵੇਂ ਅਤੇ ਕਿਹੜੀ ਸਮਾਂ-ਸੀਮਾ ਵਿੱਚ ਲਾਗੂ ਕਰਨਗੀਆਂ।

ਰਾਜਾ ਵੜਿੰਗ ਵੱਲੋਂ ਬਡਲਾ ਨੂੰ ਦਿੱਤੇ ਥਾਪੜੇ ਨੇ ਬਦਲੀ ਹਲਕਾ ਅਮਰਗੜ੍ਹ ਦੀ ਸਿਆਸੀ ਤਸਵੀਰ

ਮਾਲੇਰਕੋਟਲਾ, 26 ਸਤੰਬਰ (ਮੁਨਸ਼ੀ ਫ਼ਾਰੂਕ) : ਸਿਆਸਤ ਨੂੰ ਹਮੇਸ਼ਾ ਅਨਿਸਚਤਤਾ ਦਾ ਖੇਡ ਕਿਹਾ ਜਾਂਦਾ ਹੈ ਕਿਉਂਕਿ ਕਦੋਂ ਕੀ ਹੋ ਜਾਵੇ ਕਿਹਾ ਨੀ ਜਾ ਸਕਦਾ। ਹਲਕਾ ਅਮਰਗੜ੍ਹ ਵਿੱਚ ਕਾਂਗਰਸ ਪਾਰਟੀ ਪਿਛਲੀ ਚੋਣ ਬੁਰੀ ਤਰਾਂ ਹਾਰੀ ਸੀ। ਪਿਛਲੀ ਚੋਣ ਵਿੱਚ ਜਿੱਥੇ ਕਾਂਗਰਸ ਪਾਰਟੀ ਦੀ ਜਮਾਨਤ ਜ਼ਬਤ ਹੋਈ ਸੀ ਉਥੇ ਹੀ ਕਾਂਗਰਸੀ ਉਮੀਦਵਾਰ ਚੌਥੇ ਨੰਬਰ ਤੇ ਰਿਹਾ ਸੀ। ਇਸ ਵਾਰ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਇੰਚਾਰਜ ਸਚਿਨ ਪਾਇਲਟ ਵੱਲੋਂ ਨੌਜਵਾਨਾਂ ਨੂੰ ਟਿਕਟਾਂ ਦੇਣ ਦੇ ਐਲਾਨ ਤੋਂ ਬਾਅਦ ਹਲਕਾ ਅਮਰਗੜ੍ਹ ਦੀ ਸਿਆਸਤ ਵੀ ਗਰਮਾ ਗਈ ਹੈ। ਪੀਪੀਸੀਸੀਸ ਡੈਲੀਗੇਟ ਪ੍ਰਿਤਪਾਲ ਕੌਰ ਬਡਲਾ ਜੋ ਲਗਾਤਾਰ 2015 ਤੋਂ ਹਲਕਾ ਅਮਰਗੜ੍ਹ ਵਿੱਚ ਵਿਚਰ ਰਹੇ ਹਨ ਅਤੇ ਪਿਛਲੀ ਵਾਰ ਜਿਹਨਾਂ ਦੀ ਟਿਕਟ ਕੱਟ ਗਈ ਸੀ ਇਸ ਵਾਰ ਪੂਰੇ ਜ਼ੋਰ ਸ਼ੋਰ ਨਾਲ ਤਿਆਰੀ ਕਰ ਰਹੇ ਹਨ । ਕਾਂਗਰਸ ਪਾਰਟੀ ਦੇ ਹਰ ਪ੍ਰੋਗਰਾਮ ਵਿੱਚ ਬੀਬੀ ਬਡਲਾ ਜਿੱਥੇ ਵੱਧ ਚੜ ਕੇ ਹਿੱਸਾ ਲੈ ਰਹੇ ਹਨ ਉੱਥੇ ਹੀ ਕਾਂਗਰਸ ਪ੍ਰਧਾਨ ਰਾਜਾ ਵੜਿੰਗ ਨਾਲ ਵੀ ਮੋਢੇ ਨਾਲ ਮੋਢਾ ਲਾ ਕੇ ਪਾਰਟੀ ਦੀ ਚੜ੍ਹਦੀ ਕਲਾਂ ਲਈ ਕੰਮ ਕਰ ਰਹੇ ਹਨ । ਕੱਲ ਚੰਡੀਗੜ ਵਿਖੇ ਕਾਂਗਰਸ ਪਾਰਟੀ ਵੱਲੋਂ ਦਿੱਤੇ ਧਰਨੇ ਵਿੱਚ ਵੀ ਬੀਬੀ ਬਡਲਾ ਹਲਕਾ ਅਮਰਗੜ੍ਹ ਦੇ ਆਪਣੇ ਸਾਥੀਆਂ ਸਮੇਤ ਸ਼ਾਮਿਲ ਹੋਏ । ਧਰਨੇ ਵਿੱਚ ਪਾਣੀ ਦੀਆਂ ਬੁਛਾੜਾਂ ਅੱਗੇ ਵੀ ਬਡਲਾ ਪਰਿਵਾਰ ਅਤੇ ਸਾਥੀ ਪੂਰੇ ਡਟੇ ਰਹੇ । ਬੀਬੀ ਬਡਲਾ ਦੇ ਪਤੀ ਹਰਮਨਦੀਪ ਬਡਲਾ ਧਰਨੇ ਸਮੇਂ ਜ਼ਖ਼ਮੀ ਹੋ ਗਏ ਸਨ ਜਿਸ ਕਰਕੇ ਧਰਨੇ ਤੋਂ ਬਾਅਦ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਕਾਂਗਰਸ ਭਵਨ ਵਿਖੇ ਬਡਲਾ ਪਰਿਵਾਰ ਨਾਲ ਮੁਲਾਕਾਤ ਕੀਤੀ ਗਈ ਅਤੇ ਉਹਨਾਂ ਦੀ ਹੌਸਲਾ ਅਫਜਾਈ ਕੀਤੀ । ਮੁਲਾਕਾਤ ਸਮੇਂ ਵੜਿੰਗ ਵੱਲੋਂ ਪ੍ਰਿਤਪਾਲ ਬਡਲਾ ਦੀ ਮਿਹਨਤ ਦੀ ਸਰਾਹਨਾ ਕਰਦਿਆਂ ਉਨ੍ਹਾਂ ਦੀ ਪਿੱਠ ਥਾਪੜਦਿਆਂ ਉਹਨਾਂ ਨੂੰ ਘਰ-ਘਰ ਤੱਕ ਕਾਂਗਰਸ ਪਾਰਟੀ ਦਾ ਸੰਦੇਸ਼ ਪਹੁੰਚਾਉਣ ਲਈ ਕਿਹਾ ਗਿਆ। ਮੁਲਾਕਾਤ ਤੋਂ ਬਾਅਦ ਪ੍ਰਿਤਪਾਲ ਬਡਲਾ ਪੂਰੀ ਤਰਾਂ ਖੁਸ ਨਜ਼ਰ ਆਏ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬੀਬੀ ਬਡਲਾ ਨੇ ਕਿਹਾ ਕਿ ਹਲਕਾ ਅਮਰਗੜ੍ਹ ਤੋਂ ਇਸ ਵਾਰ ਕਾਂਗਰਸ ਪਾਰਟੀ ਜ਼ਰੂਰ ਜਿੱਤੇਗੀ ਅਤੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਜੀ ਦੀ ਅਗਵਾਈ ਹੇਠ ਹਲਕੇ ਦੇ ਹਰ ਪਿੰਡ ਵਿੱਚ ਕਾਂਗਰਸ ਪਾਰਟੀ ਦਾ ਝੰਡਾ ਬੁਲੰਦ ਕੀਤਾ ਜਾਵੇਗਾ । ਬਡਲਾ ਨੂੰ ਰਾਜਾ ਵੜਿੰਗ ਦੇ ਥਾਪੜੇ ਤੋਂ ਬਾਅਦ ਹਲਕਾ ਅਮਰਗੜ੍ਹ ਦੀ ਸਿਆਸੀ ਤਸਵੀਰ ਪੂਰੀ ਤਰ੍ਹਾਂ ਬਦਲਦੀ ਨਜ਼ਰ ਆ ਰਹੀ ਹੈ।

ਸਫ਼ਾ ਇੱਕ ਦੀਆਂ ਬਾਕੀ...

ਯੂਪੀ ਚੋਣਾਂ ਤੋਂ ਪਹਿਲਾਂ.....

ਨੂੰ ਤੇਜ਼ ਕਰਨ ਲਈ ਭਾਜਪਾ ਦੀ ਕੌਮੀ ਲੀਡਰਸ਼ਿਪ ਅਤੇ ਹੋਰ ਸੀਨੀਅਰ ਅਹੁਦੇਦਾਰਾਂ ਨਾਲ ਵੀ ਚਰਚਾ ਕਰਨ ਦੀ ਉਮੀਦ ਹੈ। ਉੱਤਰ ਪ੍ਰਦੇਸ਼ ਵਿੱਚ ਅਗਲੇ ਸਾਲ ਵਿਧਾਨ ਸਭਾ ਚੋਣਾਂ ਹੋਣੀਆਂ ਹਨ। ਚੋਣਾਂ ਨੇੜੇ ਆਉਣ ਦੇ ਨਾਲ ਹੀ ਸੂਬੇ ਵਿੱਚ ਸਿਆਸੀ ਸਰਗਰਮੀਆਂ ਤੇਜ਼ ਹੋ ਗਈਆਂ ਹਨ। ਲਗਾਤਾਰ ਦੂਜੀ ਵਾਰ ਸੂਬੇ ਵਿੱਚ ਸਰਕਾਰ ਬਣਾਉਣ ਤੋਂ ਬਾਅਦ, ਪਾਰਟੀ ਨੂੰ ਹੁਣ ਆਗਾਮੀ ਵਿਧਾਨ ਸਭਾ ਚੋਣਾਂ ਵਿੱਚ ਸੱਤਾ ਬਣਾਈ ਰੱਖਣ ਯੋਗੀ ਆਦਿਤਿਆਨਾਥ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਚਕਾਰ ਹੋਣ ਵਾਲੀ ਮੁਲਾਕਾਤ ਸਿਆਸੀ ਹਲਕਿਆਂ ਵਿੱਚ ਚਰਚਾ ਦਾ ਵਿਸ਼ਾ ਬਣੀ ਹੋਈ ਹੈ। ਮੁੱਖ ਮੰਤਰੀ ਯੋਗੀ ਅਤੇ ਕੇਂਦਰੀ ਲੀਡਰਸ਼ਿਪ ਵਿਚਕਾਰ ਹੋਣ ਵਾਲੀ ਗੱਲਬਾਤ ਨੂੰ ਸੂਬੇ ਦੀ ਭਵਿੱਖੀ ਸਿਆਸੀ ਦਿਸ਼ਾ ਦੇ ਸੰਦਰਭ ਵਿੱਚ ਦੇਖਿਆ ਜਾ ਰਿਹਾ ਹੈ। ਉੱਤਰ ਪ੍ਰਦੇਸ਼ ਦੀ ਸਿਆਸਤ ਵਿੱਚ ਮੁੱਖ ਮੰਤਰੀ ਅਤੇ ਕੇਂਦਰੀ ਲੀਡਰਸ਼ਿਪ ਵਿਚਕਾਰ ਤਾਲਮੇਲ ਨੂੰ ਹਮੇਸ਼ਾ ਹੀ ਬਹੁਤ ਅਹਿਮ ਮੰਨਿਆ ਗਿਆ ਹੈ। ਚੋਣਾਂ ਤੋਂ ਪਹਿਲਾਂ ਦੋਵਾਂ ਆਗੂਆਂ ਵਿਚਕਾਰ ਹੋਣ ਵਾਲੀ ਗੱਲਬਾਤ ਸੂਬੇ ਨਾਲ ਜੁੜੇ ਸਿਆਸੀ ਅਤੇ ਪ੍ਰਸ਼ਾਸਨਿਕ ਮੁੱਦਿਆਂ ਦੇ ਲਿਹਾਜ਼ ਨਾਲ ਵੀ ਅਹਿਮ ਸਾਬਤ ਹੋ ਸਕਦੀ ਹੈ। ਫਿਲਹਾਲ, ਮੁੱਖ ਮੰਤਰੀ ਯੋਗੀ ਆਦਿਤਿਆਨਾਥ ਦੇ ਦਿੱਲੀ ਦੌਰੇ ਨੇ ਉੱਤਰ ਪ੍ਰਦੇਸ਼ ਦੀ ਆਗਾਮੀ ਚੋਣ ਸਿਆਸਤ ਬਾਰੇ ਕਿਆਸਅਰਾਈਆਂ ਨੂੰ ਹੋਰ ਤੇਜ਼ ਕਰ ਦਿੱਤਾ ਹੈ। ਪ੍ਰਧਾਨ ਮੰਤਰੀ ਮੋਦੀ ਨਾਲ ਮੁਲਾਕਾਤ ਤੋਂ ਬਾਅਦ ਹੀ ਇਹ ਸਪੱਸ਼ਟ ਹੋਵੇਗਾ ਕਿ ਕਿਹੜੇ ਮੁੱਦਿਆਂ 'ਤੇ ਚਰਚਾ ਕੀਤੀ ਗਈ ਅਤੇ ਆਗਾਮੀ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਲੀਡਰਸ਼ਿਪ ਪੱਧਰ 'ਤੇ ਕੀ ਰਣਨੀਤੀ ਉਲੀਕੀ ਜਾਂਦੀ ਹੈ।

ਛਪਾਰ ਦੇ ਇਤਿਹਾਸਕ ਮੇਲੇ.....

ਬੇਦਰਦੀ ਨਾਲ ਲੁੱਟਿਆ ਹੈ। ਲੋਕਾਂ ਨੇ ਬਦਲਾਅ ਦੇ ਨਾਂ 'ਤੇ ਜਿਸ ਸਰਕਾਰ ਨੂੰ ਚੁਣਿਆ ਸੀ, ਉਸ ਦਾ ਅਸਲ ਚਿਹਰਾ ਵੀ ਹੁਣ ਸਭ ਦੇ ਸਾਹਮਣੇ ਆ ਚੁੱਕਾ ਹੈ। ਮੌਜੂਦਾ ਸਰਕਾਰ ਪੂਰੀ ਤਰ੍ਹਾਂ ਦਿੱਲੀ ਦੇ ਆਕਾਵਾਂ ਦੀ ਹੱਥ-ਠੋਕਾ ਬਣ ਕੇ ਰਹਿ ਗਈ ਹੈ ਅਤੇ ਦਿੱਲੀ ਬੈਠੇ ਲੋਕ ਪੰਜਾਬ ਦੇ ਕੀਮਤੀ ਸਰਮਾਏ ਤੇ ਸਾਧਨਾਂ ਨੂੰ ਦੋਵੇਂ ਹੱਥੀਂ ਲੁੱਟ ਰਹੇ ਹਨ।' ਉਨ੍ਹਾਂ ਅੱਗੇ ਜ਼ੋਰ ਦਿੰਦਿਆਂ ਕਿਹਾ ਕਿ 'ਵਾਰਿਸ ਪੰਜਾਬ ਦੇ ਅਕਾਲੀ ਦਲ' ਹੀ ਇੱਕੋ-ਇੱਕ ਅਜਿਹੀ ਸੱਚੀ ਖੇਤਰੀ (ਰਿਜਨਲ) ਪਾਰਟੀ ਹੈ ਜੋ ਪੰਜਾਬ, ਪੰਜਾਬੀਅਤ ਅਤੇ ਪੰਜਾਬ ਦੇ ਹੱਕਾਂ ਦੀ ਰੱਖਿਆ ਕਰ ਸਕਦੀ ਹੈ। ਉਨ੍ਹਾਂ ਸੂਬੇ ਦੇ ਸੁੱਚੇ ਲੋਕਾਂ ਨੂੰ ਭਾਵੁਕ ਅਪੀਲ ਕੀਤੀ ਕਿ ਜੇਕਰ ਪੰਜਾਬ ਦੇ ਉੱਜਵਲ ਭਵਿੱਖ ਅਤੇ ਜਵਾਨੀ ਨੂੰ ਬਚਾਉਣਾ ਹੈ, ਤਾਂ ਇਸ ਵਾਰ 'ਵਾਰਿਸ ਪੰਜਾਬ ਦੇ ਅਕਾਲੀ ਦਲ' ਦਾ ਡਟ ਕੇ ਸਾਥ ਦਿੱਤਾ ਜਾਵੇ ਅਤੇ ਇਸ ਨਵੀਂ ਸੋਚ ਨੂੰ ਅੱਗੇ ਲਿਆਂਦਾ ਜਾਵੇ। ਇਸ ਮੌਕੇ ਸੀਨੀਅਰ ਆਗੂ ਜਥੇਦਾਰ ਅਵਤਾਰ ਸਿੰਘ ਜੱਸਲ,ਪ੍ਰਧਾਨ ਕੁਲਵੰਤ ਸਿੰਘ ਸੋਹਲ (ਸ਼ਹਿਰੀ ਪ੍ਰਧਾਨ),ਮਾਸਟਰ ਬਲਵੀਰ ਸਿੰਘ ਦਲੇਰ,ਪਰਮਜੀਤ ਸਿੰਘ ਜਵੰਦਾ,ਨਵਜੋਤ ਸਿੰਘ ਜੋਤੀ ਬੂਟ ਹਾਊਸ, ਜਸਵਿੰਦਰ ਸਿੰਘ ਜੱਸੀ,ਸੁਪਰਡੈਂਟ ਮਨੋਜ ਗਰਗ,ਚੇਅਰਮੈਨ ਨਿਰਮਲ ਸਿੰਘ ਬੌੜਾਈ,ਕੌਂਸਲਰ ਅਮਨ ਅਰੋੜੀਦੀ ਤੋਂ ਇਲਾਵਾ ਪਾਰਟੀ ਦੇ ਵੱਡੀ ਗਿਣਤੀ ਵਿੱਚ ਸਥਾਨਕ ਅਹੁਦੇਦਾਰ ਇਲਾਕਾ ਨਿਵਾਸੀ ਅਤੇ ਪਾਰਟੀ ਵਰਕਰ ਉਤਸ਼ਾਹ ਨਾਲ ਹਾਜ਼ਰ ਸਨ।

ਪੰਥਕ ਕਾਨਫਰੰਸ ਦੇ ਨਾਮ.....

ਭਲਾਈ, ਖੁਸ਼ਹਾਲ ਕਿਸਾਨੀ, ਮਜ਼ਬੂਤ ਵਪਾਰ, ਰੁਜ਼ਗਾਰ ਅਤੇ ਨੌਜਵਾਨਾਂ ਦੇ ਭਵਿੱਖ ਨੂੰ ਕੇਂਦਰ ਵਿੱਚ ਰੱਖਿਆ ਜਾਵੇ। ਛਪਾਰ ਮੇਲੇ ਮੌਕੇ ਹੋਈ ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਪੰਥਕ ਕਾਨਫਰੰਸ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਨੇ ਸ਼ਮੂਲੀਅਤ ਕੀਤੀ। ਕਾਨਫਰੰਸ ਦੌਰਾਨ 'ਵਾਰਿਸ ਪੰਜਾਬ ਦੇ' ਵੱਲੋਂ ਪੰਜਾਬ ਦੇ ਹਿੱਤਾਂ ਨੂੰ ਕੇਂਦਰ ਵਿੱਚ ਰੱਖ ਕੇ ਆਪਣੀ ਸਿਆਸੀ ਦਿਸ਼ਾ ਅਤੇ ਏਜੰਡਾ ਪੇਸ਼ ਕੀਤਾ ਗਿਆ। ਵੱਡੀ ਗਿਣਤੀ ਵਿੱਚ ਪਹੁੰਚੀ ਸੰਗਤ ਨੂੰ ਸੰਬੋਧਨ ਕਰਦਿਆਂ ਮਨਪ੍ਰੀਤ ਸਿੰਘ ਇਆਲੀ ਨੇ ਆਪਣੇ ਦਾਖਾ ਹਲਕੇ ਵਿੱਚ ਕੀਤੇ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਥਾਨਕ ਪੱਧਰ 'ਤੇ ਕੀਤੇ ਗਏ ਕੰਮ ਵੀ ਵੱਡੇ ਬਦਲਾਅ ਦੀ ਨੀਂਹ ਬਣ ਸਕਦੇ ਹਨ। ਉਨ੍ਹਾਂ ਨੇ ਕਿਹਾ ਕਿ ਜਦੋਂ ਉਹ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਸਨ ਤਾਂ ਹਲਕੇ ਵਿੱਚ ਕੁਦਰਤੀ ਤਰੀਕੇ ਨਾਲ ਪਾਣੀ ਦੇ ਇਲਾਜ ਨਾਲ ਸਬੰਧਤ ਪ੍ਰੋਜੈਕਟ ਲਗਾਏ ਗਏ ਸਨ। ਉਨ੍ਹਾਂ ਨੇ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਦਾ ਕੇਂਦਰ ਸਰਕਾਰ ਦੀਆਂ ਰਿਪੋਰਟਾਂ ਵਿੱਚ ਵੀ ਜ਼ਿਕਰ ਹੋਇਆ ਅਤੇ ਬਾਅਦ ਵਿੱਚ ਬਿਹਾਰ, ਮੱਧ ਪ੍ਰਦੇਸ਼, ਮਹਾਰਾਸ਼ਟਰ ਅਤੇ ਤਾਮਿਲਨਾਡੂ ਸਮੇਤ ਹੋਰ ਸੂਬਿਆਂ ਨੇ ਵੀ ਇਸ ਤਰ੍ਹਾਂ ਦੇ ਮਾਡਲ ਨੂੰ ਅਪਣਾਇਆ। ਇਆਲੀ ਨੇ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਜੈਕਟ ਇਹ ਸਾਬਤ ਕਰਦੇ ਹਨ ਕਿ ਪੰਜਾਬ ਦੇ ਪਿੰਡਾਂ ਅਤੇ ਸਥਾਨਕ ਸੰਸਥਾਵਾਂ ਵਿੱਚ ਵੀ ਵਿਕਾਸ ਦੇ ਨਵੇਂ ਮਾਡਲ ਤਿਆਰ ਕਰਨ

ਐਸ ਬੀ ਐਸ ਸਕੂਲ ਸੁਰਜੀਤਪੁਰਾ ਦੇ ਵਿਦਿਆਰਥੀਆਂ ਨੇ ਸੁੰਦਰ ਦਸਤਾਰ ਸਜਾਉਣ ਮੁਕਾਬਲੇ ਵਿੱਚ ਮਾਰੀਆਂ ਮੱਲਾਂ

ਬਰਨਾਲਾ 26 ਸਤੰਬਰ (ਅਵਤਾਰ ਸਿੰਘ ਫਰਵਾਹੀ) ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਪਿੰਡ ਸੇਖਾ ਵਿਖੇ 6ਵਾਂ ਦਸਤਾਰ ਸਜਾਉਣ ਮੁਕਾਬਲਾ ਬੜੇ ਉਤਸ਼ਾਹ ਅਤੇ ਸ਼ਰਧਾ ਨਾਲ ਕਰਵਾਇਆ ਗਿਆ। ਇਸ ਮੁਕਾਬਲੇ ਵਿੱਚ ਜ਼ਿਲ੍ਹਾ ਬਰਨਾਲਾ ਅਤੇ ਜ਼ਿਲ੍ਹਾ ਸੰਗਰੂਰ ਦੇ ਵੱਖ-ਵੱਖ ਸਕੂਲਾਂ ਅਤੇ ਸੰਸਥਾਵਾਂ ਤੋਂ ਲਗਭਗ 350 ਪ੍ਰਤੀਯੋਗੀਆਂ ਨੇ ਭਾਗ ਲਿਆ। ਜਿੰਨ੍ਹਾਂ ਵਿੱਚ ਐਸ ਬੀ ਐਸ ਪਬਲਿਕ ਸਕੂਲ ਸੁਰਜੀਤਪੁਰਾ ਦੇ ਵਿਦਿਆਰਥੀਆਂ ਨੇ ਵੀ ਅਧਿਆਪਕ ਸ. ਗੁਰਮੇਲ ਸਿੰਘ ਦੀ ਅਗਵਾਈ ਹੇਠ ਉਤਸ਼ਾਹ ਨਾਲ ਭਾਗ ਲਿਆ। ਵਿਦਿਆਰਥੀਆਂ ਨੇ ਬੜੇ ਅਨੁਸ਼ਾਸਨ, ਆਤਮ-ਵਿਸ਼ਵਾਸ ਅਤੇ ਲਗਨ ਨਾਲ ਆਪਣੀ ਦਸਤਾਰ ਸਜਾਉਣ ਦੀ ਕਲਾ ਦਾ ਪ੍ਰਦਰਸ਼ਨ ਕੀਤਾ। ਸਕੂਲ ਲਈ ਇਹ ਬਹੁਤ ਹੀ ਮਾਣ ਵਾਲੀ ਗੱਲ ਰਹੀ ਕਿ ਸਕੂਲ ਦੇ ਦੋ ਵਿਦਿਆਰਥੀਆਂ ਨੇ ਆਪਣੇ-ਆਪਣੇ ਵਰਗਾਂ ਵਿੱਚ ਦੂਜਾ ਸਥਾਨ ਹਾਸਲ ਕੀਤਾ। ਕਲਾਸ 10ਵੀਂ ਦੇ ਵਿਦਿਆਰਥੀ ਗੁਰਨੂਰਦੀਪ ਸਿੰਘ ਜਵੰਧਾ ਨੇ ਓਪਨ ਗਰੁੱਪ (ਕਲਾਸ 10ਵੀਂ ਤੋਂ ਗ੍ਰੈਜੂਏਸ਼ਨ) ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਕਲਾਸ 8ਵੀਂ ਦੇ ਵਿਦਿਆਰਥੀ ਦਿਲਜੋਤ ਸਿੰਘ ਨੇ ਅੰਡਰ-14 ਵਰਗ ਵਿੱਚ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।

ਮੁਕਾਬਲੇ ਦੌਰਾਨ ਵਿਦਿਆਰਥੀਆਂ ਨੂੰ ਦਸਤਾਰ ਸਜਾਉਣ ਦੀ ਨਿਯਮਾਂ ਅਤੇ ਮੁਕਾਬਲੇ ਦੀ ਪ੍ਰਕਿਰਿਆ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਅਧਿਆਪਕ ਸ. ਗੁਰਮੇਲ ਸਿੰਘ ਨੇ ਵਿਦਿਆਰਥੀਆਂ ਨੂੰ ਦਸਤਾਰ ਦੀ ਮਹੱਤਤਾ, ਇਸ ਨੂੰ ਸਹੀ ਢੰਗ ਨਾਲ ਸਜਾਉਣ ਅਤੇ ਮੁਕਾਬਲੇ ਦੌਰਾਨ ਪਾਲਣਾ ਕੀਤੇ ਜਾਣ ਵਾਲੇ ਨਿਯਮਾਂ ਬਾਰੇ ਸਮਝਾਇਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੀ ਸਿੱਖ ਪਹਿਚਾਣ ਅਤੇ ਵਿਰਾਸਤ ਪ੍ਰਤੀ ਮਾਣ ਮਹਿਸੂਸ ਕਰਨ ਲਈ ਪ੍ਰੇਰਿਤ ਕੀਤਾ। ਸਕੂਲ ਵਾਈਸ ਪ੍ਰਿੰਸੀਪਲ ਡਾ. ਸੰਜੇ ਕੁਮਾਰ ਨੇ ਵਿਦਿਆਰਥੀਆਂ ਦੀ ਇਸ ਪ੍ਰਾਪਤੀ 'ਤੇ ਖੁਸ਼ੀ ਪ੍ਰਗਟ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਵੱਲੋਂ ਅਜਿਹੇ ਸੱਭਿਆਚਾਰਕ ਅਤੇ ਵਿਰਾਸਤੀ ਮੁਕਾਬਲਿਆਂ ਵਿੱਚ ਭਾਗ ਲੈਣਾ ਬਹੁਤ ਸ਼ਲਾਘਾਯੋਗ ਹੈ ਅਤੇ ਇਹ ਉਨ੍ਹਾਂ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨ ਵਿੱਚ ਸਹਾਇਕ ਹੁੰਦਾ ਹੈ। ਸਕੂਲ ਪ੍ਰਿੰਸੀਪਲ ਸ੍ਰੀਮਤੀ ਕਮਲਜੀਤ ਕੌਰ ਨੇ ਗੁਰਨੂਰਦੀਪ ਸਿੰਘ ਜਵੰਧਾ ਅਤੇ ਦਿਲਜੋਤ ਸਿੰਘ ਨੂੰ ਦੂਜਾ ਸਥਾਨ ਹਾਸਲ ਕਰਨ 'ਤੇ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ। ਉਨ੍ਹਾਂ ਨੇ ਅਧਿਆਪਕ ਸ. ਗੁਰਮੇਲ ਸਿੰਘ ਅਤੇ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਦੀ ਵੀ ਸ਼ਲਾਘਾ ਕੀਤੀ। ਪ੍ਰਿੰਸੀਪਲ ਨੇ ਕਿਹਾ ਕਿ ਸਕੂਲ ਆਪਣੇ ਵਿਦਿਆਰਥੀਆਂ ਨੂੰ ਸਿੱਖ ਵਿਰਾਸਤ, ਸੱਭਿਆਚਾਰ ਅਤੇ ਚੰਗੀਆਂ ਕਦਰਾਂ-ਕੀਮਤਾਂ ਨਾਲ ਜੋੜਨ ਵਾਲੀਆਂ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਹਮੇਸ਼ਾ ਉਤਸ਼ਾਹਿਤ ਕਰਦਾ ਰਹੇਗਾ।

ਫੁੱਟਬਾਲ ਲੀਗ ਦੇ ਆਖਰੀ ਦਿਨ ਕਰਮਜੀਤ ਸਿੰਘ ਗਰੇਵਾਲ ਕਰਨਗੇ ਇਨਾਮਾਂ ਦੀ ਵੰਡ

ਸਰਬਜੀਤ ਸੂਫ਼ੀ ਲੁਧਿਆਣਾ, 26 ਸਤੰਬਰ: ਸਪੋਰਟਸ ਕਲੱਬ, ਸਮੂਹ ਗ੍ਰਾਮ ਪੰਚਾਇਤ ਖਾਸੀ ਕਲਾਂ ਅਤੇ ਰਾਊਂਡ ਕਲੱਬ ਫਾਊਂਡੇਸ਼ਨ ਵੱਲੋਂ ਸਮਾਜਸੇਵੀ ਕਰਮਜੀਤ ਸਿੰਘ ਗਰੇਵਾਲ ਦੇ ਸਹਿਯੋਗ ਨਾਲ ਕਰਵਾਈ ਜਾ ਰਹੀ ਫੁੱਟਬਾਲ ਲੀਗ ਦੇ ਫਾਈਨਲ ਮੁਕਾਬਲੇ 27 ਸਤੰਬਰ ਨੂੰ ਹੋਣਗੇ। ਇਸ ਮੌਕੇ ਇਨਾਮਾਂ ਦੀ ਵੰਡ ਕਰਮਜੀਤ ਸਿੰਘ ਗਰੇਵਾਲ ਕਰਨਗੇ।ਸਪੋਰਟਸ ਕਲੱਬ ਦੇ ਪ੍ਰਧਾਨ ਪਵਿੱਤਰ ਸਿੰਘ ਗਿੱਲ ਅਤੇ ਗੁਰਵਿੰਦਰ ਸਿੰਘ ਗਰਚਾ ਨੇ ਦੱਸਿਆ ਕਿ ਲੀਗ ਵਿੱਚ ਅੰਡਰ-14 ਦੀਆਂ 16, ਅੰਡਰ-17 ਦੀਆਂ 20 ਅਤੇ ਲੜਕੀਆਂ ਦੀਆਂ 4 ਟੀਮਾਂ ਸਮੇਤ ਕੁੱਲ 40 ਟੀਮਾਂ ਭਾਗ ਲੈ ਰਹੀਆਂ ਹਨ। ਸਾਰੀਆਂ ਟੀਮਾਂ ਦੇ ਖਿਡਾਰੀਆਂ ਨੂੰ ਦਵਿੰਦਰ ਸਿੰਘ ਗਰੇਵਾਲ ਯੂਐਸਏ ਵੱਲੋਂ ਡਰੈਸਾਂ ਅਤੇ ਖੇਡ ਕਿੱਟਾਂ ਦਿੱਤੀਆਂ ਜਾਣਗੀਆਂ। ਕਰਮਜੀਤ ਸਿੰਘ ਗਰੇਵਾਲ ਨੇ ਦੱਸਿਆ ਕਿ 25 ਤੋਂ 29 ਨਵੰਬਰ ਤੱਕ ਖਾਸੀ ਕਲਾਂ ਵਿੱਚ ਪੰਜ ਰੋਜ਼ਾ ਫੁੱਟਬਾਲ ਮਹਾਂਕੁੰਭ ਵੀ ਕਰਵਾਇਆ ਜਾਵੇਗਾ, ਜਿਸ ਵਿੱਚ ਵੱਖ-ਵੱਖ ਖੇਡਾਂ ਦੇ ਮੁਕਾਬਲੇ ਹੋਣਗੇ। 27 ਸਤੰਬਰ ਨੂੰ ਗਾਇਕ ਗਗਨ ਕੋਕਰੀ ਅਤੇ 29 ਨਵੰਬਰ ਨੂੰ ਕੁਲਵਿੰਦਰ ਬਿੱਲਾ ਦਰਸ਼ਕਾਂ ਦਾ ਮਨੋਰੰਜਨ ਕਰਨਗੇ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲ ਈ ਖੇਡਾਂ ਨਾਲ ਜੋੜਨ ਦੀ ਅਪੀਲ ਕੀਤੀ।

ਡੀ.ਏ.ਵੀ. ਕਾਲਜ ਬਠਿੰਡਾ ਦੀ ਗੁਰਮਨ ਕੌਰ ਦੀ ਆਲ ਇੰਡੀਆ ਅੰਤਰ-ਯੂਨੀਵਰਸਿਟੀ ਲਾਅਨ ਟੈਨਿਸ ਮੁਕਾਬਲੇ ਲਈ ਚੋਣ



ਬਠਿੰਡਾ, 26 ਸਤੰਬਰ (ਰਾਣਾ ਸ਼ਰਮਾ)- ਡੀ.ਏ.ਵੀ. ਕਾਲਜ ਬਠਿੰਡਾ ਲਈ ਇਹ ਮਾਣ ਅਤੇ ਖੁਸ਼ੀ ਦੀ ਗੱਲ ਹੈ ਕਿ ਕਾਲਜ ਦੀ ਵਿਦਿਆਰਥਣ ਗੁਰਮਨ ਕੌਰ ਦੀ ਆਲ ਇੰਡੀਆ ਲਾਅਨ ਟੈਨਿਸ ਅੰਤਰ-ਯੂਨੀਵਰਸਿਟੀ ਮੁਕਾਬਲੇ ਲਈ ਚੋਣ ਹੋਈ ਹੈ। ਗੁਰਮਨ ਕੌਰ ਨੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਲਜ ਅਤੇ ਯੂਨੀਵਰਸਿਟੀ ਪੱਧਰ 'ਤੇ ਆਪਣੀ ਵੱਖਰੀ ਪਛਾਣ ਬਣਾਈ ਹੈ।ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਲਾਅਨ ਟੈਨਿਸ ਅੰਤਰ-ਕਾਲਜ ਮੁਕਾਬਲੇ 17 ਅਤੇ 18 ਸਤੰਬਰ ਨੂੰ ਮੁਲਤਾਨੀ ਮੱਲ ਮੋਦੀ ਕਾਲਜ, ਪਟਿਆਲਾ ਵਿਖੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਦੇ ਕੁੜੀਆਂ ਦੇ ਵਰਗ ਵਿੱਚ ਡੀ.ਏ.ਵੀ. ਕਾਲਜ ਬਠਿੰਡਾ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਹਾਸਲ ਕੀਤਾ। ਇਸ ਪ੍ਰਦਰਸ਼ਨ ਦੇ ਆਧਾਰ 'ਤੇ ਗੁਰਮਨ ਕੌਰ ਦੀ ਆਲ ਇੰਡੀਆ ਅੰਤਰ-ਯੂਨੀਵਰਸਿਟੀ ਲਾਅਨ ਟੈਨਿਸ ਮੁਕਾਬਲੇ ਲਈ ਚੋਣ ਕੀਤੀ ਗਈ। ਕਾਲਜ ਦੇ ਪ੍ਰਿੰਸੀਪਲ ਡਾ. ਰਾਜੀਵ ਕੁਮਾਰ ਸ਼ਰਮਾ ਨੇ ਗੁਰਮਨ ਕੌਰ ਸਮੇਤ ਪੂਰੀ ਟੀਮ ਨੂੰ ਇਸ ਪ੍ਰਾਪਤੀ ਲਈ ਵਧਾਈ ਦਿੱਤੀ। ਉਨ੍ਹਾਂ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ. ਕੁਲਦੀਪ ਸਿੰਘ, ਪ੍ਰੋ. ਨਿਰਮਲ ਸਿੰਘ, ਪ੍ਰੋ. ਅਜੇ ਵਾਲੀਆ ਅਤੇ ਪ੍ਰੋ. ਲਵਪ੍ਰੀਤ ਕੌਰ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਲਗਾਤਾਰ ਮਾਰਗਦਰਸ਼ਨ ਅਤੇ ਉਤਸ਼ਾਹ ਪ੍ਰਦਾਨ ਕਰਨ ਸਦਕਾ ਕਾਲਜ ਦੇ ਵਿਦਿਆਰਥੀ ਖੇਡਾਂ ਦੇ ਖੇਤਰ ਵਿੱਚ ਨਵੀਆਂ ਪ੍ਰਾਪਤੀਆਂ ਕਰ ਰਹੇ ਹਨ।

ਮੋਗਾ 'ਚ ਪਹਿਲੀ ਵਾਰ ਸਟੇਟ ਲੈਵਲ ਟੇਬਲ ਟੈਨਿਸ ਟੂਰਨਾਮੈਂਟ ਸ਼ੁਰੂ

ਮੋਗਾ ਯ, 26 ਸਤੰਬਰ (ਜਗਰਾਜ ਸਿੰਘ ਸੰਘਾ) ਮੋਗਾ ਜ਼ਿਲਾ ਟੇਬਲ ਟੈਨਿਸ ਐਸੋਸੀਏਸ਼ਨ ਵੱਲੋਂ ਚੌਥਾ ਸਟੇਟ ਰੈਕਿੰਗ ਟੇਬਲ ਟੈਨਿਸ ਟੂਰਨਾਮੈਂਟ ਸਕਾਈ ਬੈਡਮਿੰਟਨ ਸੈਂਟਰ, ਦੁਸਾਂਝ ਰੋਡ ਮੋਗਾ ਵਿਖੇ ਐਸੋਸੀਏਸ਼ਨ ਦੀ ਪ੍ਰਧਾਨਗੀ ਹੇਠ ਦੂਸਰੇ ਦਿਨ ਸ਼ੁਰੂ ਹੋਇਆ । ਮੋਗਾ ਵਿੱਚ ਪਹਿਲੀ ਵਾਰ ਸਟੇਟ ਪੱਧਰ ਦੇ ਇਸ ਟੂਰਨਾਮੈਂਟ ਵਿੱਚ ਪੂਰੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਕਰੀਬ 400 ਬੱਚਿਆਂ ਨੇ ਭਾਗ ਲਿਆ ਹੈ। ਇਹ ਟੂਰਨਾਮੈਂਟ 27 ਸਤੰਬਰ ਤੱਕ ਚੱਲੇਗਾ। ਟੂਰਨਾਮੈਂਟ ਦੇ ਦੂਸਰੇ ਦਿਨ ਸੰਜੀਵ ਸੈਨੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਖਿਡਾਰੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ। ਉਨ੍ਹਾਂ ਨੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਟੂਰਨਾਮੈਂਟ ਵਿੱਚ ਹਿੱਸਾ ਲੈਣ ਲਈ ਪਹੁੰਚੇ ਕਰੀਬ 400 ਖਿਡਾਰੀਆਂ ਨੂੰ ਦਿਲੋਂ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਸੰਜੀਵ ਸੈਨੀ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਦੀ ਸ਼ਖ਼ਸੀਅਤ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਖੇਡਾਂ ਨਾਲ ਜੁੜ ਕੇ ਨੌਜਵਾਨ ਜਿੱਥੇ ਸਰੀਰਕ ਅਤੇ ਮਾਨਸਿਕ ਤੌਰ 'ਤੇ ਮਜ਼ਬੂਤ ਬਣਦੇ ਹਨ, ਉੱਥੇ ਹੀ ਉਨ੍ਹਾਂ ਵਿੱਚ ਅਨੁਸ਼ਾਸਨ, ਮਿਹਨਤ, ਸਬਰ ਅਤੇ ਮੁਕਾਬਲੇ ਦੀ ਭਾਵਨਾ ਵੀ ਪੈਦਾ ਹੁੰਦੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਅਤੇ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਲਈ ਮੰਚ ਪ੍ਰਦਾਨ ਕਰਨਾ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਮੋਗਾ ਵਿੱਚ ਪਹਿਲੀ ਵਾਰ ਇੰਨੇ ਵੱਡੇ ਪੱਧਰ 'ਤੇ ਸਟੇਟ ਰੈਕਿੰਗ ਟੇਬਲ ਟੈਨਿਸ ਟੂਰਨਾਮੈਂਟ ਦਾ ਆਯੋਜਨ ਹੋਣਾ ਖੇਡਾਂ ਦੇ ਖੇਤਰ ਲਈ ਮਹੱਤਵਪੂਰਨ ਉਪਰਾਲਾ ਹੈ। ਉਨ੍ਹਾਂ ਮੋਗਾ ਜ਼ਿਲ੍ਹਾ ਟੇਬਲ ਟੈਨਿਸ ਐਸੋਸੀਏਸ਼ਨ ਵੱਲੋਂ ਟੇਬਲ ਟੈਨਿਸ ਨੂੰ ਪ੍ਰਫੁੱਲਤ ਕਰਨ ਅਤੇ ਖਿਡਾਰੀਆਂ ਨੂੰ ਆਪਣੀ ਖੇਡ ਪ੍ਰਤਿਭਾ ਦਿਖਾਉਣ ਲਈ ਪਲੇਟਫਾਰਮ ਮੁਹੱਈਆ ਕਰਵਾਉਣ ਲਈ ਕੀਤੇ ਜਾ ਰਹੇ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਅਜਿਹੇ ਟੂਰਨਾਮੈਂਟਾਂ ਰਾਹੀਂ ਖਿਡਾਰੀਆਂ ਨੂੰ ਸੂਬਾ ਪੱਧਰ 'ਤੇ ਆਪਣੀ ਖੇਡ ਦਾ ਪ੍ਰਦਰਸ਼ਨ ਕਰਨ ਦੇ ਨਾਲ-ਨਾਲ ਭਵਿੱਖ ਵਿੱਚ ਹੋਰ ਉੱਚ ਪੱਧਰ 'ਤੇ ਪਹੁੰਚਣ ਲਈ ਪ੍ਰੇਰਣਾ ਮਿਲੇਗੀ। ਜਿਲਾ ਟੇਬਲ ਟੈਨਸ ਐਸੋਸੀਏਸ਼ਨ ਵੱਲੋਂ ਸੰਜੀਵ ਸੈਣੀ ਨੂੰ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਤੇ ਸੰਜੀਵ ਸੈਣੀ ਵੱਲੋਂ ਆਈਆਂ ਹੋਈਆਂ ਸ਼ਖਸਅਤਾਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਜੇਤੂ ਖਿਡਾਰੀਆਂ ਨੂੰ ਵੀ ਸਨਮਾਨਿਤ ਕੀਤਾ ਇਸ ਮੌਕੇ ਮੋਗਾ ਜ਼ਿਲ੍ਹਾ ਟੇਬਲ ਟੈਨਿਸ ਐਸੋਸੀਏਸ਼ਨ ਦੇ ਜੁਆਇੰਟ ਸਕੱਤਰ ਸ਼ਿਵ ਕੁਮਾਰ (ਕੋਚ ਸਨੀ), ਵਾਈਸ ਪ੍ਰਧਾਨ ਕਮਤਾ ਪ੍ਰਸਾਦ (ਕੋਚ), ਸੀਨੀਅਰ ਵਾਈਸ ਪ੍ਰਧਾਨ ਡਾ. ਮਧੂ ਸ਼ਰਮਾ, ਅਰਜਨ ਵੀਰ ਸਿੰਘ, ਲੀਗਲ ਐਡਵਾਈਜ਼ਰ ਵਿਜੇ ਕੁਮਾਰ ਅਤੇ ਟੈਕਨੀਕਲ ਐਡਵਾਈਜ਼ਰ ਆਸ਼ੂ ਗੋਇਲ ਸਮੇਤ ਹੋਰ ਅਹੁਦੇਦਾਰ ਅਤੇ ਖੇਡ ਪ੍ਰੇਮੀ ਹਾਜ਼ਰ ਸਨ। ਟੂਰਨਾਮੈਂਟ ਦੇ ਦੂਸਰੇ ਦਿਨ ਖਿਡਾਰੀਆਂ ਵਿੱਚ ਕਾਫ਼ੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਵੱਖ-ਵੱਖ ਮੁਕਾਬਲਿਆਂ ਵਿੱਚ ਉਨ੍ਹਾਂ ਨੇ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੀ ਗਤਕਾ ਟੀਮ ਨੇ ਜਿੱਤਿਆ ਗਤਕਾ ਗੋਲਡ ਕੱਪ-2026

ਗਤਕਾ ਪ੍ਰਦਰਸ਼ਨੀ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਯੂਨੀਵਰਸਿਟੀ ਦਾ ਨਾਮ ਕੀਤਾ ਰੌਸ਼ਨ

ਫ਼ਤਹਿਗੜ੍ਹ ਸਾਹਿਬ, 26 ਸਤੰਬਰ (ਅਭਿਸ਼ੇਕ ਮਲਹੋਤਰਾ) ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੀ ਗਤਕਾ ਟੀਮ ਨੇ ਗਤਕਾ ਗੋਲਡ ਕੱਪ ਫਰੀਦਕੋਟ-2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕਰਕੇ ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਯੂਨੀਵਰਸਿਟੀ ਵੱਲੋਂ ਸਿੱਖ ਮਾਰਸ਼ਲ ਆਰਟ ਗਤਕੇ ਦੀ ਸਿਖਲਾਈ ਅਤੇ ਪ੍ਰਚਾਰ-ਪ੍ਰਸਾਰ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਅਤੇ ਡਾ. ਐੱਸ.ਪੀ. ਸਿੰਘ ਓਬਰਾਏ ਦੇ ਸਹਿਯੋਗ ਨਾਲ ਪਿਛਲੇ ਸੱਤ ਸਾਲਾਂ ਤੋਂ ਸਰੀਰਕ ਸਿੱਖਿਆ ਤੇ ਖੇਡ ਟੈਕਨੋਲੋਜੀ ਵਿਭਾਗ ਵਿੱਚ ਇੱਕ ਸਾਲਾ ਡਿਪਲੋਮਾ ਕੋਰਸ ਚਲਾਇਆ ਜਾ ਰਿਹਾ ਹੈ, ਜਿਸ ਦੀ ਸਮੁੱਚੀ ਫੀਸ ਟਰੱਸਟ ਵੱਲੋਂ ਅਦਾ ਕੀਤੀ ਜਾਂਦੀ ਹੈ। ਬਾਬਾ ਸ਼ੇਖ ਫਰੀਦ ਜੀ ਦੇ ਆਗਮਨ ਪੁਰਬ-2026 ਮੌਕੇ ਜ਼ਿਲ੍ਹਾ ਗਤਕਾ ਐਸੋਸੀਏਸ਼ਨ ਫਰੀਦਕੋਟ ਵੱਲੋਂ ਸਰਕਾਰੀ ਬਰਜਿੰਦਰਾ ਕਾਲਜ, ਫਰੀਦਕੋਟ ਵਿਖੇ ਕਰਵਾਏ ਗਏ ਇਸ ਮੁਕਾਬਲੇ ਵਿੱਚ ਪੰਜਾਬ ਭਰ ਦੀਆਂ ਵੱਖ-ਵੱਖ ਗਤਕਾ ਟੀਮਾਂ ਨੇ ਭਾਗ ਲਿਆ। ਜੇਤੂ ਟੀਮ ਨੂੰ ਸਰਬਜੀਤ ਸਿੰਘ ਖਾਲਸਾ, ਮੈਂਬਰ ਪਾਰਲੀਮੈਂਟ, ਕੁਲਤਾਰ ਸਿੰਘ ਬਰਾੜ, ਚੇਅਰਮੈਨ ਜ਼ਿਲ੍ਹਾ ਗਤਕਾ ਐਸੋਸੀਏਸ਼ਨ ਫਰੀਦਕੋਟ ਅਤੇ ਮੱਘਰ ਸਿੰਘ, ਪ੍ਰਧਾਨ ਗਤਕਾ ਐਸੋਸੀਏਸ਼ਨ ਫਰੀਦਕੋਟ ਵੱਲੋਂ ਟਰਾਫੀ ਅਤੇ 21,000 ਰੁਪਏ ਦੀ ਇਨਾਮੀ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ।ਗਤਕਾ ਕੋਚ ਤਲਵਿੰਦਰ ਸਿੰਘ ਨੇ ਦੱਸਿਆ ਕਿ ਸੱਭਿਆਚਾਰਕ ਪ੍ਰੋਗਰਾਮਾਂ ਦੌਰਾਨ ਪੰਜਾਬ ਦੀ ਨੁਮਾਇੰਦਗੀ ਕਰਦਿਆਂ ਯੂਨੀਵਰਸਿਟੀ ਦੀ ਟੀਮ ਨੇ ਸਿੱਖ ਮਾਰਸ਼ਲ ਆਰਟ ਗਤਕੇ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ। ਵਿਭਾਗ ਦੇ ਮੁਖੀ ਡਾ. ਵਰਿੰਦਰ ਸਿੰਘ ਭੁੱਲਰ ਨੇ ਕਿਹਾ ਕਿ ਯੂਨੀਵਰਸਿਟੀ ਦੀ ਗਤਕਾ ਟੀਮ ਪਿਛਲੇ ਚਾਰ ਸਾਲਾਂ ਤੋਂ ਆਲ ਇੰਡੀਆ ਇੰਟਰ-ਯੂਨੀਵਰਸਿਟੀ ਗਤਕਾ ਚੈਂਪੀਅਨਸ਼ਿਪ ਵਿੱਚ ਵੀ ਆਪਣੀ ਮਜ਼ਬੂਤ ਹਾਜ਼ਰੀ ਦਰਜ ਕਰਵਾ ਰਹੀ ਹੈ। ਉਨ੍ਹਾਂ ਟੀਮ ਦੀ ਇਸ ਪ੍ਰਾਪਤੀ 'ਤੇ ਖਿਡਾਰੀਆਂ ਅਤੇ ਕੋਚ ਨੂੰ ਵਧਾਈ ਦਿੱਤੀ।

ਜ਼ੋਨ ਪੱਧਰੀ ਖੇਡਾਂ 'ਚ ਗੁਰੂ ਨਾਨਕ ਦੇਵ ਸਕੂਲ ਧਰਮਗੜ੍ਹ ਦੀ ਝੰਡੀ

ਲਾਲੜੂ, 26 ਸਤੰਬਰ (ਸੁਖਵਿੰਦਰ ਸੈਣੀ) ਲਾਲੜੂ ਵਿਖੇ ਹੋਈਆਂ ਜ਼ੋਨ ਪੱਧਰੀ ਅਥਲੈਟਿਕ ਖੇਡਾਂ ਵਿੱਚ ਗੁਰੂ ਨਾਨਕ ਦੇਵ ਪਬਲਿਕ ਸੀਨੀਅਰ ਸੈਕੰਡਰ

ਸੱਚਾ ਸੌਦਾ ਆੜ੍ਹਤੀ ਐਸੋਸੀਏਸ਼ਨ ਦੀ ਮੀਟਿੰਗ ਮਾਰਕਿਟ ਕਮੇਟੀ ਦਫ਼ਤਰ ਸ੍ਰੀ ਮਾਛੀਵਾੜਾ ਸਾਹਿਬ ਵਿੱਖੇ ਹੋਈ - ਪ੍ਰਧਾਨ ਮੋਹਿਤ ਕੁੰਦਰਾ

ਸ੍ਰੀ ਮਾਛੀਵਾੜਾ ਸਾਹਿਬ :- ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ - ਸੱਚਾ ਸੌਦਾ ਆੜ੍ਹਤੀ ਐਸੋਸੀਏਸ਼ਨ ਦੀ ਮੀਟਿੰਗ ਮਾਰਕੀਟ ਕਮੇਟੀ ਦਫ਼ਤਰ ਵਿਖੇ ਹੋਈ ਜਿਸ ਵਿਚ ਭਾਰੀ ਗਿਣਤੀ ਆੜ੍ਹਤੀਆਂ ਨੇ ਭਾਗ ਲਿਆ। ਇਸ ਮੀਟਿੰਗ ਦੀ ਪ੍ਰਧਾਨਗੀ ਐਸੋਸ਼ੀਏਸ਼ਨ ਦੇ ਪ੍ਰਧਾਨ ਮੋਹਿਤ ਕੁੰਦਰਾ ਨੇ ਕੀਤੀ ਅਤੇ ਝੋਨੇ ਦੇ ਸੀਜ਼ਨ ਸਬੰਧੀ ਆ ਰਹੀਆਂ ਸਮੱਸਿਆਵਾਂ ਬਾਰੇ ਵਿਚਾਰ ਵਟਾਂਦਰਾ ਕੀਤਾ।

ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਮੋਹਿਤ ਕੁੰਦਰਾ ਨੇ ਦੱਸਿਆ ਕਿ ਅੱਜ ਫੈਸਲਾ ਲਿਆ ਗਿਆ ਕਿ ਕਿਸਾਨ ਜੋ ਮੰਡੀਆਂ ਵਿਚ ਆਪਣਾ ਝੋਨਾ ਵੇਚਣ ਲਈ ਲੈ ਕੇ ਆਉਂਦੇ ਹਨ ਅਤੇ ਜੇਕਰ ਕਿਸੇ ਵੀ ਸ਼ੈਲਰ ਮਾਲਕ ਨੇ ਪ੍ਰਤੀ ਕੁਇੰਟਲ ਪੈਸੇ ਦਾ ਕੱਟ ਜਾਂ ਬੋਰੀਆਂ ਦਾ ਕੱਟ ਲਗਾਇਆ ਤਾਂ ਉਸ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਕੁਝ ਮੰਡੀਆਂ ਵਿਚ ਸਰਕਾਰੀ ਖਰੀਦਿਆ ਝੋਨਾ ਸ਼ੈਲਰ ਮਾਲਕ ਵੱਧ ਨਮੀ ਵਾਲਾ ਝੋਨਾ ਕਹਿ ਕੇ ਪਿੜਾਈ ਲਈ ਨਹੀਂ ਚੁੱਕਦੇ ਅਤੇ ਬਾਅਦ ਵਿਚ ਆੜ੍ਹਤੀ ਰਾਹੀਂ ਕਿਸਾਨ ਨਾਲ ਚੋਰ ਮੋਰੀ ਨਾਲ ਸਮਝੌਤਾ ਕਰ ਪ੍ਰਤੀ ਕੁਇੰਟਲ ਕੱਟ ਲਗਾ ਦਿੰਦੇ ਹਨ ਜਾਂ ਵਾਧੂ ਬੋਰੀਆਂ ਝੋਨੇ ਦੀਆਂ ਲੈਂਦੇ ਹਨ ਜਿਸ ਨਾਲ ਕਿਸਾਨਾਂ ਦੀ ਲੁੱਟ ਹੁੰਦੀ ਹੈ। ਉਨ੍ਹਾਂ ਕਿਹਾ ਕਿ ਇੱਥੇ ਹੀ ਬੱਸ ਨਹੀਂ ਜੇਕਰ ਸ੍ਰੀ ਮਾਛੀਵਾੜਾ ਸਾਹਿਬ ਮੰਡੀ ਦੇ ਕਿਸੇ ਆੜ੍ਹਤੀ ਨੇ ਕਿਸਾਨ ਨੂੰ ਕੱਟ ਲਗਾ ਕੇ ਝੋਨਾ ਸ਼ੈਲਰ ਮਾਲਕ ਨੂੰ ਚੁਕਾਉਣ ਲਈ ਕਿਹਾ ਤਾਂ ਉਸ ਖਿਲਾਫ਼ ਵੀ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਹੋਵੇਗੀ ਉਨ੍ਹਾਂ ਕਿਹਾ ਕਿ ਸ੍ਰੀ ਮਾਛੀਵਾੜਾ ਸਾਹਿਬ ਦੇ ਵੀ ਕੁਝ ਆੜ੍ਹਤੀ ਸ਼ੈਲਰ ਮਾਲਕਾਂ ਨਾਲ ਮਿਲ ਕੇ ਨਮੀ ਵਾਲਾ ਝੋਨਾ ਕਹਿ ਕੇ ਕਿਸਾਨ ਨੂੰ ਸਰਕਾਰੀ ਭਾਅ 'ਤੇ ਕੱਟ ਲਗਾ ਕੇ ਚੁਕਾਉਣ ਲਈ ਮਜ਼ਬੂਰ ਕਰਦੇ ਹਨ ਪਰ ਹੁਣ ਇਹ ਬਿਲਕੁਲ ਬਰਦਾਸ਼ਤ ਨਹੀਂ ਹੋਵੇਗਾ। ਪ੍ਰਧਾਨ ਕੁੰਦਰਾ ਨੇ ਕਿਹਾ ਕਿ ਸ੍ਰੀ ਮਾਛੀਵਾੜਾ ਸਾਹਿਬ ਮੰਡੀ ਵਿਚ ਜੇਕਰ ਕਿਸੇ ਵੀ ਕਿਸਾਨ ਨੂੰ ਕੋਈ ਸ਼ੈਲਰ ਮਾਲਕ ਜਾਂ ਆੜ੍ਹਤੀ ਕੱਟ ਲਗਾ ਕੇ ਝੋਨਾ ਚੁਕਾਉਣ ਲਈ ਕਹਿੰਦਾ ਹੈ ਤਾਂ ਉਹ ਤੁਰੰਤ ਐਸੋਸ਼ੀਏਸ਼ਨ ਦੇ ਧਿਆਨ ਵਿਚ ਲਿਆਉਣ ਅਤੇ ਮਾਰਕੀਟ ਕਮੇਟੀ ਦਫ਼ਤਰ ਨੂੰ ਇਸ ਦੀ ਸ਼ਿਕਾਇਤ ਦਰਜ ਕਰਵਾਉਣ। ਕਿਸਾਨਾਂ ਨੂੰ ਲੁੱਟਣ ਵਾਲਾ ਆੜ੍ਹਤੀ ਜਾਂ ਸ਼ੈਲਰ ਮਾਲਕ ਦੇ ਖਿਲਾਫ਼ ਸਖ਼ਤ ਕਾਰਵਾਈ ਕਰਵਾਉਣ ਲਈ ਕਿਸਾਨ ਦਾ ਸਾਥ ਦਿੱਤਾ ਜਾਵੇਗਾ ਇਸ ਮੌਕੇ ਪ੍ਰਧਾਨ ਕੁੰਦਰਾ ਨੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਜਲਦਬਾਜ਼ੀ ਨਾ ਕਰਨ ਅਤੇ 17 ਫੀਸਦੀ ਨਮੀ ਵਾਲਾ ਝੋਨਾ ਹੀ ਮੰਡੀਆਂ 'ਚ ਵੇਚਣ ਲਈ ਲੈ ਕੇ ਆਉਣ ਜਿਸ ਦੀ ਤੁਰੰਤ ਖਰੀਦ ਹੋਵੇਗੀ ਅਤੇ ਪ੍ਰਸ਼ਾਸਨ ਵਲੋਂ ਅਦਾਇਗੀ ਵੀ ਤੁਰੰਤ ਕੀਤੀ ਜਾਵੇਗੀ। ਇਸ ਮੌਕੇ ਸਰਪ੍ਰਸਤ ਗੁਰਨਾਮ ਸਿੰਘ ਨਾਗਰਾ, ਟਹਿਲ ਸਿੰਘ ਔਜਲਾ, ਕਪਿਲ ਆਨੰਦ, ਅਰਵਿੰਦਰਪਾਲ ਸਿੰਘ ਵਿੱਕੀ, ਪਰਮਿੰਦਰ ਸਿੰਘ ਗੁਲਿਆਣੀ, ਹਰਵਿੰਦਰ ਸਿੰਘ ਸ਼ੇਰੀਆਂ, ਪਵਨ ਕੁਮਾਰ, ਹੈਪੀ ਬਾਂਸਲ, ਪੁਨੀਤ ਜੈਨ, ਚਿਰਾਗ ਬਾਂਸਲ, ਹਰਿੰਦਰ ਸਿੰਘ ਟੋਨੀ, ਬਿੰਨੀ ਅਗਰਵਾਲ, ਸ਼ਸ਼ੀ ਭਾਟੀਆ, ਰਾਜਵਿੰਦਰ ਸਿੰਘ ਸੈਣੀ, ਹਰਕੇਸ਼ ਨਹਿਰਾ, ਹਨੀ ਆਨੰਦ ਆਦਿ ਵੀ ਮੌਜੂਦ ਸਨ।

ਝੋਨੇ ਦੀ ਫਸਲ ਦੇ ਸੀਜ਼ਨ ਦੌਰਾਨ ਕਿਸਾਨਾਂ ਦੀਆਂ ਫਸਲਾਂ ਨੂੰ ਕੱਟ ਲਗਾਉਣ ਆਲੇ ਆੜਤੀਏ ਤੇ ਸ਼ੈਲਰ ਮਾਲਕ ਬਖਸ਼ੇ ਨਹੀਂ ਜਾਣਗੇ ਪ੍ਰਧਾਨ ਮੋਹਿਤ ਕੁੰਦਰਾ !

ਸ੍ਰੀ ਮਾਛੀਵਾੜਾ ਸਾਹਿਬ :- ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ -ਸੱਚਾ ਸੌਦਾ ਆੜਤੀ ਐਸੋਸੀਏਸ਼ਨ ਸ੍ਰੀ ਮਾਛੀਵਾੜਾ ਸਾਹਿਬ ਦੀ ਆੜਤੀਆਂ ਦੀ ਇੱਕ ਵਿਸ਼ੇਸ਼ ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੋਹਿਤ ਕੁੰਦਰਾ ਨੇ ਸਖ਼ਤੀ ਭਰੇ ਲਹਿਜੇ ਵਿੱਚ ਕਿਹਾ ਕਿ ਕਿਸਾਨਾਂ ਦੀਆਂ ਫਸਲਾਂ ਨੂੰ ਕੱਟ ਲਗਾਉਣ ਆਲੇ ਆੜਤੀਏ ਤੇ ਸ਼ੈਲਰ ਮਾਲਕਾਂ ਨੂੰ ਬਖਸ਼ਿਆ ਨਹੀਂ ਜਾਵੇਗਾ ਜਿਹੜਾ ਵੀ ਦੋਸ਼ੀ ਪਾਇਆ ਗਿਆ ਕਨੂੰਨ ਅਨੁਸਾਰ ਕਾਰਵਾਈ ਹੋਵੇਗੀ। ਜ਼ਿਕਰਯੋਗ ਹੈ ਕਿ ਅਨਾਜ ਮੰਡੀ ਸ੍ਰੀ ਮਾਛੀਵਾੜਾ ਸਾਹਿਬ ਵਿੱਚੋਂ ਅਕਸਰ ਹੀ ਗਿੱਲੀ ਸੁੱਕੀ ਫ਼ਸਲ ਦਾ ਬਹਾਨਾ ਬਣਾ ਕੇ ਕਿਸਾਨਾਂ ਦੀ ਆਰਥਿਕਤ ਲੁੱਟ ਦੀਆਂ ਖਬਰਾਂ ਆਉਂਦੀਆਂ ਰਹਿੰਦੀਆਂ ਸਨ ਉਨ੍ਹਾਂ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਜੇ ਕੋਈ ਸੈਲਰ ਮਾਲਕ ਜਾਂ ਆੜ੍ਹਤੀਆ ਝੋਨੇ ਦੀ ਫ਼ਸਲ ਵਿੱਚ ਨਮੀ ਜਿਆਦਾ ਹੋਣ ਦੀ ਗੱਲ ਕਹਿ ਕੇ ਕੱਟ ਲਗਾਉਣ ਦੀ ਗੱਲ ਕਰਦਾ ਹੈ ਤਾਂ ਇਸਦੀ ਸੂਚਨਾ ਤਰੁੰਤ ਸੱਚਾ ਸੌਦਾ ਆੜ੍ਹਤੀ ਐਸੋਸੀਏਸ਼ਨ ਨੂੰ ਦਿੱਤੀ ਜਾਵੇ ਤਾਂ ਜੋ ਉਨ੍ਹਾਂ ਖਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਂ ਸਕੇ !

ਜਿਲ੍ਹੇ ਦੇ ਪਿੰਡ ਸੰਧਵਾ ਵਿਖੇ ਫਰੀ ਆਯੁਸ਼ ਕੈਂਪ, 758 ਮਰੀਜ਼ਾਂ ਦੀ ਜਾਂਚ ਅਤੇ ਮੁਫ਼ਤ ਦਵਾਈਆਂ ਵੰਡੀਆਂ

ਕੋਟਕਪੂਰਾ 26 ਸਤੰਬਰ (ਗੁਰਪ੍ਰੀਤ ਸਿੰਘ ਔਲਖ)ਪੰਜਾਬ ਸਰਕਾਰ ਤੇ ਆਯੁਸ਼ ਵਿਭਾਗ ਦੇ ਹੁਕਮਾਂ ਅਨੁਸਾਰ ਅਤੇ ਮਾਨਯੋਗ ਡਾਇਰੈਕਟਰ ਆਯੁਰਵੇਦਾ ਪੰਜਾਬ ਡਾ. ਰਮਨ ਖੰਨਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤੇ ਡਾ. ਅਮਿਤਾ ਗੁਪਤਾ ਡੀ.ਡੀ.ਓ ਫਰੀਦਕੋਟ ,ਜ਼ਿਲਾ ਹੋਮਿਓਪੈਥਿਕ ਅਫ਼ਸਰ ਫਰੀਦਕੋਟ ਡਾ.ਗੁਰਦਰਸ਼ਨ ਕੌਰ ਦੀ ਯੋਗ ਅਗਵਾਈ ਹੇਠ ਫ਼ਰੀਦਕੋਟ ਜਿਲ੍ਹੇ ਦੇ ਪਿੰਡ ਸੰਧਵਾਂ ਵਿਖੇ ਫਰੀ ਆਯੁਸ਼ ਕੈਂਪ ਦਾ ਆਯੋਜਨ ਕੀਤਾ ਗਿਆ।ਇਸ ਕੈਂਪ ਦੌਰਾਨ ਡਾ. ਰੋਹਿਤ ਏ.ਐਮ.ਓ , ਡਾ.ਤਰੁਣ ਸ਼ਰਮਾ ਏ.ਐਮ.ਓ ,ਡਾ.ਦਿਨੇਸ ਸੇਠੀ ਐਚ.ਐਮ.ਓ ਅਤੇ ਡਾ. ਗੀਤਿਕਾ ਐਚ.ਐੱਮ.ਓ. ਵੱਲੋਂ ਕੁੱਲ 758 ਮਰੀਜ਼ਾਂ ਦਾ ਚੈਕਅੱਪ ਕੀਤਾ ਗਿਆ। ਮਰੀਜ਼ਾਂ ਨੂੰ ਵੱਖ-ਵੱਖ ਬਿਮਾਰੀਆਂ ਸਬੰਧੀ ਮੈਡੀਕਲ ਸਲਾਹ ਦੇਣ ਦੇ ਨਾਲ-ਨਾਲ ਮੁਫ਼ਤ ਦਵਾਈਆਂ ਵੀ ਵੰਡੀਆਂ ਗਈਆਂ।ਇਸ ਕੈਂਪ ਵਿੱਚ ਹਰਪ੍ਰੀਤ ਸਿੰਘ, ਗਗਨਦੀਪ ਸਿੰਘ ਉਪਵੈਦ ,ਸਰਬਜੀਤ ਸਿੰਘ ਉਪਵੈਦ , ਗੁਰਸੇਵਕ ਸਿੰਘ ,ਨਵਜੋਤ ,ਛਿੰਦਰਪਾਲ ਕੌਰ ਤੇ ਪਰਮਜੀਤ ਸਿੰਘ ਵੱਲੋਂ ਮਰੀਜ਼ਾਂ ਨੂੰ ਦਵਾਈਆਂ ਪ੍ਰਦਾਨ ਕੀਤੀਆਂ ਗਈਆਂ।

ਸਲਾਈਟ ਵਿਖੇ 'ਸਿਵਿਕੌਨ-ਟੈਕਫੈਸਟ 2026' ਤਹਿਤ ਮਾਹਿਰ ਲੈਕਚਰ ਲੜੀ ਸਫਲਤਾਪੂਰਵਕ ਸਮਾਪਤ

ਲੌਂਗੋਵਾਲ, 26 ਸਤੰਬਰ (ਰਵੀ ਗਰਗ)- ਸੰਤ ਲੌਂਗੋਵਾਲ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਸਲਾਈਟ), ਲੌਂਗੋਵਾਲ ਦੇ ਸਿਵਲ ਇੰਜੀਨੀਅਰਿੰਗ ਵਿਭਾਗ ਵੱਲੋਂ 'ਸਿਵਿਕੌਨ-ਟੈਕਫੈਸਟ 2026' ਤਹਿਤ ਆਯੋਜਿਤ ਮਾਹਿਰ ਲੈਕਚਰ ਲੜੀ ਸਫਲਤਾਪੂਰਵਕ ਸੰਪੰਨ ਹੋਈ। ਚਾਰ ਮਾਹਿਰ ਲੈਕਚਰਾਂ 'ਤੇ ਆਧਾਰਿਤ ਇਸ ਲੜੀ ਦਾ ਮੁੱਖ ਉਦੇਸ਼ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਸਿਵਲ ਇੰਜੀਨੀਅਰਿੰਗ ਦੇ ਨਵੇਂ ਖੇਤਰਾਂ, ਆਧੁਨਿਕ ਤਕਨੀਕਾਂ, ਟਿਕਾਊ ਨਿਰਮਾਣ ਪ੍ਰਣਾਲੀਆਂ ਅਤੇ ਉਨ੍ਹਾਂ ਦੇ ਵਿਹਾਰਕ ਉਪਯੋਗਾਂ ਨਾਲ ਜਾਣੂ ਕਰਵਾਉਣਾ ਸੀ। ਲੈਕਚਰ ਲੜੀ ਦੀ ਸ਼ੁਰੂਆਤ 16 ਸਤੰਬਰ ਨੂੰ ਥਾਪਰ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ, ਪਟਿਆਲਾ ਦੇ ਸੀਨੀਅਰ ਪ੍ਰੋਫੈਸਰ ਡਾ. ਰਫ਼ਤ ਸਿੱਦੀਕੀ ਦੇ ਲੈਕਚਰ ਨਾਲ ਹੋਈ। ਉਨ੍ਹਾਂ ਨੇ ਫਲਾਈ ਐਸ਼ ਕੰਕਰੀਟ: ਹਰੇ-ਭਰੇ ਭਵਿੱਖ ਲਈ ਇੱਕ ਟਿਕਾਊ ਸਮੱਗਰੀ ਵਿਸ਼ੇ 'ਤੇ ਟਿਕਾਊ ਨਿਰਮਾਣ ਸਮੱਗਰੀ ਅਤੇ ਵਾਤਾਵਰਣ-ਅਨੁਕੂਲ ਨਿਰਮਾਣ ਦੀ ਮਹੱਤਤਾ ਬਾਰੇ ਜਾਣਕਾਰੀ ਸਾਂਝੀ ਕੀਤੀ।

22 ਸਤੰਬਰ ਨੂੰ ਪੰਜਾਬ ਇੰਜੀਨੀਅਰਿੰਗ ਕਾਲਜ ਦੇ ਅਸਿਸਟੈਂਟ ਪ੍ਰੋਫੈਸਰ ਡਾ. ਅਰਸ਼ਦੀਪ ਸਿੰਘ ਨੇ ਰੀਇਨਫੋਰਸਡ ਕੰਕਰੀਟ ਫਰੇਮ ਵਾਲੀਆਂ ਇਮਾਰਤਾਂ ਦੀ ਮੁਰੰਮਤ ਅਤੇ ਰੈਟਰੋਫਿਟਿੰਗ ਵਿਸ਼ੇ 'ਤੇ ਲੈਕਚਰ ਦਿੱਤਾ। ਉਨ੍ਹਾਂ ਨੇ ਮੌਜੂਦਾ ਢਾਂਚਿਆਂ ਦੀ ਸੁਰੱਖਿਆ, ਮਜ਼ਬੂਤੀ ਅਤੇ ਸੇਵਾ-ਅਵਧੀ ਵਧਾਉਣ ਵਿੱਚ ਆਧੁਨਿਕ ਮੁਰੰਮਤ ਅਤੇ ਰੈਟਰੋਫਿਟਿੰਗ ਤਕਨੀਕਾਂ ਦੀ ਭੂਮਿਕਾ ਬਾਰੇ ਵਿਸਥਾਰ ਨਾਲ ਚਰਚਾ ਕੀਤੀ।

ਲੜੀ ਦੇ ਤੀਜੇ ਲੈਕਚਰ ਵਿੱਚ 24 ਸਤੰਬਰ ਨੂੰ ਥਾਪਰ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ ਦੀ ਪ੍ਰੋਫੈਸਰ ਅਤੇ ਡੀਨ (ਅਕਾਦਮਿਕ ਅਫੇਅਰਜ਼) ਡਾ. ਸ਼ਰੁਤੀ ਸ਼ਰਮਾ ਨੇ ਸਿਵਲ ਇੰਜੀਨੀਅਰਿੰਗ ਵਿੱਚ ਟਿਕਾਊ ਨਿਰਮਾਣ ਪ੍ਰਣਾਲੀਆਂ ਵਿਸ਼ੇ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਸਰੋਤਾਂ ਦੀ ਕੁਸ਼ਲ ਵਰਤੋਂ ਅਤੇ ਵਾਤਾਵਰਣ ਪ੍ਰਤੀ ਜ਼ਿੰਮੇਵਾਰ ਨਿਰਮਾਣ ਪ੍ਰਣਾਲੀਆਂ ਦੇ ਵੱਖ-ਵੱਖ ਪਹਿਲੂਆਂ 'ਤੇ ਚਾਨਣਾ ਪਾਇਆ।

ਲੈਕਚਰ ਲੜੀ ਦਾ ਸਮਾਪਨ 25 ਸਤੰਬਰ ਨੂੰ ਸ਼ਿਵਾ ਟੈਸਟਿੰਗ ਐਂਡ ਰਿਸਰਚ ਲੈਬੋਰਟਰੀ ਪ੍ਰਾਈਵੇਟ ਲਿਮਿਟਡ, ਕੁਰਾਲੀ, ਮੋਹਾਲੀ ਦੇ ਟੈਕਨੀਕਲ ਹੈੱਡ ਡਾ. ਅੰਕਿਤ ਕੁਮਾਰ ਦੇ ਲੈਕਚਰ ਨਾਲ ਹੋਇਆ। ਉਨ੍ਹਾਂ ਨੇ ਭੂ-ਤਕਨੀਕੀ ਜਾਂਚ: ਸਾਈਟ ਤੋਂ ਡਿਜ਼ਾਈਨ ਤੱਕ ਵਿਸ਼ੇ 'ਤੇ ਸਾਈਟ ਇਨਵੈਸਟੀਗੇਸ਼ਨ, ਮਿੱਟੀ ਦੀ ਜਾਂਚ, ਜੀਓਟੈਕਨੀਕਲ ਮੁਲਾਂਕਣ ਅਤੇ ਫਾਊਂਡੇਸ਼ਨ ਡਿਜ਼ਾਈਨ ਨਾਲ ਜੁੜੇ ਮਹੱਤਵਪੂਰਨ ਵਿਹਾਰਕ ਪਹਿਲੂਆਂ ਬਾਰੇ ਜਾਣਕਾਰੀ ਦਿੱਤੀ।

ਇਨ੍ਹਾਂ ਮਾਹਿਰ ਸੈਸ਼ਨਾਂ ਰਾਹੀਂ ਵਿਦਿਆਰਥੀਆਂ ਨੂੰ ਟਿਕਾਊ ਨਿਰਮਾਣ ਸਮੱਗਰੀ, ਢਾਂਚਾਗਤ ਮੁਰੰਮਤ ਅਤੇ ਰੈਟਰੋਫਿਟਿੰਗ, ਟਿਕਾਊ ਨਿਰਮਾਣ ਤਕਨੀਕਾਂ, ਭੂ-ਤਕਨੀਕੀ ਜਾਂਚ, ਮਿੱਟੀ ਦੀ ਜਾਂਚ ਅਤੇ ਨੀਂਹ ਡਿਜ਼ਾਈਨ ਵਰਗੇ ਮਹੱਤਵਪੂਰਨ ਖੇਤਰਾਂ ਵਿੱਚ ਮਾਹਿਰਾਂ ਤੋਂ ਸਿੱਧੇ ਤੌਰ 'ਤੇ ਸਿੱਖਣ ਅਤੇ ਵਿਚਾਰ-ਵਟਾਂਦਰਾ ਕਰਨ ਦਾ ਮੌਕਾ ਮਿਲਿਆ। ਲੈਕਚਰਾਂ ਦੌਰਾਨ ਸਿਧਾਂਤਕ ਗਿਆਨ ਨੂੰ ਅਸਲ ਇੰਜੀਨੀਅਰਿੰਗ ਅਤੇ ਉਦਯੋਗਿਕ ਉਪਯੋਗਾਂ ਨਾਲ ਜੋੜਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।

ਮਾਹਿਰ ਲੈਕਚਰ ਲੜੀ ਦਾ ਆਯੋਜਨ ਪ੍ਰੋ. ਮਣੀ ਕਾਂਤ ਪਾਸਵਾਨ, ਡਾਇਰੈਕਟਰ, ਐਸਐਲਆਈਈਟੀ ਦੇ ਮਾਰਗਦਰਸ਼ਨ ਅਤੇ ਪ੍ਰੋਤਸਾਹਨ ਹੇਠ ਕੀਤਾ ਗਿਆ। ਉਨ੍ਹਾਂ ਨੇ ਇਸ ਤਰ੍ਹਾਂ ਦੀਆਂ ਅਕਾਦਮਿਕ ਗਤੀਵਿਧੀਆਂ ਨੂੰ ਵਿਦਿਆਰਥੀਆਂ ਦੇ ਤਕਨੀਕੀ ਗਿਆਨ ਅਤੇ ਵਿਹਾਰਕ ਸਮਝ ਦੇ ਵਿਕਾਸ ਲਈ ਮਹੱਤਵਪੂਰਨ ਦੱਸਿਆ।

ਪ੍ਰੋਗਰਾਮ ਨੂੰ ਪ੍ਰੋ. ਸ਼ੰਕਰ ਸਿੰਘ, ਮੁਖੀ, ਮਕੈਨੀਕਲ ਅਤੇ ਸਿਵਲ ਇੰਜੀਨੀਅਰਿੰਗ ਵਿਭਾਗ ਅਤੇ ਸਲਾਹਕਾਰ, 'ਸਿਵਿਕੌਨ' ਦਾ ਮਾਰਗਦਰਸ਼ਨ ਅਤੇ ਸਹਿਯੋਗ ਪ੍ਰਾਪਤ ਹੋਇਆ।

ਡਾ. ਰਾਕੇਸ਼ ਕੁਮਾਰ, ਐਸੋਸੀਏਟ ਪ੍ਰੋਫੈਸਰ, ਮਕੈਨੀਕਲ ਇੰਜੀਨੀਅਰਿੰਗ ਵਿਭਾਗ ਅਤੇ ਕਨਵੀਨਰ, 'ਸਿਵਿਕੌਨ-ਟੈਕਫੈਸਟ 2026', ਨੇ ਮਾਹਿਰ ਲੈਕਚਰ ਲੜੀ ਦਾ ਸਮੁੱਚਾ ਤਾਲਮੇਲ ਕੀਤਾ। ਆਯੋਜਕ ਟੀਮ ਵਿੱਚ ਡਾ. ਰਿਤਿਕਾ ਸਿੰਗਲਾ, ਡਾ. ਦਲਜੀਤ ਸਿੰਘ ਅਤੇ ਡਾ. ਪ੍ਰਿਆ ਗੋਇਲ ਨੇ ਸਰਗਰਮ ਯੋਗਦਾਨ ਪਾਇਆ, ਜਦਕਿ ਸ਼੍ਰੀ ਰਾਹੁਲ ਕੁਮਾਰ, ਟੈਕਨੀਕਲ ਕੈਟਰੇਲਰ (ਸਿਵਲ), ਨੇ ਪ੍ਰੋਗਰਾਮ ਦੇ ਤਕਨੀਕੀ ਅਤੇ ਪ੍ਰਬੰਧਕੀ ਸੰਚਾਲਨ ਵਿੱਚ ਸਹਿਯੋਗ ਦਿੱਤਾ।

ਇਸ ਮਾਹਿਰ ਲੈਕਚਰ ਲੜੀ ਨੇ ਅਕਾਦਮਿਕ ਗਿਆਨ, ਉਦਯੋਗਿਕ ਤਜਰਬੇ ਅਤੇ ਵਿਹਾਰਕ ਇੰਜੀਨੀਅਰਿੰਗ ਵਿਚਕਾਰ ਬਿਹਤਰ ਤਾਲਮੇਲ ਸਥਾਪਿਤ ਕਰਨ ਦੇ ਨਾਲ-ਨਾਲ ਵਿਦਿਆਰਥੀਆਂ ਨੂੰ ਮਾਹਿਰਾਂ ਨਾਲ ਸਿੱਧਾ ਸੰਵਾਦ ਕਰਨ ਲਈ ਇੱਕ ਪ੍ਰਭਾਵਸ਼ਾਲੀ ਮੰਚ ਪ੍ਰਦਾਨ ਕੀਤਾ।

ਝੂਠੇ ਵੀਜ਼ੇ ਅਤੇ ਨਕਲੀ ਆਫਰ ਲੈਟਰ ਦੇਣ ਵਾਲਿਆਂ ਦੀ ਦਿਓ ਜਾਣਕਾਰੀ: ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ

ਪੀੜਤਾਂ ਨੂੰ ਸਮੇਂ ਸਿਰ ਨਿਆਂ ਦਿਵਾਉਣ ਲਈ ਮਨੁੱਖੀ ਅਧਿਕਾਰ ਕਮਿਸ਼ਨ ਸਮਰਪਿਤ : ਸ਼ੰਟੀ

ਬਠਿੰਡਾ 26 ਸਤੰਬਰ (ਰਾਣਾ ਸ਼ਰਮਾ) ਪੰਜਾਬ ਰਾਜ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ (ਪੀ.ਐਸ.ਐਚ.ਆਰ.ਸੀ.) ਦੇ ਮੈਂਬਰ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਅੱਜ ਭਾਰਤੀਯ ਮਾਡਲ ਸੀਨੀਅਰ ਸੈਕੰਡਰੀ ਸਕੂਲ ਰਾਮਪੁਰਾ ਅਤੇ ਸਟਾਰ ਵਿਊ ਰਿਜ਼ੋਰਟ ਭਗਤਾ ਭਾਈਕਾ ਵਿਖੇ ਮਨੁੱਖੀ ਅਧਿਕਾਰ ਜਾਗਰੂਕਤਾ ਕੈਂਪ ਦੌਰਾਨ ਜਣ ਸੁਣਵਾਈ ਕੀਤੀ। ਯੁੱਧ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਸੁਣਵਾਈ ਕੈਂਪ ਆਯੋਜਤ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਅਤੇ ਵੱਡੀ ਗਿਣਤੀ ਵਿੱਚ ਆਮ ਲੋਕਾਂ ਨੇ ਹਿੱਸਾ ਲਿਆ।ਸਮਾਗਮ ਨੂੰ ਸੰਬੋਧਨ ਕਰਦਿਆਂ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਕਿ ਮਨੁੱਖੀ ਅਧਿਕਾਰ ਕਮਿਸ਼ਨ ਦਾ ਮੁੱਖ ਮੰਤਵ ਹਰ ਨਾਗਰਿਕ ਦੇ ਅਧਿਕਾਰਾਂ ਦੀ ਰੱਖਿਆ ਕਰਨਾ, ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨੀ ਅਤੇ ਪੀੜਤਾਂ ਨੂੰ ਸਮੇਂ-ਸਿਰ ਨਿਆਂ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਆਪਣੀ ਪਹ

ਸ਼੍ਰੀ ਸ਼ਿਆਮ ਸੇਵਾ ਸਮਿਤੀ ਮੌੜ ਮੰਡੀ ਵੱਲੋਂ 143 ਵੀ ਮੁਫ਼ਤ ਬੱਸ ਯਾਤਰਾ ਰਵਾਨਾ

ਮੌੜ ਮੰਡੀ ,ਦੇਸ਼ ਸੇਵਕ ,(ਸੰਦੀਪ ਕੁਮਾਰ) ਸ਼੍ਰੀ ਸ਼ਿਆਮ ਸੇਵਾ ਸਮਿਤੀ(ਰਜਿ.) ਮੌੜ ਦੁਆਰਾ ਹਰ ਮਹੀਨੇ ਤੀਰਥ ਅਸਥਾਨਾਂ ਦੀ ਯਾਤਰਾ ਨੂੰ ਜਾਰੀ ਰੱਖਦੇ ਹੋਏ ਸ਼੍ਰੀ ਸਾਲਾਸਰ ਧਾਮ ਅਤੇ ਸ਼੍ਰੀ ਖਾਟੂ ਧਾਮ ਜੀ ਲਈ 143 ਵੀ ਮੁਫ਼ਤ ਬੱਸ ਯਾਤਰਾ ਰਵਾਨਾ ਕੀਤੀ। ਇਸ ਬੱਸ ਯਾਤਰਾ ਨੂੰ ਆਮ ਆਦਮੀ ਪਾਰਟੀ ਦੇ ਲੋਕ ਸਭਾ ਹਲਕਾ ਬਠਿੰਡਾ ਦੇ ਇੰਚਾਰਜ ਅਤੇ ਸ਼ੂਗਰਫੈਡ ਦੇ ਚੇਅਰਮੈਨ ਐਡਵੋਕੇਟ ਨਵਦੀਪ ਸਿੰਘ ਜੀਦਾ ਦੁਆਰਾ ਪ੍ਰਾਚੀਨ ਸ਼੍ਰੀ ਹਨੂੰਮਾਨ ਮੰਦਰ (ਡੇਰਾ ਨਿੱਕੂ ਰਾਮ ਜੀ) ਤੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਮੁੱਖ ਮਹਿਮਾਨ ਨੇ ਸੰਸਥਾ ਦੀ ਆਰਥਿਕ ਮਦਦ ਕੀਤੀ ਅਤੇ ਸੰਸਥਾ ਦੀ ਪ੍ਰਸ਼ੰਸ਼ਾ ਕਰਦੇ ਹੋਏ ਕਿਹਾ ਕਿ ਸ਼੍ਰੀ ਸ਼ਿਆਮ ਸੇਵਾ ਸਮਿਤੀ ਦੁਆਰਾ ਧਰਮ ਪ੍ਰੇਮੀਆਂ ਨੂੰ ਧਾਰਮਿਕ ਅਸਥਾਨਾਂ ਦੀ ਮੁਫ਼ਤ ਬੱਸ ਯਾਤਰਾ ਕਰਵਾਨਾ ਬੜੀ ਖੁਸ਼ੀ ਦੀ ਗੱਲ ਹੈ।ਧਾਰਮਿਕ ਯਾਤਰਾਵਾਂ ਨਾਲ ਲੋਕਾਂ ਦੇ ਮਨਾਂ ਵਿੱਚ ਸ਼ਰਧਾ ਭਗਤੀ ਅਤੇ ਜਨ ਸੇਵਾ ਦੀ ਭਾਵਨਾ ਵਿਕਸਿਤ ਹੁੰਦੀ ਹੈ।ਹਰੇਕ ਵਿਅਕਤੀ ਨੂੰ ਇਸ ਪ੍ਰਕਾਰ ਦੀਆਂ ਯਾਤਰਾਵਾਂ ਵਿਚ ਵਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ। ਇਸ ਮੌਕੇ ਸੰਸਥਾ ਦੇ ਪ੍ਰਧਾਨ ਰਵੀ ਮੰਗਲਾ ਨੇ ਦੱਸਿਆ ਕਿ ਇਸ ਯਾਤਰਾ ਦੌਰਾਨ ਯਾਤਰੀਆਂ ਦੇ ਰਹਿਣ ਅਤੇ ਖਾਣ ਪੀਣ ਦੀ ਵਿਵਸਥਾ ਵੀ ਸੰਸਥਾ ਦੁਆਰਾ ਮੁਫਤ ਕੀਤੀ ਜਾਂਦੀ ਹੈ।ਇਸ ਮੌਕੇ ਸੰਸਥਾ ਦੇ ਮੈਂਬਰ ਵਿੱਕੀ ਗਰਗ, ਵਿੱਕੀ ਜਿੰਦਲ,ਮੱਖਣ ਸ਼ਰਮਾ, ਕਸ਼ਮੀਰੀ ਪੂਨੀਆ,ਸੌਰਵ, ਪੁਰੀ,ਵਰੁਣ,ਰਾਜਾ ਰਾਮ,ਨਿਸ਼ੂ ਗਰੋਵਰ ਬੱਸ ਯਾਤਰੀ ਅਤੇ ਭਾਰੀ ਗਿਣਤੀ ਵਿੱਚ ਮੰਡੀ ਵਾਸੀ ਮੌਜੂਦ ਸਨ।

ਮੁਫਤ ਆਯੁਸ਼ ਮੈਡੀਕਲ ਕੈਂਪ ਲਗਾਇਆ

ਭੀਖੀ,26ਸਤੰਬਰ (ਨਵੀਨ ਕੁਮਾਰ ਸਿੰਗਲਾ) ਡਾਇਰੈਕਟਰ ਆਯੁਰਵੇਦਾ ਪੰਜਾਬ ਡਾ. ਰਮਨ ਖੰਨਾ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜਿਲ੍ਹਾ ਆਯੁਵੈਦਿਕ ਅਤੇ ਯੂਨਾਨੀ ਅਫ਼ਸਰ ਮਾਨਸਾ ਡਾ. ਨਮਿਤਾ ਗਰਗ ਅਤੇ ਜ਼ਿਲ੍ਹਾ ਹੋਮਿਓਪੈਥੀ ਅਧਿਕਾਰੀ ਡਾ. ਰਾਜੀਵ ਕੁਮਾਰ ਜਿੰਦੀਆ ਦੀ ਰਹਿਨੁਮਾਈ ਹੇਠ ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਭੀਖੀ ਵਿਖੇ ਮੁਫ਼ਤ ਆਯੁਸ਼ ਮੈਡੀਕਲ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਆਯੁਰਵੈਦਿਕ ਡਾ. ਵਰਿੰਦਰ ਕੁਮਾਰ ਅਤੇ ਡਾ. ਡਿੰਪੀ ਸ਼ਾਰਧਾ ਅਤੇ ਹੋਮਿਓਪੈਥੀ ਦੇ ਡਾ. ਰਾਜਨੀਤ ਕੌਰ ਅਤੇ ਡਾ. ਰਾਜੇਸ਼ ਭੋਗਰਾ ਨੇ ਮਰੀਜਾਂ ਦਾ ਚੈਕਅੱਪ ਕੀਤਾ। ਕੈਂਪ ਦੌਰਾਨ 380 ਮਰੀਜ਼ਾਂ ਨੇ ਆਯੁਰਵੇਦਿਕ ਅਤੇ 362 ਮਰੀਜ਼ਾਂ ਨੇ ਹੋਮਿਓਪੈਥਿਕ ਰਾਹੀਂ ਇਲਾਜ ਪ੍ਰਾਪਤ ਕੀਤਾ। ਇਸ ਮੌਕੇ ਟੀਮ ਵਲੋਂ ਮਰੀਜ਼ਾਂ ਨੂੰ ਆਹਾਰ ਸੰਬੰਧੀ ਦਿਸ਼ਾ-ਨਿਰਦੇਸ਼ ਦਿੱਤੇ ਗਏ। ਆਯੁਰਵੇਦਾ ਉਪ ਵੈਦ ਭੁਪਿੰਦਰ ਸ਼ਰਮਾ ਅਤੇ ਗੀਚਾ ਰਾਣੀ ਨੇ ਮਰੀਜਾਂ ਨੂੰ ਆਯੁਰਵੈਦਿਕ ਅਤੇ ਨਰਿੰਦਰਪਾਲ ਸਿੰਘ ਅਤੇ ਸੁਸ਼ੀਲ ਕੁਮਾਰ ਨੇ ਹੋਮਿਓਪੈਥੀ ਦਵਾਈਆਂ ਦਿੱਤੀਆਂ। ਪਾਰਟ ਟਾਈਮ ਵਰਕਰ ਅਮਰਜੀਤ ਕੌਰ ਆਪਣੀਆਂ ਸੇਵਾਵਾਂ ਪ੍ਰਦਾਨ ਕੀਤੀਆਂ। ਫੋਟੋ: ਕੈਂਪ ਦੌਰਾਨ ਮਰੀਜਾਂ ਦੀ ਜਾਂਚ ਕਰਦੇ ਹੋਏ ਮਾਹਿਰ ਡਾਕਟਰ।

ਇੰਦਰਾ ਕਲੋਨੀ ਸ੍ਰੀ ਮਾਛੀਵਾੜਾ ਸਾਹਿਬ ਵਿੱਖੇ ਸਾਈਂ ਲਾਡੀ ਸ਼ਾਹ ਦੇ ਜਨਮ ਦਿਨ ਮੌਕੇ ਖੀਰ ਦਾ ਲੰਗਰ ਲਗਾਇਆ ਗਿਆ

ਸ੍ਰੀ ਮਾਛੀਵਾੜਾ ਸਾਹਿਬ :- ਦਰਸ਼ਨ ਚੋਪੜਾ, ਰਾਜੀਵ ਕੁਮਾਰ ਰੋਜ਼ੀ, ਨਰੇਸ਼ ਭਾਟੀਆ - ਸਥਾਨਕ ਇੰਦਰਾ ਕਲੋਨੀ ਸ੍ਰੀ ਮਾਛੀਵਾੜਾ ਸਾਹਿਬ ਦੇ ਨੌਜਵਾਨਾਂ ਵੱਲੋਂ ਸਾਈਂ ਲਾਡੀ ਸ਼ਾਹ ਜੀ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਖੀਰ ਦਾ ਲੰਗਰ ਲਗਾਇਆ ਇਸ ਮੌਕੇ ਜਾਣਕਾਰੀ ਦਿੰਦਿਆਂ ਸ਼ਿੰਦਰ ਕੌਰ ਪ੍ਰਧਾਨ, ਅਨਵਰ ਕੁਮਾਰ, ਵਿਸ਼ਾਲ ਕੁਮਾਰ ਅਤੇ ਨਾਜਰ ਨੇ ਦੱਸਿਆ ਕਿ ਉਹਨਾਂ ਦਾ ਸਾਈਂ ਲਾਡੀ ਸ਼ਾਹ ਦੇ ਦਰਬਾਰ ਨਾਲ ਅਥਾਹ ਸ਼ਰਧਾ ਤੇ ਪਿਆਰ ਹੈ ਇਸ ਲਈ ਅੱਜ ਉਹਨਾਂ ਦੇ ਜਨਮ ਦਿਨ ਮੌਕੇ ਸਮੂਹ ਨੌਜਵਾਨਾਂ ਵੱਲੋਂ ਇਕੱਠੇ ਹੋ ਕੇ ਖੀਰ ਦਾ ਲੰਗਰ ਲਗਾਇਆ। ਇਸ ਮੌਕੇ ਸੇਵਾਦਾਰਾਂ ਵੱਲੋਂ ਰਾਹਗੀਰਾਂ ਨੂੰ ਪਿਆਰ ਤੇ ਸਤਿਕਾਰ ਨਾਲ ਖੀਰ ਦਾ ਲੰਗਰ ਛਕਾਇਆ। ਇਸ ਮੌਕੇ ਕੌਂਸਲਰ ਧਰਮਪਾਲ, ਸਾਬਕਾ ਕੌਂਸਲਰ ਪਰਮਜੀਤ ਪੰਮੀ, ਨਰਿੰਦਰਪਾਲ ਲੱਕੀ, ਪ੍ਰਧਾਨ ਮਸ਼ਿੰਦਰ ਸਿੰਘ, ਕਰਮਜੀਤ ਸਿੰਘ ਲੋਪੋਂ, ਜਤਿੰਦਰ ਸਿੰਘ ਜੋਤੀ, ਬਲਵਿੰਦਰ ਸਿੰਘ ਬੈਂਸ, ਗੁਰਮੀਤ ਸਿੰਘ ਢੀਂਡਸਾ, ਦਲਜੀਤ ਸਿੰਘ ਦੁੱਲਾ, ਵੀਰਪਾਲ, ਟੋਨੀ ਕੋਚ, ਸਤਨਾਮ ਸਿੰਘ, ਕਰਨ ਕੁਮਾਰ, ਸੰਗਰਾਮ, ਜੋਤੀ ਕੁਮਾਰ, ਭਿੰਦਾ, ਸੰਜੇ ਕੁਮਾਰ, ਓਮ ਪ੍ਰਕਾਸ਼, ਸਨਿਆਸੀ, ਛਿੰਦਰ ਨਾਥ, ਬਹਾਦਰ ਨਾਥ ਅਤੇ ਰੋਕੀ ਵੀ ਮੌਜੂਦ ਸਨ।

ਭੁੱਚੋ ਇਹ ਖੁਰਦ ਵਿੱਚ ਕਰੀਬ 1900 ਲੋਕਾਂ ਦੇ ਬਣੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਕਾਰਡ

ਭੁੱਚੋ ਮੰਡੀ, 26 ਸਤੰਬਰ (ਚਰਨਜੀਤ ਖੁਰਮੀ)- ਵਿਧਾਨ ਸਭਾ ਹਲਕਾ ਭੁੱਚੋ ਮੰਡੀ ਵਿੱਚ ਆਮ ਆਦਮੀ ਪਾਰਟੀ ਦੀ ਬਲਾਕ ਪ੍ਰਧਾਨ ਕਮਲਜੀਤ ਕੌਰ ਭੁੱਚੋ ਖੁਰਦ ਨੇ ਪੱਤਰਕਾਰਾਂ ਨਾਲ ਫੋਨ ਲਾਈਨ ਰਾਹੀਂ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਚਲਾਈ ਜਾ ਰਹੀ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦਾ ਵੱਡੀ ਗਿਣਤੀ ਵਿੱਚ ਲੋਕ ਲਾਭ ਲੈ ਰਹੇ ਹਨ। ਉਨ੍ਹਾਂ ਦੱਸਿਆ ਕਿ ਭੁੱਚੋ ਖੁਰਦ ਪਿੰਡ ਵਿੱਚ ਹੁਣ ਤੱਕ ਲਗਭਗ 1900 ਦੇ ਕਰੀਬ ਲੋਕਾਂ ਦੇ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਕਾਰਡ ਬਣਾਏ ਜਾ ਚੁੱਕੇ ਹਨ। ਇਨ੍ਹਾਂ ਵਿੱਚੋਂ ਕਈ ਲਾਭਪਾਤਰੀਆਂ ਵੱਲੋਂ ਕਾਰਡ ਰਾਹੀਂ ਆਪਣਾ ਇਲਾਜ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਨਾਲ ਆਮ ਪਰਿਵਾਰਾਂ ਨੂੰ ਇਲਾਜ ਦੇ ਖਰਚੇ ਸਬੰਧੀ ਰਾਹਤ ਮਿਲਣ ਵਿੱਚ ਮਦਦ ਮਿਲ ਰਹੀ ਹੈ। ਕਮਲਜੀਤ ਕੌਰ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਿਹਤ, ਸਿੱਖਿਆ ਅਤੇ ਲੋਕ ਭਲਾਈ ਨਾਲ ਸਬੰਧਤ ਸਹੂਲਤਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਕਾਰਨ ਪਾਰਟੀ ਆਮ ਲੋਕਾਂ ਵਿੱਚ ਆਪਣੀ ਪਛਾਣ ਬਣਾ ਰਹੀ ਹੈ। ਉਨ੍ਹਾਂ ਭਰੋਸਾ ਪ੍ਰਗਟ ਕੀਤਾ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਬਣੇਗੀ।

ਸ਼੍ਰੀ ਸ਼ਿਆਮ ਸੇਵਾ ਸਮਿਤੀ ਮੌੜ ਮੰਡੀ ਵੱਲੋਂ 143 ਵੀ ਮੁਫ਼ਤ ਬੱਸ ਯਾਤਰਾ ਰਵਾਨਾ

ਮੌੜ ਮੰਡੀ, ਦੇਸ਼ ਪ੍ਰਦੇਸ਼, (ਸੰਦੀਪ ਕੁਮਾਰ) ਸ਼੍ਰੀ ਸ਼ਿਆਮ ਸੇਵਾ ਸਮਿਤੀ(ਰਜਿ.) ਮੌੜ ਦੁਆਰਾ ਹਰ ਮਹੀਨੇ ਤੀਰਥ ਅਸਥਾਨਾਂ ਦੀ ਯਾਤਰਾ ਨੂੰ ਜਾਰੀ ਰੱਖਦੇ ਹੋਏ ਸ਼੍ਰੀ ਸਾਲਾਸਰ ਧਾਮ ਅਤੇ ਸ਼੍ਰੀ ਖਾਟੂ ਧਾਮ ਜੀ ਲਈ 143 ਵੀ ਮੁਫ਼ਤ ਬੱਸ ਯਾਤਰਾ ਰਵਾਨਾ ਕੀਤੀ। ਇਸ ਬੱਸ ਯਾਤਰਾ ਨੂੰ ਆਮ ਆਦਮੀ ਪਾਰਟੀ ਦੇ ਲੋਕ ਸਭਾ ਹਲਕਾ ਬਠਿੰਡਾ ਦੇ ਇੰਚਾਰਜ ਅਤੇ ਸ਼ੂਗਰਫੈਡ ਦੇ ਚੇਅਰਮੈਨ ਐਡਵੋਕੇਟ ਨਵਦੀਪ ਸਿੰਘ ਜੀਦਾ ਦੁਆਰਾ ਪ੍ਰਾਚੀਨ ਸ਼੍ਰੀ ਹਨੂੰਮਾਨ ਮੰਦਰ (ਡੇਰਾ ਨਿੱਕੂ ਰਾਮ ਜੀ) ਤੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਮੁੱਖ ਮਹਿਮਾਨ ਨੇ ਸੰਸਥਾ ਦੀ ਆਰਥਿਕ ਮਦਦ ਕੀਤੀ ਅਤੇ ਸੰਸਥਾ ਦੀ ਪ੍ਰਸ਼ੰਸ਼ਾ ਕਰਦੇ ਹੋਏ ਕਿਹਾ ਕਿ ਸ਼੍ਰੀ ਸ਼ਿਆਮ ਸੇਵਾ ਸਮਿਤੀ ਦੁਆਰਾ ਧਰਮ ਪ੍ਰੇਮੀਆਂ ਨੂੰ ਧਾਰਮਿਕ ਅਸਥਾਨਾਂ ਦੀ ਮੁਫ਼ਤ ਬੱਸ ਯਾਤਰਾ ਕਰਵਾਨਾ ਬੜੀ ਖੁਸ਼ੀ ਦੀ ਗੱਲ ਹੈ।ਧਾਰਮਿਕ ਯਾਤਰਾਵਾਂ ਨਾਲ ਲੋਕਾਂ ਦੇ ਮਨਾਂ ਵਿੱਚ ਸ਼ਰਧਾ ਭਗਤੀ ਅਤੇ ਜਨ ਸੇਵਾ ਦੀ ਭਾਵਨਾ ਵਿਕਸਿਤ ਹੁੰਦੀ ਹੈ।ਹਰੇਕ ਵਿਅਕਤੀ ਨੂੰ ਇਸ ਪ੍ਰਕਾਰ ਦੀਆਂ ਯਾਤਰਾਵਾਂ ਵਿਚ ਵਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ। ਇਸ ਮੌਕੇ ਸੰਸਥਾ ਦੇ ਪ੍ਰਧਾਨ ਰਵੀ ਮੰਗਲਾ ਨੇ ਦੱਸਿਆ ਕਿ ਇਸ ਯਾਤਰਾ ਦੌਰਾਨ ਯਾਤਰੀਆਂ ਦੇ ਰਹਿਣ ਅਤੇ ਖਾਣ ਪੀਣ ਦੀ ਵਿਵਸਥਾ ਵੀ ਸੰਸਥਾ ਦੁਆਰਾ ਮੁਫਤ ਕੀਤੀ ਜਾਂਦੀ ਹੈ।ਇਸ ਮੌਕੇ ਸੰਸਥਾ ਦੇ ਮੈਂਬਰ ਵਿੱਕੀ ਗਰਗ, ਵਿੱਕੀ ਜਿੰਦਲ,ਮੱਖਣ ਸ਼ਰਮਾ, ਕਸ਼ਮੀਰੀ ਪੂਨੀਆ,ਸੌਰਵ, ਪੁਰੀ,ਵਰੁਣ,ਰਾਜਾ ਰਾਮ,ਨਿਸ਼ੂ ਗਰੋਵਰ ਬੱਸ ਯਾਤਰੀ ਅਤੇ ਭਾਰੀ ਗਿਣਤੀ ਵਿੱਚ ਮੰਡੀ ਵਾਸੀ ਮੌਜੂਦ ਸਨ।

ਪੰਜਾਬ ਸਰਕਾਰ ਨੇ ਲੋਕ ਹਿੱਤ ਵਿੱਚ ਵੱਡੀਆਂ ਸਕੀਮਾਂ ਲਿਆਂਦੀਆਂ- ਹਲਕਾ ਵਿਧਾਇਕ

ਬਠਿੰਡਾ (ਦਿਹਾੜੀ), 26 ਸਤੰਬਰ (ਕੁਲਜੀਤ ਸਿੰਘ ਢੀਂਗਰਾ/ਸ਼ੁਰੇਸ ਗਰਗ): ਵਿਧਾਨ ਸਭਾ ਹਲਕਾ ਭੁੱਚੋ ਮੰਡੀ ਦੇ ਵਿਧਾਇਕ ਮਾਸਟਰ ਜਗਸੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਲੋਕ ਹਿੱਤ ਵਿੱਚ ਵੱਡੀਆਂ ਸਕੀਮਾਂ ਅਮਲ ਵਿੱਚ ਲਿਆਂਦੀਆਂ ਹਨ ਜੋ ਸਫਲਤਾਪੂਰਵਕ ਚੱਲ ਰਹੀਆਂ ਹਨ। ਉਹ ਅੱਜ ਨੇੜਲੇ ਪਿੰਡ ਅਕਲੀਆ ਖੁਰਦ ਵਿੱਚ ਮੁੱਖ ਮੰਤਰੀ ਸਿਹਤ ਬੀਮਾ ਕਾਰਡਾਂ ਦੀ ਵੰਡ ਦਾ ਉਦਘਾਟਨ ਕਰਨ ਉਪਰੰਤ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਇਹ ਪਹਿਲੀ ਸਰਕਾਰ ਹੈ ਜਿਸ ਨੇ ਚੋਣਾਂ ਤੋਂ ਪਹਿਲਾਂ ਦਿੱਤੀਆਂ ਗਰੰਟੀਆਂ ਪੂਰੀਆਂ ਕਰਨ ਦੇ ਨਾਲ-ਨਾਲ ਮੁਫ਼ਤ ਦਸ ਲੱਖ ਰੁਪਏ ਦਾ ਸਿਹਤ ਬੀਮਾ ਕੀਤਾ ਹੈ। ਇਸ ਤੋਂ ਪਹਿਲਾਂ ਬੋਲਦਿਆਂ ਸਿਹਤ ਵਿਭਾਗ ਦੇ ਬਲਾਕ ਐਜੂਕੇਟਰ ਮਹੇਸ਼ ਸ਼ਰਮਾ ਨੇ ਦੱਸਿਆ ਕਿ ਇਹ ਅੱਜ ਰਸਮੀਂ ਸ਼ੁਰੂਆਤ ਕੀਤੀ ਗਈ ਹੈ। ਇਸ ਉਪਰੰਤ ਆਸ਼ਾ ਵਰਕਰ ਘਰ-ਘਰ ਜਾ ਕੇ ਕਾਰਡ ਆਨਲਾਈਨ ਕਰਕੇ ਵੰਡਣਗੀਆਂ। ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਦੇ ਕਾਰਡ ਵੰਡ ਸਮਾਗਮ ਜੀਦਾ, ਹਰਰਾਇਪੁਰ, ਸਿਵੀਆਂ ਸਮੇਤ ਹੋਰ ਪਿੰਡਾਂ ਵਿੱਚ ਵੀ ਹੋਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੀ.ਐਚ.ਓ ਅਮਨਦੀਪ ਕੌਰ, ਗੁਰਪ੍ਰੀਤ ਕੌਰ, ਪ੍ਰਭਜੋਤ ਨਨਚਾਹਲ, ਮਪਹਵ ਰਣਜੀਤ ਕੌਰ, ਸ਼ਿੰਦਰਪਾਲ ਕੌਰ, ਰਾਜਵਿੰਦਰ ਕੌਰ, ਜਸਵੀਰ ਕੌਰ, ਕੁਲਵਿੰਦਰ ਕੌਰ, ਬਲਜੀਤ ਕੌਰ, ਹਰਜੋਤ ਸਿੰਘ, ਬਲਜੀਤ ਸਿੰਘ ਅਤੇ ਜੁਝਾਰ ਸਿੰਘ ਆਦਿ ਹਾਜ਼ਰ ਸਨ।

ਮਾਨ ਦੇ ਮੁਨਾਫ਼ੇ ਮੁਹਿੰਮ: ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਸਨੌਰ ਹਲਕੇ ਚ ਕੀਤੀ ਡੋਰ-ਟੂ-ਡੋਰ ਮੁਲਾਕਾਤ

ਸਨੌਰ/ 26 ਸਤੰਬਰ (ਰਾਜਿੰਦਰ ਸਿੰਘ ਬਿੰਦ): ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਮ ਪਰਿਵਾਰਾਂ ਦੀ ਆਰਥਿਕ ਮਜ਼ਬੂਤੀ ਲਈ ਚਲਾਈ ਗਈ ਇਤਿਹਾਸਕ @ਮਾਨ ਦੇ ਮੁਨਾਫ਼ੇ@ ਮੁਹਿੰਮ ਤਹਿਤ ਅੱਜ ਹਲਕਾ ਸਨੌਰ ਦੇ ਪਿੰਡ ਮੇਹਰਗੜ੍ਹ ਬੱਤਾ ਵਿਖੇ ਜ਼ੋਰਦਾਰ ਡੋਰ-ਟੂ-ਡੋਰ ਰਾਬਤਾ ਮੁਹਿੰਮ ਚਲਾਈ ਗਈ। ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਖ਼ੁਦ ਪਿੰਡ ਦੀਆਂ ਗਲੀਆਂ ਅਤੇ ਘਰਾਂ ਵਿੱਚ ਜਾ ਕੇ ਪਰਿਵਾਰਾਂ ਨਾਲ ਸਿੱਧੀ ਗੱਲਬਾਤ ਕੀਤੀ ਅਤੇ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਸਾਂਝੀ ਕੀਤੀ।ਮੁਲਾਕਾਤ ਦੌਰਾਨ ਹਡਾਣਾ ਨੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਮਾਨ ਸਰਕਾਰ ਵੱਲੋਂ ਜ਼ੀਰੋ ਬਿਜਲੀ ਬਿੱਲ, ਮਹਿਲਾਵਾਂ ਲਈ ਮੁਫ਼ਤ ਬੱਸ ਸਫ਼ਰ, ਆਮ ਆਦਮੀ ਕਲੀਨਿਕਾਂ ਰਾਹੀਂ

ਮੁਫ਼ਤ ਦਵਾਈਆਂ ਤੇ ਟੈਸਟ, ਸਰਕਾਰੀ ਸਕੂਲਾਂ @ਚ ਮੁਫ਼ਤ ਪੜ੍ਹਾਈ ਅਤੇ ਮੁਫ਼ਤ ਤੀਰਥ ਯਾਤਰਾ ਵਰਗੀਆਂ ਗਰੰਟੀਆਂ ਨਾਲ ਹਰ ਪਰਿਵਾਰ ਨੂੰ ਸਾਲਾਨਾ ਲਗਭਗ ?1.82 ਲੱਖ ਦਾ ਸਿੱਧਾ ਮੁਨਾਫ਼ਾ ਮਿਲ ਰਿਹਾ ਹੈ। ਇਸ ਤੋਂ ਇਲਾਵਾ ਖੇਤਾਂ ਦੀਆਂ ਮੋਟਰਾਂ ਲਈ ਮੁਫ਼ਤ ਬਿਜਲੀ ਅਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਇਲਾਜ ਲਈ ?10 ਲੱਖ ਤੱਕ ਦਾ ਸਿਹਤ ਬੀਮਾ ਆਮ ਲੋਕਾਂ ਲਈ ਵੱਡੀ ਢਾਲ ਸਾਬਤ ਹੋ ਰਿਹਾ ਹੈ।ਇਸ ਮੌਕੇ ਪਿੰਡ ਮੇਹਰਗੜ੍ਹ ਬੱਤਾ ਦੇ ਵਸਨੀਕਾਂ ਨੇ ਵੀ ਮਾਨ ਸਰਕਾਰ ਦੇ ਲੋਕ-ਹਿਤੈਸ਼ੀ ਕੰਮਾਂ @ਤੇ ਪੂਰਨ ਤਸੱਲੀ ਤੇ ਭਰੋਸਾ ਪ੍ਰਗਟ ਕਰਦਿਆਂ ਕਿਹਾ ਕਿ ਪਹਿਲੀ ਵਾਰ ਅਜਿਹੀ ਸਰਕਾਰ ਆਈ ਹੈ ਜਿਸਨੇ ਆਮ ਲੋਕਾਂ ਦੀ ਜੇਬ ਦਾ ਖ਼ਰਚਾ ਘਟਾ ਕੇ ਬੱਚਤ ਕੀਤੀ ਹੈ। ਪਿੰਡ ਵਾਸੀਆਂ ਨੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੂੰ ਭਰੋਸਾ ਦਿਵਾਇਆ ਕਿ ਉਹ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦਾ ਡੱਟ ਕੇ ਸਾਥ ਦੇਣਗੇ ਅਤੇ ਹਲਕੇ ਤੋਂ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਮੁੜ ਸਰਕਾਰ ਬਣਾਉਣਗੇ।ਹਡਾਣਾ ਨੇ ਪਿੰਡ ਵਾਸੀਆਂ ਵੱਲੋਂ ਮਿਲੇ ਸਮਰਥਨ ਲਈ ਧੰਨਵਾਦ ਕਰਦਿਆਂ ਕਿਹਾ ਕਿ ਹਲਕਾ ਸਨੌਰ ਦੇ ਹਰੇਕ ਨਾਗਰਿਕ ਤੱਕ ਸਰਕਾਰੀ ਸਹੂਲਤਾਂ ਪਹੁੰਚਾਉਣਾ ਅਤੇ ਇਲਾਕੇ ਦਾ ਸਰਬਪੱਖੀ ਵਿਕਾਸ ਯਕੀਨੀ ਬਣਾਉਣਾ ਹੀ ਉਨ੍ਹਾਂ ਦਾ ਮੁੱਖ ਟੀਚਾ ਹੈ। ਇਸ ਮੌਕੇ ਬਲਾਕ ਸੰਮਤੀ ਮੈਂਬਰ ਮਨਦੀਪ ਸਿੰਘ ਬੱਤੀ, ਬਲਾਕ ਸੰਮਤੀ ਮੈਂਬਰ ਗੁਰਿੰਦਰ ਅਦਾਲਤੀ ਵਾਲਾ, ਬਲਾਕ ਪ੍ਰਧਾਨ ਅਮਨ ਸ਼ਾਦੀਪੁਰ, ਪ੍ਰਿੰਸੀਪਲ ਕਰਮਜੀਤ ਸਿੰਘ, ਐਮਸੀ ਵਿਕਾਸ ਅਟਵਾਲ, ਸਿੰਘ ਤੋਂ ਇਲਾਵਾ ਪਿੰਡ ਦੀਆਂ ਪ੍ਰਮੁੱਖ ਸ਼ਖ਼ਸੀਅਤ

ਯੂਨੀਵਰਸਿਟੀ ਕਾਲਜ ਚੁੰਨੀ ਕਲਾਂ ’ਚ ਵਿਦਿਆਰਥੀਆਂ ਨੇ ਦਿਖਾਇਆ ਹੁਨਰ ਦਾ ਦਮ ਪ੍ਰਤਿਭਾ ਖੋਜ ਮੁਕਾਬਲਿਆਂ ’ਚ ਛਾਈ ਨੌਜਵਾਨੀ

ਲੁੱਡੀ, ਕਾਵਿ ਉਚਾਰਨ, ਭਾਸ਼ਣ ਕਲਾ ਤੇ ਸੋਲੋ ਡਾਂਸ ਰਾਹੀਂ ਵਿਦਿਆਰਥੀਆਂ ਨੇ ਬੰਨ੍ਹਿਆ ਰੰਗ; ਪ੍ਰਿੰਸੀਪਲ ਡਾ. ਜਸਵਿੰਦਰ ਕੌਰ ਵੱਲੋਂ ਯੂਥ ਫੈਸਟੀਵਲ ਲਈ ਹੌਸਲਾ ਅਫ਼ਜ਼ਾਈ

ਫ਼ਤਹਿਗੜ੍ਹ ਸਾਹਿਬ, 26 ਸਤੰਬਰ (ਅਭਿਸ਼ੇਕ ਮਲਹੋਤਰਾ)ਯੂਨੀਵਰਸਿਟੀ ਕਾਲਜ ਚੁੰਨੀ ਕਲਾਂ ਵਿਖੇ ਵਿਦਿਆਰਥੀਆਂ ਦੀਆਂ ਛੁਪੀਆਂ ਕਲਾਤਮਕ ਅਤੇ ਸੱਭਿਆਚਾਰਕ ਪ੍ਰਤਿਭਾਵਾਂ ਨੂੰ ਮੰਚ ਪ੍ਰਦਾਨ ਕਰਨ ਦੇ ਉਦੇਸ਼ ਨਾਲ ਪ੍ਰਤਿਭਾ ਖੋਜ ਮੁਕਾਬਲੇ ਕਰਵਾਏ ਗਏ। ਮੁਕਾਬਲਿਆਂ ਵਿੱਚ ਕਾਲਜ ਦੇ ਵਿਦਿਆਰਥੀਆਂ ਨੇ ਉਤਸ਼ਾਹ ਅਤੇ ਜੋਸ਼ ਨਾਲ ਵੱਧ-ਚੜ੍ਹ ਕੇ ਭਾਗ ਲੈਂਦਿਆਂ ਆਪਣੀ ਕਲਾ, ਆਤਮ-ਵਿਸ਼ਵਾਸ ਅਤੇ ਰਚਨਾਤਮਕ ਸਮਰੱਥਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਨਾਲ ਕੀਤੀ ਗਈ, ਜਿਸ ਤੋਂ ਬਾਅਦ ਵੱਖ-ਵੱਖ ਮੁਕਾਬਲਿਆਂ ਵਿੱਚ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਦੇ ਰੰਗ ਬਿਖੇਰੇ। ਇਸ ਦੌਰਾਨ ਲੋਕ ਨਾਚ ਲੁੱਡੀ, ਕਾਵਿ ਉਚਾਰਨ, ਭਾਸ਼ਣ ਕਲਾ ਅਤੇ ਸੋਲੋ ਡਾਂਸ ਸਮੇਤ ਵੱਖ-ਵੱਖ ਵੰਨਗੀਆਂ ਵਿੱਚ ਵਿਦਿਆਰਥੀਆਂ ਨੇ ਜੋਸ਼ ਨਾਲ ਹਿੱਸਾ ਲਿਆ। ਵਿਦਿਆਰਥੀਆਂ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਨੇ ਸਮਾਗਮ ਨੂੰ ਜੀਵੰਤ ਅਤੇ ਯਾਦਗਾਰ ਬਣਾ

ਦਿੱਤਾ।ਇਸ ਮੌਕੇ ਕਾਲਜ ਦੀ ਪ੍ਰਿੰਸੀਪਲ ਡਾ. ਜਸਵਿੰਦਰ ਕੌਰ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਅੰਦਰ ਮੌਜੂਦ ਪ੍ਰਤਿਭਾ ਨੂੰ ਨਿਖਾਰਨ ਦੇ ਨਾਲ-ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ ਅਤੇ ਮੰਚ 'ਤੇ ਆਪਣੀ ਗੱਲ ਪ੍ਰਭਾਵਸ਼ਾਲੀ ਢੰਗ ਨਾਲ ਰੱਖਣ ਦੀ ਯੋਗਤਾ ਪੈਦਾ ਕਰਦੇ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅਕਤੂਬਰ ਮਹੀਨੇ ਵਿੱਚ ਹੋਣ ਵਾਲੇ ਰੋਪੜ-ਫ਼ਤਹਿਗੜ੍ਹ ਸਾਹਿਬ ਜ਼ੋਨਲ ਯੂਥ ਫੈਸਟੀਵਲ ਵਿੱਚ ਵੀ ਵੱਧ-ਚੜ੍ਹ ਕੇ ਭਾਗ ਲੈਣ ਅਤੇ ਕਾਲਜ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਪ੍ਰਤਿਭਾ ਨੂੰ ਸਹੀ ਮੰਚ ਅਤੇ ਮੌਕਾ ਮਿਲੇ ਤਾਂ ਉਹ ਆਪਣੀ ਕਾਬਲੀਅਤ ਨੂੰ ਨਵੀਆਂ ਉਚਾਈਆਂ ਤੱਕ ਲੈ ਜਾ ਸਕਦੇ ਹਨ। ਅੰਤ ਵਿੱਚ ਯੂਥ ਕੋਆਰਡੀਨੇਟਰ ਡਾ. ਵਿਭਾ ਸਹਿਜਪਾਲ ਨੇ ਸਮਾਗਮ ਨੂੰ ਸਫ਼ਲ ਬਣਾਉਣ ਲਈ ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ। ਮੰਚ ਸੰਚਾਲਨ ਦੀ ਭੂਮਿਕਾ ਡਾ. ਦਵਿੰਦਰ ਸਿੰਘ ਨੇ ਬਾਖੂਬੀ ਨਿਭਾਈ। ਇਸ ਮੌਕੇ ਕਾਲਜ ਦਾ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

ਸ਼ਾਮ 6 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਇਨਾਂ ਨਾਲ ਝੋਨੇ ਦੀ ਵਾਢੀ ’ਤੇ ਪਾਬੰਦੀ

ਬਰਨਾਲਾ, 26 ਸਤੰਬਰ(ਅਵਤਾਰ ਸਿੰਘ ਫਰਵਾਹੀ) ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਬਰਨਾਲਾ ਸ੍ਰੀ ਵਿਵੇਕ ਕੁਮਾਰ ਮੋਦੀ ਵੱਲੋਂ ਜਾਰੀ ਹੁਕਮਾਂ ਅਨੁਸਾਰ ਜ਼ਿਲ੍ਹਾ ਬਰਨਾਲਾ ਦੀ ਹਦੂਦ ਅੰਦਰ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਸ਼ਾਮ 6 ਵਜੇ ਤੋਂ ਲੈ ਕੇ ਸਵੇਰੇ 10 ਵਜੇ ਤੱਕ ਕੰਬਾਇਨਾਂ ਨਾਲ ਫ਼ਸਲ ਦੀ ਕਟਾਈ ਕਰਨ 'ਤੇ ਪਾਬੰਦੀ ਲਗਾਈ ਗਈ ਹੈ। ਇਸ ਤੋਂ ਇਲਾਵਾ ਝੋਨਾ ਵੱਢਣ ਵਾਲੀਆਂ ਕੰਬਾਇਨਾਂ ਦੇ ਮਾਲਕਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਹਾਰਵੈਸਟਰ ਕੰਬਾਇਨ ਦੀ ਵਰਤੋਂ ਕਰਨ ਤੋਂ ਪਹਿਲਾਂ ਇਸ ਦੀ ਖੇਤੀਬਾੜੀ ਵਿਭਾਗ ਰਾਹੀਂ ਇੰਸਪੈਕਸ਼ਨ ਕਰਵਾਉਣਗੇ ਅਤੇ ਕੋਈ ਵੀ ਕੰਬਾਇਨ ਸੁਪਰ ਐਸ.ਐਮ.ਐਸ. ਲਗਾਏ ਬਿਨਾਂ ਨਹੀਂ ਵਰਤੀ ਜਾਵੇਗੀ। ਉਪਰੋਕਤ ਹੁਕਮ 20 ਨਵੰਬਰ 2026 ਤੱਕ ਲਾਗੂ ਰਹਿਣਗੇ।

ਅਗਰਵਾਲ ਸਭਾ ਸਰਦੂਲਗੜ੍ਹ ਦੀ ਨਵੀਂ ਕਾਰਜਕਾਰਨੀ ਦੀ ਚੋਣ,ਸਤੀਸ਼ ਲਹਿਰੀ ਦੂਜੀ ਵਾਰ ਬਣੇ ਪ੍ਰਧਾਨ

ਸਰਦੂਲਗੜ੍ਹ, 26 ਸਤੰਬਰ (ਧਰਮ ਚੰਦ ਸਿੰਗਲਾ) ਸਥਾਨਕ ਅਨਾਜ ਮੰਡੀ ਸਥਿਤ ਸ੍ਰੀ ਹਨੂੰਮਾਨ ਮੰਦਰ ਵਿਖੇ ਅਗਰਵਾਲ ਸਭਾ ਸਰਦੂਲਗੜ੍ਹ ਦੀ ਮੀਟਿੰਗ ਹੋਈ ਇਸ ਦੌਰਾਨ ਸਭਾ ਦੀ ਨਵੀਂ ਕਾਰਜਕਾਰਨੀ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ। ਚੋਣ ਦੌਰਾਨ ਸਤੀਸ਼ ਲਹਿਰੀ ਨੂੰ ਦੂਜੀ ਵਾਰ ਪ੍ਰਧਾਨ, ਪੱਤਰਕਾਰ ਬੁੱਧ ਰਾਮ ਬਾਂਸਲ ਅਤੇ ਵਿਪਨ ਗੋਇਲ ਨੂੰ ਮੀਤ ਪ੍ਰਧਾਨ, ਸੰਜੀਵ ਗਰਗ ਨੂੰ ਸਕੱਤਰ ਅਤੇ ਪ੍ਰਮੋਦ ਗਰਗ ਨੂੰ ਕੈਸ਼ੀਅਰ ਚੁਣਿਆ ਗਿਆ।ਇਸ ਮੌਕੇ ਨਵ-ਨਿਯੁਕਤ ਅਹੁਦੇਦਾਰਾਂ ਦਾ ਸਨਮਾਨ ਹੈਰੂ, ਮਾਹਾਰਾਜਾ ਅਗਰਸੈਨ ਜੀ ਦੀ ਜੈਕਾਰੇ ਲਾਉਦੇ ਹੋਏ ਸਨਮਾਨ ਕੀਤਾ ਗਿਆ । ਸਭਾ ਦੇ ਮੈਂਬਰਾਂ ਨੇ ਨਵੀਂ ਟੀਮ ਨੂੰ ਵਧਾਈ ਦਿੰਦਿਆਂ ਆਸ ਪ੍ਰਗਟਾਈ ਕਿ ਸਭਾ ਦੀਆਂ ਗਤੀਵਿਧੀਆਂ ਨੂੰ ਹੋਰ ਸੁਚਾਰੂ ਢੰਗ ਨਾਲ ਚਲਾਉਣ ਦੇ ਨਾਲ-ਨਾਲ ਸਮਾਜ ਸੇਵਾ ਦੇ ਕਾਰਜਾਂ ਨੂੰ ਵੀ ਹੋਰ ਅੱਗੇ ਵਧਾਇਆ ਜਾਵੇਗਾ। ਨਵੀਂ ਟੀਮ ਨੇ ਵੀ ਸਭਾ ਦੇ ਹਿੱਤਾਂ ਅਤੇ ਸਮਾਜ ਸੇਵਾ ਲਈ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ।ਇਸ ਮੌਕੇ ਨਗਰ ਪੰਚਾਇਤ ਪ੍ਰਧਾਨ ਪ੍ਰਤੀਨਿਧ ਪ੍ਰੇਮ ਗਰਗ,ਅਗਰਵਾਲ ਸਭਾ ਸਾਬਕਾ ਪ੍ਰਧਾਨ ਭਗਵੰਤ ਰਾਏ, ਸ੍ਰੀ ਅਯੋਧਿਆ ਰਾਮ ਮੰਦਿਰ ਕਮੇਟੀ ਸਰਦੂਲਗੜ੍ਹ ਪ੍ਰਧਾਨ ਸੰਜੀਵ ਸਿੰਗਲਾ, ਆੜਤੀਆ ਐਸੋਸੀਏਸ਼ਨ ਪ੍ਰਧਾਨ ਦਰਸ਼ਨ ਮਿੱਤਲ,ਸ਼ਾਹਿਲ ਚੋਧਰੀ, ਪੁਨੀਤ ਗਰਗਮੁਕੇਸ਼ ਮੰਗਲਾ, ਸਾਬਕਾ ਐੱਮ.ਸੀ. ਅਜੇ ਕੁਮਾਰ ਨੀਟਾ,ਗੌਰਵ ਤਾਇਲ,ਰਾਮਪਾਲ ਬਾਂਸਲ,ਰਾਜੀਵ ਗਾਂਧੀ, ਸ਼ੀਲਾ ਸੇਠ, ਹੈਪੀ ਪੱਤਰਕਾਰ, ਸੰਜੀਵ ਝੰਡੂਕੇ ਅਤੇ ਭੋਲਾ ਜੈਤੋਵਾਲਾ ਤੋਂ ਇਲਾਵਾ ਅਗਰੁਵਾਲ ਸਮਾਜ ਦੇ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ।

ਪਿੰਡ ਸਲੀਣਾ ਨੂੰ 91 ਲੱਖ ਰੁਪਏ ਦੇ ਵਿਕਾਸ ਕਾਰਜਾਂ ਦੀ ਸੌਗਾਤ : ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ

ਮੋਗਾ, 26 ਸਤੰਬਰ (ਜਗਰਾਜ ਸਿੰਘ ਸੰਘਾ) : ਮੋਗਾ ਹਲਕੇ ਦੇ ਪਿੰਡ ਸਲੀਣਾ ਵਿੱਚ ਵਿਕਾਸ ਕਾਰਜਾਂ ਨੂੰ ਗਤੀ ਦਿੰਦਿਆਂ ਕੁੱਲ 91 ਲੱਖ ਰੁਪਏ ਦੀ ਲਾਗਤ ਵਾਲੇ ਵੱਖ-ਵੱਖ ਵਿਕਾਸ ਪ੍ਰਾਜੈਕਟਾਂ ਦੀ ਸੌਗਾਤ ਦਿੱਤੀ ਗਈ। ਇਸ ਮੌਕੇ 65 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਮੋਗਾ ਹਲਕੇ ਦੀ ਪਹਿਲੀ ਸਰਕਾਰੀ ਸ਼ੂਟਿੰਗ ਰੇਂਜ ਦਾ ਨੀਂਹ ਪੱਥਰ ਰੱਖਿਆ ਗਿਆ, ਜਦਕਿ 26 ਲੱਖ ਰੁਪਏ ਦੀ ਲਾਗਤ ਨਾਲ ਪਿੰਡ ਦੀਆਂ ਸੱਤ ਇੰਟਰਲਾਕ ਗਲੀਆਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਮੋਗਾ ਹਲਕੇ ਦੀ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਦੇ ਨਾਲ-ਨਾਲ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਲੀਣਾ ਵਿੱਚ ਬਣਨ ਵਾਲੀ ਸਰਕਾਰੀ ਸ਼ੂਟਿੰਗ ਰੇਂਜ ਮੋਗਾ ਹਲਕੇ ਦੇ ਨੌਜਵਾਨਾਂ ਲਈ ਅਹਿਮ ਸਹੂਲਤ ਸਾਬਤ ਹੋਵੇਗੀ। ਇਸ ਨਾਲ ਸਥਾਨਕ ਖਿਡਾਰੀਆਂ ਨੂੰ ਸ਼ੂਟਿੰਗ ਦੀ ਸਿਖਲਾਈ ਅਤੇ ਅਭਿਆਸ ਲਈ ਬਿਹਤਰ ਮੰਚ ਮਿਲੇਗਾ ਅਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਵਿੱਚ ਮਦਦ ਮਿਲੇਗੀ। ਵਿਧਾਇਕ ਡਾ. ਅਰੋੜਾ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਉਸਾਰੂ ਦਿਸ਼ਾ ਦੇਣ ਦਾ ਇੱਕ ਮਜ਼ਬੂਤ ਸਾਧਨ ਹਨ। ਸਰਕਾਰ ਦਾ ਯਤਨ ਹੈ ਕਿ ਪਿੰਡ ਪੱਧਰ 'ਤੇ ਹੀ ਖਿਡਾਰੀਆਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ, ਤਾਂ ਜੋ ਹੋਣਹਾਰ ਨੌਜਵਾਨ ਆਪਣੀ ਮਿਹਨਤ ਅਤੇ ਕਾਬਲੀਅਤ ਦੇ ਦਮ 'ਤੇ ਜ਼ਿਲ੍ਹਾ, ਸੂਬਾ, ਕੌਮੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਇਲਾਕੇ ਦਾ ਨਾਮ ਰੌਸ਼ਨ ਕਰ ਸਕਣ। ਉਨ੍ਹਾਂ ਕਿਹਾ ਕਿ ਸਰਕਾਰੀ ਸ਼ੂਟਿੰਗ ਰੇਂਜ ਬਣਨ ਨਾਲ ਆਸ-ਪਾਸ ਦੇ ਪਿੰਡਾਂ ਦੇ ਨੌਜਵਾਨਾਂ ਨੂੰ ਵੀ ਇਸ ਦਾ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਪਿੰਡਾਂ ਦਾ ਵਿਕਾਸ ਉਨ੍ਹਾਂ ਦੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ। ਸਲੀਣਾ ਵਿੱਚ 26 ਲੱਖ ਰੁਪਏ ਦੀ ਲਾਗਤ ਨਾਲ ਸੱਤ ਇੰਟਰਲਾਕ ਗਲੀਆਂ ਦੇ ਵਿਕਾਸ ਕਾਰਜ ਮੁਕੰਮਲ ਹੋਣ ਨਾਲ ਪਿੰਡ ਵਾਸੀਆਂ ਨੂੰ ਆਵਾਜਾਈ ਵਿੱਚ ਸਹੂਲਤ ਮਿਲੇਗੀ ਅਤੇ ਬਰਸਾਤ ਦੇ ਦਿਨਾਂ ਦੌਰਾਨ ਵੀ ਲੋਕਾਂ ਨੂੰ ਘੱਟ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਦੀ ਗੁਣਵੱਤਾ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ ਅਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਹਰ ਸੰਭਵ ਯਤਨ ਜਾਰੀ ਰਹਿਣਗੇ। ਡਾ. ਅਰੋੜਾ ਨੇ ਕਿਹਾ ਕਿ ਮੋਗਾ ਹਲਕੇ ਵਿੱਚ ਵਿਕਾਸ ਦੀ ਰਫ਼ਤਾਰ ਲਗਾਤਾਰ ਜਾਰੀ ਹੈ। ਸੜਕਾਂ, ਗਲੀਆਂ, ਖੇਡ ਸਹੂਲਤਾਂ ਅਤੇ ਹੋਰ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੱਖ-ਵੱਖ ਪੱਧਰਾਂ 'ਤੇ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਸਿਰਫ਼ ਵਿਕਾਸ ਕਾਰਜਾਂ ਦਾ ਐਲਾਨ ਕਰਨਾ ਨਹੀਂ, ਸਗੋਂ ਉਨ੍ਹਾਂ ਨੂੰ ਜ਼ਮੀਨੀ ਪੱਧਰ 'ਤੇ ਮੁਕੰਮਲ ਕਰਕੇ ਆਮ ਲੋਕਾਂ ਤੱਕ ਸਹੂਲਤਾਂ ਪਹੁੰਚਾਉਣਾ ਹੈ। ਇਸ ਮੌਕੇ ਪਿੰਡ ਦੇ ਸਰਪੰਚ ਅਜੈ ਸਿੰਘ, ਸਮੁੱਚੀ ਗ੍ਰਾਮ ਪੰਚਾਇਤ, ਪ੍ਰਿੰਸੀਪਲ ਗੁਰਪ੍ਰੀਤ ਕੌਰ, ਪਾਰਟੀ ਆਗੂਆਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ। ਪਿੰਡ ਵਾਸੀਆਂ ਨੇ ਵਿਕਾਸ ਕਾਰਜਾਂ ਲਈ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦਾ ਧੰਨਵਾਦ ਕੀਤਾ।

ਬਾਬਾ ਪੂਰਨ ਦਾਸ ਜੀ ਦੇ ਬਰਸੀ ਸਮਾਗਮ ਦੀਆਂ ਤਿਆਰੀਆਂ ਜਾਰੀ

ਮੋਗਾ, 26ਸਤੰਬਰ(ਜਗਰਾਜ ਸਿੰਘ ਸੰਘਾ) ਗੁਰਦੁਆਰਾ ਸਾਹਿਬ ਬਾਬਾ ਪੂਰਨ ਦਾਸ ਜੀ ਪ੍ਰਬੰਧਕ ਕਮੇਟੀ ਰਾਮੂੰਵਾਲਾ ਨਵਾਂ ਵਲੋਂ ਗਰਾਮ ਪੰਚਾਇਤ, ਨਗਰ ਤੇ ਇਲਾਕਾ ਵਾਸੀਆਂ ਅਤੇ ਐਨ. ਆਰ.ਆਈ ਵੀਰਾਂ ਦੇ ਭਰਵੇਂ ਸਹਿਯੋਗ ਨਾਲ ਬਾਬਾ ਪੂਰਨ ਦਾਸ ਜੀ ਦੀ ਸਾਲਾਨਾ ਬਰਸੀ ਬੜੀ ਸ਼ਰਧਾ ਭਾਵਨਾ ਨਾਲ ਮਨਾਉਣ ਲਈ ਤਿਆਰੀਆਂ ਜ਼ੋਰਾਂ ਸ਼ੋਰਾਂ ਨਾਲ ਜਾਰੀ ਹਨ । ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪਰਮਿੰਦਰ ਸਿੰਘ ਪਿੰਦਾ ਸੰਧੂ ਨੇ ਦੱਸਿਆ ਕਿ ਨਗਰ ਵਾਸੀ ਕਾਫ਼ੀ ਦਿਨਾਂ ਤੋਂ ਹਰ ਰੋਜ਼ ਸੇਵਾ ਕਰ ਰਹੇ ਹਨ ਤੇ ਅੱਜ ਦਰਬਾਰ ਸਾਹਿਬ ਵਿਖੇ ਨਵਾਂ ਮੈਟ ਤੇ ਗਲੀਚਾ ਵਿਛਾਉਣ ਦੀ ਸੇਵਾ ਵੀ ਕੀਤੀ ਜਾ ਰਹੀ ਹੈ ਅਤੇ ਨਾਲ ਹੀ ਛੱਪੜ ਵਾਲੇ ਪਾਸੇ ਭਰਤ ਪਾਉਣ ਦਾ ਕੰਮ ਵੀ ਚੱਲ ਰਿਹਾ ਹੈ । ਸਰਪੰਚ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਬਰਸੀ ਸਮਾਗਮ ਸਬੰਧੀ ਤਿੰਨ ਅਕਤੂਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਤੇ ਪੰਜ ਅਕਤੂਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਤੇ ਤਿੰਨ ਦਿਨ ਹੀ ਗੁਰਮਤਿ ਸਮਾਗਮ ਵੀ ਹੋਣਗੇ । ਇਸ ਮੌਕੇ ਪਰਮਿੰਦਰ ਸਿੰਘ ਪਿੰਦਾ ਸੰਧੂ, ਸਰਪੰਚ ਗੁਰਵਿੰਦਰ ਸਿੰਘ, ਗੁਰਮੀਤ ਸਿੰਘ ਕਾਕਾ ਨੰਬਰਦਾਰ, ਸੁਖਮੰਦਰ ਸਿੰਘ ਪ੍ਰਧਾਨ, ਬੇਅੰਤ ਸਿੰਘ ਸਾਬਕਾ ਪੰਚ, ਗੁਰਦਿਆਲ ਸਿੰਘ ਫੌਜੀ, ਜੀਤ ਸਿੰਘ ਨੱਤ, ਲਖਵੀਰ ਸਿੰਘ, ਹਰਪ੍ਰੀਤ ਸਿੰਘ, ਕੁਲਵੰਤ ਸਿੰਘ, ਜਗਜੀਤ ਸਿੰਘ ਜੱਗੀ ਆਦਿ ਹਾਜ਼ਰ ਸਨ ।

ਮਿਸ਼ਨ ਆਰੰਭ: ਸ਼ਾਨਦਾਰ ਕਾਰਗੁਜ਼ਾਰੀ ਕਰਨ ਵਾਲੀਆਂ 22 ਆਂਗਣਵਾੜੀ ਵਰਕਰਾਂ ਦਾ ਵਿਸ਼ੇਸ਼ ਸਨਮਾਨ

ਏ.ਡੀ.ਸੀ.ਹਰਜਿੰਦਰ ਸਿੰਘ ਬੇਦੀ ਨੇ ਪ੍ਰਮਾਣ ਪੱਤਰ ਵੰਡ ਕੇ ਕੀਤੀ ਵਰਕਰਾਂ ਦੀ ਹੌਸਲਾ ਅਫ਼ਜ਼ਾਈ

ਬਰਨਾਲਾ, 26 ਸਤੰਬਰ (ਅਵਤਾਰ ਸਿੰਘ ਫਰਵਾਹੀ)
ਆਂਗਣਵਾੜੀ ਕੇਂਦਰਾਂ ਵਿੱਚ ਬੱਚਿਆਂ ਦੀ ਸ਼ੁਰੂਆਤੀ (ਪ੍ਰਾਰੰਭਿਕ) ਸਿੱਖਿਆ ਨੂੰ ਹੋਰ ਪ੍ਰਭਾਵਸ਼ਾਲੀ ਅਤੇ ਰੌਚਕ ਬਣਾਉਣ ਦੇ ਮਕਸਦ ਨਾਲ @ਮਿਸ਼ਨ ਆਰੰਭ@ ਤਹਿਤ ਬਿਹਤਰੀਨ ਸੇਵਾਵਾਂ ਨਿਭਾਉਣ ਵਾਲੀਆਂ 22 ਆਂਗਣਵਾੜੀ ਵਰਕਰਾਂ ਨੂੰ ਵਿਸ਼ੇਸ਼ ਤੌਰ @ਤੇ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਸਮਾਗਮ ਪਿੰਡ ਹਰੀਗੜ੍ਹ ਦੇ ਆਂਗਣਵਾੜੀ ਸੈਂਟਰ (ਸੈਦੋ ਪੱਤੀ ਪਾਰਕ) ਵਿਖੇ ਕਰਵਾਇਆ ਗਿਆ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਹਰਜਿੰਦਰ ਸਿੰਘ ਬੇਦੀ (ਆਈ.ਏ.ਐੱਸ.) ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਹੋਣਹਾਰ ਵਰਕਰਾਂ ਨੂੰ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਕੀਤਾ।ਇਹ ਸਨਮਾਨ ਉਨ੍ਹਾਂ ਆਂਗਣਵਾੜੀ ਵਰਕਰਾਂ ਨੂੰ ਦਿੱਤਾ ਗਿਆ ਹੈ, ਜਿਨ੍ਹਾਂ ਵੱਲੋਂ ਆਪਣੇ ਕੇਂਦਰਾਂ ਵਿੱਚ ਬੱਚਿਆਂ ਦੀ ਪ੍ਰਾਰੰਭਿਕ ਸਿੱਖਿਆ ਲਈ ਰਾਸ਼ਟਰੀ ਪਾਠਕ੍ਰਮ 'ਆਧਾਰਸ਼ਿਲਾ' ਅਧੀਨ ਖੇਡ-ਆਧਾਰਿਤ ਗਤੀਵਿਧੀਆਂ ਲਗਾਤਾਰ ਅਤੇ ਪ੍ਰਭਾਵਸ਼ਾਲੀ ਤਰੀਕੇ

ਨਾਲ ਕਰਵਾਈਆਂ ਗਈਆਂ। ਇਨ੍ਹਾਂ ਵਰਕਰਾਂ ਨੇ ਮਿਸ਼ਨ ਆਰੰਭ ਤਹਿਤ ਚਲਾਏ ਜਾ ਰਹੇ ਸਿਖਲਾਈ ਅਤੇ ਸਮਰੱਥਾ-ਵਿਕਾਸ ਪ੍ਰੋਗਰਾਮ ਵਿੱਚ ਲਗਾਤਾਰ ਹਿੱਸਾ ਲੈ ਕੇ ਸਰਵੋਤਮ ਪ੍ਰਦਰਸ਼ਨ ਕੀਤਾ ਹੈ।ਸਮਾਗਮ ਨੂੰ ਸੰਬੋਧਨ ਕਰਦਿਆਂ ਸ੍ਰੀ ਹਰਜਿੰਦਰ ਸਿੰਘ ਬੇਦੀ ਨੇ ਵਰਕਰਾਂ ਦੀ ਮਿਹਨਤ ਅਤੇ ਸਮਰਪਣ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਬੱਚਿਆਂ ਦੇ ਜੀਵਨ ਦੇ ਸ਼ੁਰੂਆਤੀ ਸਾ